ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 20*Issue 121 | Monday, June 21, 2021 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steeles Ave. W. Unit 11, Etobicoke, ON

# ਟੋਰਾਂਟੋ ਦੀ ਬਰਥਡੇਅ ਪਾਰਟੀ ਵਿੱਚ ਚੱਲੀ ਗੋਲੀ, 3 ਬੱਚਿਆਂ ਸਮੇਤ 5 ਜ਼ਖ਼ਮੀ



ਟੋਰਾਂਟੋ, 20 ਜੂਨ (ਪੋਸਟ ਬਿਊਰੋ) : ਸ਼ਨਿੱਚਰਵਾਰ ਸ਼ਾਮ ਨੂੰ ਰੈਕਸਡੇਲ ਵਿੱਚ ਇੱਕ ਬੱਚੇ ਦੀ ਬਰਥਡੇਅ ਪਾਰਟੀ ਵਿੱਚ ਚਲਾਈ ਗਈ ਗੋਲੀ ਕਾਰਨ ਤਿੰਨ ਬੱਚੇ ਤੇ ਇੱਕ ਪੁਰਸ਼ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਵਿੱਚ ਇੱਕ ਸਾਲ ਦਾ ਬੱਚਾ ਵੀ ਸ਼ਾਮਲ ਹੈ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ।

ਗੋਲੀਆਂ ਚੱਲਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਰਾਤੀਂ 8:00 ਵਜੇ ਤੋਂ ਪਹਿਲਾਂ ਐਲਬੀਅਨ ਰੋਡ ਦੇ ਪੂਰਬ ਸਥਿਤ ਟੈਨਡਰਿੱਜ ਕ੍ਰੀਸੈਂਟ ਤੇ ਬਿੰਗ ਐਵਨਿਊ ਇਲਾਕੇ ਵਿੱਚ ਐਮਰਜੰਸੀ ਅਮਲਾ ਪਹੁੰਚਿਆ। ਮੌਕੇ ਉੱਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੂੰ ਇੱਕ ਸਾਲਾ ਬੱਚਾ, ਪੰਜ ਸਾਲਾ ਲੜਕੀ, 11 ਸਾਲਾ ਲੜਕਾ ਤੇ ਇੱਕ 23 ਸਾਲਾ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲੇ। ਟੋਰਾਂਟੋ ਪੁਲਿਸ ਸੁਪਰਡੈਂਟ ਰੌਨ ਟੈਵਰਨਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਰੇ ਜ਼ਖ਼ਮੀਆਂ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ। ਟੋਰਾਂਟੋ ਪੈਰਾਮੈਡਿਕਸ ਨੇ ਦੱਸਿਆ ਕਿ ਉਹ ਪੰਜ ਵਿਅਕਤੀਆਂ ਨੂੰ ਹਸਪਤਾਲ ਲੈ ਕੇ ਗਏ। ਇੱਕ ਬੱਚੇ ਦੀ ਹਾਲਤ ਕਾਫੀ ਨਾਜ਼ੁਕ ਸੀ, ਇੱਕ ਦੀ ਹਾਲਤ ਗੰਭੀਰ ਸੀ ਤੇ ਤੀਜਾ ਮਾਮੂਲੀ ਜ਼ਖ਼ਮੀ ਸੀ। ਉਹ ਦੋ ਵਿਅਕਤੀਆਂ ਨੂੰ ਵੀ ਹਸਪਤਾਲ ਲੈ ਕੇ ਗਏ, ਜਿਨ੍ਹਾਂ ਵਿੱਚੋਂ ਇੱਕ ਗੰਭੀਰ ਜ਼ਖ਼ਮੀ ਸੀ ਤੇ ਦੂਜਾ ਮਾਮੂਲੀ ਜ਼ਖ਼ਮੀ ਸੀ।ਅਜੇ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਪੰਜਵਾਂ ਵਿਅਕਤੀ ਗੋਲੀ ਲੱਗਣ ਕਾਰਨ ਜ਼ਖ਼ਮੀ ਹੋਇਆ ਸੀ ਜਾਂ ਕਿਸੇ ਹੋਰ ਕਾਰਨ। ਪੁਲਿਸ ਨੇ ਆਖਿਆ ਕਿ ਘਟਨਾ ਵਾਪਰਨ ਸਮੇਂ ਕਿੰਨੇ ਲੋਕ ਪਾਰਟੀ ਵਿੱਚ ਮੌਜੂਦ ਸਨ ਅਜੇ ਉਹ ਇਸ ਗੱਲ ਦੀ ਪੁਸ਼ਟੀ ਨਹੀਂ ਕਰ ਸਕਦੇ। ਉਨ੍ਹਾਂ ਆਖਿਆ ਕਿ ਅਜੇ ਜਾਂਚ ਚੱਲ ਰਹੀ ਹੈ। ਟੈਵਰਨਰ ਨੇ ਆਖਿਆ ਕਿ ਮਸ਼ਕੂਕਾਂ ਨੂੰ ਇੱਕ ਗੱਡੀ ਵਿੱਚ ਬੈਠ ਕੇ ਫਰਾਰ ਹੁੰਦਿਆਂ ਵੇਖਿਆ ਗਿਆ। ਚਸ਼ਮਦੀਦਾਂ ਵੱਲੋਂ ਇੱਕ ਗੱਡੀ ਨੂੰ ਤੇਜ਼ੀ ਨਾਲ ਉੱਥੋਂ ਜਾਂਦਿਆਂ ਵੇਖਿਆ ਗਿਆ। ਬਾਅਦ ਵਿੱਚ ਡਿਊਟੀ ਇੰਸਪੈਕਟਰ ਕੈਲੀ ਸਕਿਨਰ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਮਸ਼ਕੂਕ ਇੱਕ ਨਾਲੋਂ ਜ਼ਿਆਦਾ ਸਨ।

# ਹਾਦਸੇ ਵਿਚ ਮਾਰੇ ਗਏ ਯੂਥ ਹੋਮ ਦੇ 8 ਬੱਚਿਆਂ ਸਮੇਤ ਤੂਫਾਨ ਕਲੌਡੈਟ ਨੇ ਲਈਆਂ 13 ਜਾਨਾਂ



ਐਟਲਾਂਟਾ, 20 ਜੂਨ (ਪੋਸਟ ਬਿਊਰੋ) : ਅਲਾ-ਬਾਮਾ ਵਿੱਚ ਗਿੱਲੀਆਂ ਤੇ ਤਿਲ੍ਹਕਵੀਆਂ ਸੜਕਾਂ ਕਾਰਨ ਕਈ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ 13 ਵਿਅਕਤੀਆਂ ਦੀ ਮੌਤ ਹੋ ਗਈ ਜਦਕਿ ਕਈ ਹੋਰ ਜ਼ਖ਼ਮੀ ਹੋ ਗਏ। ਇਸ ਤੋਂ ਇਲਾਵਾ ਅਲਾਬਾਮਾ ਵਿੱਚ ਆਏ ਜ਼ਬਰਦਸਤ ਤੂਫਾਨ ਕਲੌਡੈਟ ਕਾਰਨ ਅਚਾਨਕ ਆਏ ਹੜ੍ਹਾਂ ਤੇ ਵਾਵਰੋਲਿਆਂ ਨੇ ਕਈ ਘਰਾਂ ਨੂੰ ਤਹਿਸ ਨਹਿਸ ਕਰ ਦਿੱਤਾ।

ਸ਼ੋਸ਼ਣ ਦਾ ਸ਼ਿਕਾਰ ਬੱਚਿਆਂ ਲਈ ਚਲਾਏ ਜਾਣ ਵਾਲੇ ਯੂਥ ਹੋਮ ਦੀ ਵੈਨ ਵਿੱਚ ਸਵਾਰ ਅੱਠ ਬੱਚਿਆਂ ਤੋਂ ਇਲਾਵਾ ਦੂਜੀ ਗੱਡੀ ਵਿੱਚ ਸਵਾਰ ਇੱਕ ਪੁਰਸ਼ ਤੇ ਉਸ ਦੇ ਨਿੱਕੇ ਬੱਚੇ ਸਮੇਤ 13 ਵਿਅਕਤੀਆਂ ਦੀ ਇਸ ਹਾਦਸੇ ਵਿੱਚ ਮੌਤ ਹੋ ਗਈ। ਹਾਦਸਾ ਸ਼ਨਿੱਚਰਵਾਰ ਨੂੰ ਮੌਂਟਗੁਮਰੀ ਤੋਂ 35 ਮੀਲ ਦੱਖਣ ਵੱਲ ਵਾਪਰਿਆ। ਇਹ ਜਾਣਕਾਰੀ ਬਟਲਰ ਕਾਊਂਟੀ ਦੇ ਕੌਰੋਨਰ ਵੇਅਨ ਗਾਰਲੌਕ ਨੇ ਦਿੱਤੀ।

ਵੈਨ ਵਿੱਚ 4 ਤੋਂ 17 ਸਾਲ ਦੀ ਉਮਰ ਦੇ ਬੱਚੇ ਸਵਾਰ ਸਨ। ਇਹ ਬੱਚੇ ਟੈਲਾਪੂਸਾ ਕਾਊਂਟੀ ਗਰਲਜ਼ ਰੈਂਚ ਨਾਲ ਸਬੰਧਤ ਸਨ। ਇਹ ਯੂਥ ਹੋਮ ਅਲਾਬਾਮਾ ਸ਼ੈਰਿਫਜ਼ ਐਸੋਸਿਏਸ਼ਨ ਵੱਲੋਂ ਚਲਾਇਆ ਜਾਂਦਾ ਹੈ। ਯੂਥ ਰੈਂਚਿਜ਼ ਦੇ ਸੀਈਓ ਮਾਈਕਲ ਸਮਿੱਥ ਨੇ ਆਖਿਆ ਕਿ ਇਹ ਬੱਚੇ ਗਲਫ ਸ਼ੋਰਜ਼ ਵਿੱਚ ਇੱਕ ਹਫਤਾ ਬੀਚ ਉੱਤੇ ਰਹਿਣ ਤੋਂ ਬਾਅਦ ਮੌਂਟਗੁਮਰੀ ਤੋਂ ਉੱਤਰ ਪੂਰਬ ਵੱਲ ਸਥਿਤ ਕੈਂਪ ਹਿੱਲ ਪਰਤ ਰਹੇ ਸਨ। ਹਾਦਸੇ ਤੋਂ ਬਾਅਦ ਵੈਨ ਵਿੱਚ ਅੱਗ ਲੱਗ ਗਈ ਤੇ ਰੈਂਚ ਦੀ ਡਾਇਰੈਕਟਰ ਕੈਂਡਿਸ ਗੁਲੇ, ਜੋ ਕਿ ਇਸ ਘਟਨਾ ਵਿੱਚ ਬਚਣ ਵਾਲੀ ਇੱਕ ਮਾਤਰ ਸ਼ਖ਼ਸ ਸੀ, ਨੂੰ ਕਿਸੇ ਰਾਹਗੀਰ ਵੱਲੋਂ ਅੱਗ ਦੀਆਂ ਲਪਟਾਂ ਵਿੱਚੋਂ ਘੜੀਸ ਕੇ ਬਾਹਰ ਕੱਢ ਲਿਆ ਗਿਆ।

ਸਮਿੱਥ ਨੇ ਦੱਸਿਆ ਕਿ ਗੁਲੇ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਜਿੱਥੇ ਉਸ ਦੀ ਹਾਲਤ ਨਾਜ਼ੁਕ ਪਰ ਸਥਿਰ ਦੱਸੀ ਜਾਂਦੀ ਹੈ। ਇਸ ਘਟਨਾ ਵਿੱਚ ਮਾਰੇ ਗਏ ਦੋ ਬੱਚੇ, 4 ਸਾਲਾ ਤੇ 16 ਸਾਲਾ, ਗੁਲੇ ਦੇ ਹੀ ਸਨ। ਚਾਰ ਹੋਰ ਰੈਂਚ ਵਿੱਚ ਰਹਿਣ ਵਾਲੇ ਬੱਚੇ ਸਨ ਤੇ ਦੋ ਹੋਰ ਮਹਿਮਾਨ ਸਨ। ਵੱਖਰੀ ਗੱਡੀ ਵਿੱਚ ਸਵਾਰ ਮੈਰੀਅਨ ਕਾਊਂਟੀ, ਟੈਨੇਸੀ ਦੇ 29 ਸਾਲਾ ਕੋਡੀ ਫੌਕਸ ਤੇ ਉਨ੍ਹਾਂ ਦੀ 9 ਮਹੀਨਿਆਂ ਦੀ ਬੱਚੀ ਐਰੀਆਨਾ ਵੀ ਇਸ ਹਾਦਸੇ ਵਿੱਚ ਮਾਰੇ ਗਏ। ਨੈਸ਼ਨਲ ਟਰਾਂਸਪੋਰਟੇਸ਼ਨ ਸੇਫਟੀ ਬੋਰਡ ਵੱਲੋਂ ਹਾਦਸੇ ਦੀ ਜਾਂਚ ਕੀਤੀ ਜਾਵੇਗੀ। ਇੱਥੋਂ ਹਾਸਲ ਤਸਵੀਰਾਂ ਵਿੱਚ ਚਾਰ ਗੱਡੀਆਂ ਸੜੀਆਂ ਨਜ਼ਰ ਆ ਰਹੀਆਂ ਹਨ, ਜਿਨ੍ਹਾਂ ਵਿੱਚ ਦੋ ਵੱਡੇ ਟਰੱਕ ਵੀ ਸ਼ਾਮਲ ਹਨ।

ਇਸ ਦੌਰਾਨ ਟਸਕਾਲੂਸਾ ਵਾਇਲੈਂਟ ਕ੍ਰਾਈਮਜ਼ ਯੂਨਿਟ ਦੇ ਕੈਪਟਨ ਜੈਕ ਕੈਨੇਡੀ ਨੇ ਦੱਸਿਆ ਕਿ ਟਸਕਾਲੂਸਾ ਸਿਟੀ ਤੋਂ ਬਾਹਰਵਾਰ ਸਥਿਤ ਇੱਕ ਘਰ ਉੱਤੇ ਰੁੱਖ ਡਿੱਗ ਜਾਣ ਕਾਰਨ 24 ਸਾਲਾ ਵਿਅਕਤੀ ਤੇ 3 ਸਾਲਾ ਲੜਕੇ ਦੀ ਮੌਤ ਹੋ ਗਈ। ਡੀਕਾਬ ਕਾਊਂਟੀ ਦੇ ਡਿਪਟੀ ਕੌਰੋਨਰ ਕ੍ਰਿਸ ਥੈਕਰ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਫੋਰਟ ਪੇਨ ਦੀ 23 ਸਾਲਾ ਮਹਿਲਾ ਮਾਕਾਇਲਾ ਰੌਸ ਉਸ ਸਮੇਂ ਆਪਣੀ ਜਾਨ ਤੋਂ ਹੱਥ ਧੋ ਬੈਠੀ ਜਦੋਂ ਬੇਕਾਬੂ ਹੋ ਕੇ ਉਸ ਦੀ ਕਾਰ ਸੜਕ ਤੋਂ ਉਤਰ ਕੇ ਇੱਕ ਪਾਣੀ ਨਾਲ ਭਰੇ ਖੱਡ ਵਿੱਚ ਜਾ ਡਿੱਗੀ।

# ਰਿਚਮੰਡ ਹਿੱਲ ਦੇ ਘਰ ਵਿੱਚੋਂ ਮਿਲੀਆਂ 2 ਲਾਸ਼ਾਂ




ਓਨਟਾਰੀਓ, 20 ਜੂਨ (ਪੋਸਟ ਬਿਊਰੋ): ਐਤਵਾਰ ਦੁਪਹਿਰ ਨੂੰ ਰਿਚਮੰਡ ਹਿੱਲ ਦੇ ਇੱਕ ਘਰ ਵਿੱਚ ਦੋ ਵਿਅਕਤੀ ਮ੍ਰਿਤਕ ਪਾਏ ਗਏ। ਯੌਰਕ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੇ ਆਖਿਆ ਕਿ ਉਨ੍ਹਾਂ ਨੂੰ ਸ਼ਾਮੀਂ 5:45 ਵਜੇ ਦੇ ਨੇੜੇ ਤੇੜੇ ਬੇਅਵਿਊ ਐਵਨਿਊ ਤੇ 16ਥ ਐਵਨਿਊ ਨੇੜੇ ਇਮੈਨੂਅਲ ਡਰਾਈਵ ਸਥਿਤ ਇੱਕ ਘਰ ਵਿੱਚ ਸੱਦਿਆ ਗਿਆ। ਜਾਂਚਕਾਰਾਂ ਨੇ ਆਖਿਆ ਕਿ ਉੱਥੇ ਉਨ੍ਹਾਂ ਨੂੰ ਘਰ ਦੇ ਅੰਦਰ ਇੱਕ ਪੁਰਸ਼ ਤੇ ਮਹਿਲਾ ਦੀਆਂ ਲਾਸ਼ਾਂ ਮਿਲੀਆਂ। ਪੁਲਿਸ ਮਸ਼ਕੂਕਾਂ ਦੀ ਭਾਲ ਨਹੀਂ ਕਰ ਰਹੀ ਹੈ ਤੇ ਨਾ ਹੀ ਜਨਤਾ ਨੂੰ ਕਿਸੇ ਤਰ੍ਹਾਂ ਦਾ ਕੋਈ ਖਤਰਾ ਦੱਸਿਆ ਜਾ ਰਿਹਾ ਹੈ। ਮਾਮਲੇ ਦੀ ਜਾਂਚ ਕਰਨ ਲਈ ਯੌਰਕ ਪੁਲਿਸ ਦੀ ਹੋਮੀਸਾਈਡ ਯੂਨਿਟ ਨੂੰ ਮੌਕੇ ਉੱਤੇ ਸੱਦਿਆ ਗਿਆ। ਹਾਲ ਦੀ ਘੜੀ ਪੁਲਿਸ ਵੱਲੋਂ ਇਸ ਸਬੰਧ ਵਿੱਚ ਕੋਈ ਹੋਰ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

# ਹਾਊਸ ਆਫ ਕਾਮਨਜ਼ ਵਿੱਚ ਵਿਰੋਧੀ ਧਿਰਾਂ ਨੇ ਕੀਤੀ ਰੱਖਿਆ ਮੰਤਰੀ ਦੀ ਨਿੰਦਾ, ਟਰੂਡੋ ਨੇ ਕੀਤਾ ਬਚਾਅ



ਓਟਵਾ, 20 ਜੂਨ (ਪੋਸਟ ਬਿਊਰੋ) : ਹਾਊਸ ਆਫ ਕਾਮਨਜ਼ ਵਿੱਚ ਰੱਖਿਆ ਮੰਤਰੀ ਹਰਜੀਤ ਸੱਜਣ ਦੀ ਹੋਈ ਨੁਕਤਾਚੀਨੀ ਦੇ ਬਾਵਜੂਦ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਉਨ੍ਹਾਂ ਦਾ ਬਚਾਅ ਕੀਤਾ ਗਿਆ।

ਟਰੂਡੋ ਨੇ ਆਖਿਆ ਕਿ ਸੱਜਣ ਨੇ ਵੱਖ ਵੱਖ ਭੂਮੀਕਾਵਾਂ, ਜਿਵੇਂ ਕਿ ਪੁਲਿਸ ਆਫੀਸਰ ਤੇ ਮੰਤਰੀ ਬਣਨ ਤੋਂ ਪਹਿਲਾਂ ਮਿਲਟਰੀ ਆਫੀਸਰ, ਨਿਭਾਉਂਦਿਆਂ ਆਪਣੀ ਜ਼ਿੰਦਗੀ ਕੈਨੇਡਾ ਦੀ ਸੇਵਾ ਕਰਦਿਆਂ ਗੁਜ਼ਾਰੀ ਹੈ।ਉਨ੍ਹਾਂ ਇਹ ਵੀ ਆਖਿਆ ਕਿ ਕੰਜ਼ਰਵੇਟਿਵਜ਼, ਜਿਨ੍ਹਾਂ ਨੇ ਸੱਜਣ ਦੀ ਨਿੰਦਾ ਕਰਨ ਲਈ ਸੰਕੇਤਾਤਮਕ ਮਤਾ ਲਿਆਂਦਾ, ਬਲਾਕ ਕਿਊਬਿਕੁਆ ਤੇ ਐਨਡੀਪੀ ਦਾ ਸਮਰਥਨ ਹਾਸਲ ਕਰਨ ਤੋਂ ਬਾਅਦ ਰੱਖਿਆ ਮੰਤਰੀ ਦੀ ਸਾਖ਼ ਨੂੰ ਵੱਟਾ ਲਾਉਣਾ ਚਾਹੁੰਦੇ ਹਨ।

ਕੰਜ਼ਰਵੇਟਿਵਾਂ ਨੇ ਸੱਜਣ ਉੱਤੇ ਵਰ੍ਹਦਿਆਂ ਆਖਿਆ ਕਿ ਉਹ ਫੌਜ ਦੀ ਸਹੀ ਅਗਵਾਈ ਕਰਨ ਵਿੱਚ ਅਸਫਲ ਰਹੇ ਹਨ। ਇਸ ਦੇ ਨਾਲ ਹੀ ਉਹ ਫੌਜ ਦੇ ਅਧਿਕਾਰੀਆਂ ਵੱਲੋਂ ਕੀਤੇ ਜਿਨਸੀ ਸ਼ੋਸ਼ਣ ਦੇ ਮਾਮਲਿਆਂ ਨਾਲ ਵੀ ਨਜਿੱਠ ਨਹੀਂ ਸਕੇ। ਇਸ ਤੋਂ ਇਲਾਵਾ ਵਾਈਸ ਐਡਮਿਰਲ ਮਾਰਕ ਨੌਰਮਨ ਦੀ ਸ਼ਮੂਲੀਅਤ ਵਾਲੇ ਕੋਰਟ ਕੇਸ ਨੂੰ ਸਹੀ ਢੰਗ ਨਾਲ ਹੈਂਡਲ ਨਾ ਕਰ ਸਕਣ ਲਈ ਵੀ ਵਿਰੋਧੀ ਧਿਰਾਂ ਨੇ ਸੱਜਣ ਨੂੰ ਲੰਮੇਂ ਹੱਥੀਂ ਲਿਆ ਤੇ ਉਨ੍ਹਾਂ ਉੱਤੇ ਮਿਲਟਰੀ ਸਰਵਿਸ ਦੇ ਸਬੰਧ ਵਿੱਚ ਕੈਨੇਡੀਅਨਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਵੀ ਲਾਇਆ।

2017 ਵਿੱਚ ਵੀ ਸੱਜਣ ਨੂੰ ਕੈਨੇਡੀਅਨ ਸੈਨਿਕਾਂ ਤੋਂ ਮੁਆਫੀ ਮੰਗਣ ਲਈ ਮਜਬੂਰ ਕੀਤਾ ਗਿਆ ਸੀ ਤੇ ਇਹ ਦਾਅਵਾ ਕੀਤਾ ਗਿਆ ਸੀ ਕਿ ਅਫਗਾਨਿਸਤਾਨ ਵਿੱਚ ਕੈਨੇਡਾ ਦੇ ਸੱਭ ਤੋਂ ਵੱਡੇ ਸੰਘਰਸ਼ ਪਿੱਛੇ ਵੀ ਸੱਜਣ ਦਾ ਹੀ ਹੱਥ ਹੈ।

Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Aaxel Insurance Brokers Ltd
1550 South Gateway Rd. Suite 220 Mississauga, ON L4W 5G6

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
Home | Auto
Business | Trucking
Life Insurance | Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre | Avon Financial Inc. Advice you can bank on. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6 Brampton, ON, L6P 3W4
Providing excellent quality legal services to our clients

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213


KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill Certified & Licenced Exterminator

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED
Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
10GB
$50/mo.
chatr
AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 10GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

# ਜੁਲਾਈ ਦੇ ਅੰਤ ਤੱਕ ਕੈਨੇਡਾ ਨੂੰ ਹਾਸਲ ਹੋ ਜਾਣਗੀਆਂ ਕੋਵਿਡ-19 ਦੀਆਂ 68 ਮਿਲੀਅਨ ਡੋਜ਼ਾਂ

ਓਟਵਾ, 20 ਜੂਨ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਜੁਲਾਈ ਦੇ ਅੰਤ ਤੱਕ ਕੈਨੇਡਾ ਨੂੰ ਕੋਵਿਡ-19 ਵੈਕਸੀਨਜ਼ ਦੀਆਂ ਹੁਣ ਤੱਕ ਕੁੱਲ ਮਿਲਾ ਕੇ 68 ਮਿਲੀਅਨ ਤੋਂ ਵੀ ਵੱਧ ਡੋਜ਼ਾਂ ਹਾਸਲ ਹੋ ਜਾਣਗੀਆਂ। ਇਸ ਨਾਲ ਉਨ੍ਹਾਂ ਕੈਨੇਡੀਅਨਜ਼ ਦੀ ਗਿਣਤੀ ਵੀ ਵੱਧ ਜਾਵੇਗੀ ਜਿਹੜੇ ਉਮੀਦ ਨਾਲੋਂ ਪਹਿਲਾਂ ਆਪਣੀ ਦੂਜੀ ਡੋਜ਼ ਲੈ ਸਕਣਗੇ।

ਟਰੂਡੋ ਨੇ ਆਖਿਆ ਕਿ ਪ੍ਰੋਕਿਓਰਮੈਂਟ ਮੰਤਰੀ ਅਨੀਤਾ ਆਨੰਦ ਸ਼ੁੱਕਰਵਾਰ ਦੁਪਹਿਰ ਨੂੰ ਇਨ੍ਹਾਂ ਡਲਿਵਰੀਜ਼ ਬਾਰੇ ਹੋਰ ਵੇਰਵੇ ਜਾਰੀ ਕਰਨਗੇ। ਫੈਡਰਲ ਸਰਕਾਰ ਨੇ ਆਖਿਆ ਕਿ ਪਹਿਲਾਂ ਉਨ੍ਹਾਂ ਨੂੰ ਜੁਲਾਈ ਦੇ ਅੰਤ ਤੱਕ ਡਲਿਵਰ ਹੋਈਆਂ ਵੈਕਸੀਨਜ਼ ਦੀਆਂ ਡੋਜ਼ਾਂ 55 ਮਿਲੀਅਨ ਤੱਕ ਅੱਪੜਨ ਦੀ ਉਮੀਦ ਸੀ ਪਰ ਹੁਣ ਇਹ ਗਿਣਤੀ ਉਨ੍ਹਾਂ ਦੇ ਕਿਆਸ ਨਾਲੋਂ ਵੱਧ ਜਾਵੇਗੀ। ਕੌਮਾਂਤਰੀ ਦੌਰੇ ਤੋਂ ਪਰਤਣ ਤੋਂ ਬਾਅਦ ਰੀਡੋ ਕਾਟੇਜ ਵਿੱਚ ਖੁਦ ਨੂੰ ਆਈਸੋਲੇਟ ਕਰ ਰਹੇ ਟਰੂਡੋ ਨੇ ਜਨਤਾ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਸਾਨੂੰ ਮੌਡਰਨਾ ਦੀਆਂ ਕਈ ਮਿਲੀਅਨ ਡੋਜ਼ਾਂ ਮਿਲ ਰਹੀਆਂ ਹਨ, ਸਾਨੂੰ ਜੁਲਾਈ ਵਿੱਚ ਹੋਰ ਡੋਜ਼ਾਂ ਮਿਲਣਗੀਆਂ। ਇਸ ਤੋਂ ਇਲਾਵਾ




ਅਮਰੀਕਾ ਵੱਲੋਂ ਸਾਨੂੰ ਹੋਰ ਡੋਜ਼ਾਂ ਦੇਣ ਦਾ ਵਾਅਦਾ ਕੀਤਾ ਗਿਆ ਹੈ।


ਉਨ੍ਹਾਂ ਆਖਿਆ ਕਿ ਸਾਲ ਦੀ ਪਹਿਲੀ ਛਿਮਾਹੀ ਵਿੱਚ ਡਲਿਵਰੀਜ਼ ਦਾ ਟੀਚਾ ਉਮੀਦ ਨਾਲੋਂ ਜ਼ਿਆਦਾ ਪਾਰ ਕਰ ਲਿਆ ਸੀ ਤੇ ਅਸੀਂ ਅਗਲੀ ਛਿਮਾਹੀ ਵਿੱਚ ਵੀ ਇਸੇ ਤਰ੍ਹਾਂ ਦੀ ਕਾਰਗੁਜ਼ਾਰੀ ਵਿਖਾਵਾਂਗੇ। ਇਸ ਤੋਂ ਭਾਵ ਇਹ ਹੈ ਕਿ ਜੂਨ ਦੇ ਅੰਤ ਤੱਕ ਅਸੀਂ 50 ਮਿਲੀਅਨ ਡੋਜ਼ਾਂ ਦਾ ਟੀਚਾ ਪਾਰ ਕਰ ਲਵਾਂਗੇ ਤੇ ਜੁਲਾਈ ਦੇ ਅੰਤ ਤੱਕ 68 ਮਿਲੀਅਨ ਡੋਜ਼ਾਂ ਦਾ ਟੀਚਾ ਪਾਰ ਹੋ ਜਾਵੇਗਾ। ਇੱਥੇ ਦੱਸਣਾ ਬਣਦਾ ਹੈ ਕਿ ਸ਼ੁੱਕਰਵਾਰ ਸਵੇਰ ਤੱਕ 31 ਮਿਲੀਅਨ ਕੋਵਿਡ-19 ਵੈਕਸੀਨਜ਼ ਹੁਣ ਤੱਕ ਕੈਨੇਡਾ ਵਿੱਚ ਲੱਗ ਚੁੱਕੀਆਂ ਹਨ। 74 ਫੀ ਸਦੀ ਯੋਗ ਕੈਨੇਡੀਅਨਜ਼ ਨੂੰ ਪਹਿਲੀ ਡੋਜ਼ ਲੱਗ ਚੁੱਕੀ ਹੈ ਤੇ 19 ਫੀ ਸਦੀ ਯੋਗ ਆਬਾਦੀ ਪੂਰੀ ਤਰ੍ਹਾਂ ਵੈਕਸੀਨੇਟ ਹੋ ਚੁੱਕੀਆਂ ਹਨ।


SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca





UK TRUCK TRAINING CENTRE
ukttc UK
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936


Great Invetsment Opportunity
In The Region of Timminis,ON
8 ACRE OF lAND CAN BE SEVERD IN TWO LOTS OF 4 ACRE
Apartment Building For Sale:
4 units 3 bedroom | 2 units 1 bedroom | 1 unit bachelor










For More Details Call: 416-970-5005/647-242-8667





Jas Toor
Sales Repersentative
Sutton
Sutton Group-Realty Experts
Brokerage*
Jagdish Grewal
Sales Repersentative
Century 21
President Realty Inc.
Brokerage*




## ਅੱਜ ਨਾਮਾ

ਏਧਰ ਲੜਦੇ ਪੰਜਾਬ ਵਿੱਚ ਕਾਂਗਰਸੀਏ,
ਭਾਜਪਾ ਆਗੂ ਪਏ ਕਰਨ ਵਿਅੰਗ ਬੇਲੀ।
ਓਧਰ ਯੂ ਪੀ ਦੇ ਵਿੱਚ ਹੈ ਭਾਜਪਾਈਆਂ,
ਚੁੱਕੀ ਯੋਗੀ ਨੂੰ ਬਦਲਣ ਦੀ ਮੰਗ ਬੇਲੀ।
ਸੁਣਿਆ ਕਿਸੇ ਦੀ ਨਹੀਂ ਪ੍ਰਵਾਹ ਕਰਦਾ,
ਸਾਧੂ ਭੇਸ, ਪਰ ਲੀਡਰ ਅੜਬੰਗ ਬੇਲੀ।
ਅਗਲੀ ਆ ਗਈ ਅਸੈਂਬਲੀ ਚੋਣ ਛੇਤੀ,
ਪਾਰਟੀ ਲੀਡਰ ਨੇ ਯੋਗੀ ਤੋਂ ਤੰਗ ਬੇਲੀ।
ਚੋਭਾਂ ਲਾਉਂਦਾ ਮੁਲਾਇਮ ਦਾ ਨਿੱਤ ਮੁੰਡਾ,
ਕਹਿੰਦਾ, ਚੋਣ ਵਿੱਚ ਕਰਾਂਗੇ ਚਿੱਤ ਬੇਲੀ।
ਦੋਵਾਂ ਰਾਜਾਂ ਦੇ ਵਿੱਚ ਵਿਧਾਇਕ ਦੁਖੀਏ,
ਰਹਿਣੇ ਪਾਰਟੀ ਦੇ ਨਹੀਂਉਂ ਮਿੱਤ ਬੇਲੀ।

**ਤੀਸ ਮਾਰ ਖਾਂ**

# ਦੋ ਵਿਧਾਇਕਾਂ ਦੇ ਪੁੱਤਰਾਂ ਨੂੰ ਨੌਕਰੀ ਦੇਣ ਕਾਰਨ ਪਰਗਟ ਸਿੰਘ ਫਿਰ ਭੜਕਿਆ

* ਬਹੁਜਨ ਸਮਾਜ ਪਾਰਟੀ ਵੱਲੋਂ ਵੀ ਵਿਧਾਇਕ-ਪੁੱਤਰਾਂ ਨੂੰ ਨੌਕਰੀਆਂ ਦਾ ਵਿਰੋਧ

ਜਲੰਧਰ, 20 ਜੂਨ, (ਪੋਸਟ ਬਿਊਰੋ)- ਸੀਨੀਅਰ ਕਾਂਗਰਸ ਆਗੂ ਤੇ ਜਲੰਧਰ ਕੈਂਟ ਹਲਕੇ ਤੋਂ ਵਿਧਾਇਕ ਪਰਗਟ ਸਿੰਘ ਨੇ ਅੱਜ ਇਕ ਵਾਰ ਫਿਰ ਆਪਣੀ ਹੀ ਪਾਰਟੀ ਦੀ ਸਰਕਾਰ ’ਤੇ ਸਵਾਲ ਚੁੱਕੇ ਹਨ।

ਪੰਜਾਬ ਸਰਕਾਰ ਵੱਲੋਂ ਦੋ ਵਿਧਾਇਕਾਂ ਦੇ ਪੁੱਤਰਾਂ ਨੂੰ ਦਿੱਤੀਆਂ ਨੌਕਰੀਆਂ ਬਾਰੇਪਰਗਟ ਸਿੰਘ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਦੇਸ਼ ਦੀ ਸੇਵਾ ਕਰਦਿਆਂ ਜਾਨ ਦਿੱਤੀ ਹੈ, ਉਨ੍ਹਾਂ ਨੂੰ ਨੌਕਰੀ ਦੇਣ ਦੀ ਥਾਂ ਅਸੀਂ ਏਦਾਂ ਦਾ ਪੈਰਾਮੀਟਰ ਚੁਣਿਆ ਹੈ, ਜਿਹੜਾ ਤਰਸ ਆਧਾਰਤ ਨਹੀਂ।ਉਨ੍ਹਾਂ ਨੇ ਕੈਪਟਨ ਸਰਕਾਰ ਨੂੰ ਕਿਹਾ ਕਿ ਕਿਸਾਨ ਸੰਘਰਸ਼ ਵਿੱਚ 450 ਤੋਂ ਵੱਧ ਕਿਸਾਨਾਂ ਦੀ ਮੌਤ ਹੋ ਗਈ, ਉਨ੍ਹਾਂ ਦੇ ਪਰਿਵਾਰਾਂ ਨੂੰ ਮਦਦਕਰਨੀ ਚਾਹੀਦੀ ਹੈਤੇ ਪੈਰਾਮੀਟਰ ਸਾਰਿਆਂ ਲਈ ਇੱਕੋ ਹੋਣਾ ਚਾਹੀਦਾ ਹੈ, ਭਾਵੇਂ ਵਿਧਾਇਕ ਦਾ ਮੁੰਡਾ ਹੋਵੇ ਜਾਂ ਆਮ ਇਨਸਾਨ ਦਾ। ਉਨ੍ਹਾਂ ਕੈਪਟਨ ਅਮਰਿੰਦਰ ਸਿੰਘ ਕਿਹਾ ਕਿ ਇਹ ਨੌਕਰੀਆਂ ਵਾਪਸ ਲੈਣੀਆਂ ਚਾਹੀਦੀਆਂ ਹਨ, ਕਿਉਂਕਿ ਇਹ ਤਰਸ ਆਧਾਰ ਉੱਤੇ ਨਹੀਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਏਦਾਂ ਨੌਕਰੀਆਂ ਦੇ ਕੇ ਅਸੀਂ ਲੋਕਾਂ ਨੂੰ ਕੀ ਦੱਸਣਾ ਚਾਹੁੰਦੇ ਹਾਂ। ਉਨ੍ਹਾਂ ਕਿਹਾ ਕਿ ਦੋ ਵਿਧਾਇਕਾਂ ਦੇ ਪੁੱਤਰਾਂ ਨੂੰ ਨੌਕਰੀ ਦੇਣ ਤੋਂ ਲੱਗਦਾ ਹੈ ਕਿ ਉਨ੍ਹਾਂ ਵਿਧਾਇਕਾਂ ਨੂੰ ਆਪਣੇ ਧੜ੍ਹੇ ਨਾਲ ਰੱਖਣਾ ਹੈ, ਹੋਰ ਕੋਈ ਕਾਰਨ ਦਿਖਾਈ ਨਹੀਂ ਦੇ ਰਿਹਾ। ਕੈਪਟਨ ਅਮਰਿੰਦਰ ਸਿੰਘ ਨਾਲ ਵਿਰੋਧ ਬਾਰੇ ਪਰਗਟ ਸਿੰਘ ਨੇ ਕਿਹਾ ਕਿ ਇਹ ਕੈਪਟਨ ਅਮਰਿੰਦਰ ਸਿੰਘ ਅਤੇ ਨਵਜੋਤ ਸਿੰਘ ਸਿੱਧੂ ਦੀ ਲੜਾਈ ਨਹੀਂ, ਮੁੱਦਿਆਂ ਬਾਰੇ ਲੜਾਈ ਹੈ। ਉਨ੍ਹਾਂ ਕਿਹਾ ਕਿ ‘ਨਾ ਮੈਂ ਕਦੇ ਕੋਈ ਧੜਾ ਬਣਾਇਆ ਹੈ ਅਤੇ ਨਾ ਨਵਜੋਤ ਸਿੰਘ ਸਿੱਧੂ ਨੇ। ਜੇ ਨਵਜੋਤ ਸਿੰਘ ਸਿੱਧੂ ਕੋਈ ਗੱਲ ਠੀਕ ਨਾ ਕਰੇ ਤਾਂ ਮੈਂ ਸਮਝਾਉਂਦਾ ਹਾਂ।’ ਉਨ੍ਹਾਂ ਕਿਹਾ ਕਿਲੋਕਾਂ ਵਿੱਚ ਕਾਂਗਰਸ ਦਾਅਕਸ ਖਰਾਬ ਹੋ ਰਿਹਾ ਹੈ। ਉਨ੍ਹਾਂ ਨੇ ਕੈਪਟਨ ਅਮਰਿੰਦਰ ਸਿੰਘ ਨੂੰ ਸਿੱਧਾ ਕਿਹਾ ਕਿ ਜਿੰਨੀਆਂ ਸਮੱਸਿਆਵਾਂ ਮੈਂ ਡੇਢ ਸਾਲ ਪਹਿਲਾਂ ਚੁੱਕੀਆਂ ਸਨ, ਉਨ੍ਹਾਂ ਉੱਤੇ ਕੰਮ ਕਰ ਲਈਏ। ਉਨ੍ਹਾਂ ਕਿਹਾ ਕਿ ‘ਮੈਂ 2019 ਦਸੰਬਰ ਵਿੱਚ ਪਹਿਲੀ ਵਾਰ ਕਈ ਮੁੱਦਿਆਂ ਬਾਰੇ ਕੈਪਟਨ ਅਮਰਿੰਦਰ ਸਿੰਘ ਨੂੰ ਚਿੱਠੀ ਲਿਖੀ ਸੀ। ਜਦੋਂ ਅੰਦਰ ਵੜ ਕੇ ਮੇਰੀ ਗੱਲ ਨਾ ਸੁਣੀ ਗਈ ਤਾਂ ਸੋਨੀਆ ਗਾਂਧੀ ਨੂੰ ਇਸ ਦੀ ਇਕ ਕਾਪੀ ਭੇਜੀ, ਫਿਰ ਵੀ ਪਰਨਾਲਾ ਉਥੇ ਦਾ ਉਥੇ ਰਿਹਾ ਤੇ ਮਸਲੇ ਹੱਲ ਨਹੀਂ ਹੋਏ।’ ਆਪਣੇ ਹਲਕੇ ਵਿਚ ਵਿਕਾਸ ਕਾਰਜਾਂ ਬਾਰੇ ਪਰਗਟ ਸਿੰਘ ਨੇ ਕਿਹਾ ਕਿ ਜਿੰਨਾ ਪੈਸਾ ਮੇਰੇ ਕੋਲ ਆਉਂਦਾ ਹੈ, ਮੈਂ ਉਸ ਹਿਸਾਬ ਨਾਲ ਆਪਣੇ ਹਲਕੇ ਦਾ ਵਿਕਾਸ ਕਰਵਾਇਆ ਹੈ।



ਪਰਗਟ ਸਿੰਘ ਤੋਂ ਇਲਾਵਾ ਮੋਗਾ ਦੇ ਵਿਧਾਇਕ ਡਾਕਟਰ ਹਰਜੋਤ ਕਮਲ ਤੇ ਜ਼ੀਰਾ ਦੇ ਵਿਧਾਇਕ ਕੁਲਬੀਰ ਸਿੰਘ ਨੇ ਵੀ ਇਸ ਤਰ੍ਹਾਂ ਵਿਧਾਇਕ-ਪੁੱਤਰਾਂ ਨੂੰ ਨੌਕਰੀਆਂ ਦੇਣ ਦਾ ਵਿਰੋਧ ਕੀਤਾ ਹੈ, ਪਰ ਨੌਂ ਮੰਤਰੀਆਂ ਨੇ ਅੱਜ ਇੱਕ ਬਿਆਨ ਜਾਰੀ ਕਰ ਕੇ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਦੇ ਇਸ ਫੈਸਲੇ ਦੀ ਹਮਾਇਤ ਕਰ ਦਿੱਤੀ ਹੈ।

ਇਸ ਦੌਰਾਨ ਬਹੁਜਨ ਸਮਾਜ ਪਾਰਟੀ ਦੇ ਪੰਜਾਬ ਦੇ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਨੇ ਇੱਕ ਬਿਆਨ ਜਾਰੀ ਕਰ ਕੇ ਕਿਹਾ ਹੈ ਕਿ ਕਾਂਗਰਸ ਸਰਕਾਰਵੱਲੋਂ ਵਿਧਾਇਕਾਂ ਦੇ ਪੁੱਤਰਾਂ ਨੂੰ ਨੌਕਰੀ ਦੇਣ ਨਾਲ ਜਿੱਥੇ ਕਾਂਗਰਸੀ ਭਾਈ ਭਤੀਜਾਵਾਦ ਨੰਗਾ ਹੋਇਆ ਹੈ, ਉਥੇ ਘਰ-ਘਰ ਨੌਕਰੀ ਦੇ ਖੋਖਲੇ ਕਾਂਗਰਸੀ ਵਾਅਦੇ ਹੇਠ ਲੱਖਾਂ ਬੇਰੁਜ਼ਗਾਰਾ ਨਾਲ ਧੋਖਾ ਵੀ ਜ਼ਾਹਰ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਲੁਧਿਆਣਾ ਉੱਤਰੀ ਹਲਕੇ ਦੇ ਛੇ ਵਾਰੀ ਦੇ ਵਿਧਾਇਕ ਰਾਕੇਸ ਪਾਂਡੇ ਦੇ ਪੁੱਤਰ ਭੀਸ਼ਮ ਪਾਂਡੇ ਨੂੰ ਨਾਇਬ-ਤਸੀਲਦਾਰ ਦੀ ਨੌਕਰੀ ਪਿੱਛੇ 34 ਸਾਲ ਪਹਿਲਾਂ 1987 ਵਿੱਚ ਉਸ ਦੇ ਦਾਦਾ ਜੋਗਿੰਦਰਪਾਲ ਪਾਂਡੇ ਦੀ ਗੋਲ਼ੀ ਲੱਗਣ ਨਾਲ ਹੋਈ ਮੌਤ ਦਾ ਕਾਰਨ ਦੱਸਿਆ ਗਿਆ ਤੇ ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਮੌਜੂਦਾ ਰਾਜ ਸਭਾ ਮੈਂਬਰ ਪ੍ਰਤਾਪ ਸਿੰਘ ਬਾਜਵਾ ਦੇ ਭਰਾ ਵਿਧਾਇਕ ਫਤਿਹਜੰਗ ਸਿੰਘ ਬਾਜਵਾ ਦੇ ਪੁੱਤਰ ਅਰਜਨ ਪ੍ਰਤਾਪ ਸਿੰਘ ਬਾਜਵਾ ਨੂੰ ਇੰਸਪੈਕਟਰ ਦੀ ਨੌਕਰੀ ਦੇਣਾ ਸਾਫ ਭਾਈ-ਭਤੀਜਾਵਾਦ ਹੈ।ਜਸਬੀਰ ਸਿੰਘ ਗੜ੍ਹੀ ਦੇ ਮੁਤਾਬਕ ਇਸ ਤੋਂ ਪਹਿਲਾ ਕਾਂਗਰਸ ਸਰਕਾਰ ਨੇ 2017 ਵਿਚ ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੇ ਪੋਤਰੇ ਅਤੇ ਮੌਜੂਦਾ ਪਾਰਲੀਮੈਂਟ ਮੈਂਬਰ ਰਵਨੀਤ ਸਿੰਘ ਬਿੱਟੂ ਦੇ ਸਕੇ ਭਰਾ ਗੁਰਇਕਬਾਲ ਸਿੰਘ ਨੂੰ ਡੀ ਐੱਸ ਪੀ ਦੀ ਨੌਕਰੀ ਦਿੱਤੀ ਸੀ।

ਵਰਨਣ ਯੋਗ ਹੈ ਕਿ ਬੀਤੇ ਦਿਨੀਂ ਹੋਈ ਕੈਬਨਿਟ ਮੀਟਿੰਗ ਵਿਚ ਪੰਜਾਬ ਸਰਕਾਰ ਨੇ ਵੰਨ ਟਾਈਮ ਰਿਲੈਕਸੈਸ਼ਨ ਦੇ ਨਾਲ ਦੋ ਵਿਧਾਇਕਾਂ ਦੇ ਪੁੱਤਰਾਂ ਨੂੰ ਸਰਕਾਰੀ ਨੌਕਰੀ ਵਿਚ ਐਡਜਸਟ ਕੀਤਾ ਹੈ। ਵਿਧਾਇਕ ਫਤਹਿਜੰਗ ਸਿੰਘ ਬਾਜਵਾ ਦੇ ਪੁੱਤਰ ਅਰਜਨ ਪ੍ਰਤਾਪ ਸਿੰਘ ਬਾਜਵਾ ਨੂੰ ਪੰਜਾਬ ਪੁਲਸ ਦਾ ਇੰਸਪੈਕਟਰ (ਗਰੁੱਪ ਬੀ) ਬਣਾਇਆ ਅਤੇਵਿਧਾਇਕ ਰਾਕੇਸ਼ ਪਾਂਡੇ ਦੇ ਪੁੱਤਰ ਭੀਸ਼ਮ ਪਾਂਡੇ ਨੂੰ ਨਾਇਬ ਤਹਿਸੀਲਦਾਰ ਨਿਯੁਕਤ ਕੀਤਾ ਹੈ।

# ਕੋਟਕਪੂਰਾ ਗੋਲੀ ਕਾਂਡ ਕੇਸ ਵਿਚ ਪ੍ਰਕਾਸ਼ ਸਿੰਘ ਬਾਦਲ ਮੰਗਲਵਾਰ ਨੂੰ ਐੱਸ ਆਈ ਟੀ ਅੱਗੇ ਪੇਸ਼ ਹੋਣਗੇ

* ਮੰਡ ਨੇ ਮੋਰਚਾ ਖ਼ਤਮ ਕਰਨ ਲਈ ਅਕਾਲ ਤਖ਼ਤ ਸਾਹਿਬ ’ਤੇ ਮਾਫ਼ੀ ਮੰਗੀ

ਚੰਡੀਗੜ੍ਹ, 20 ਜੂਨ, (ਪੋਸਟ ਬਿਊਰੋ)- ਅਕਾਲੀ ਦਲ ਦੇ ਸਰਪ੍ਰਸਤ ਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਇਸ 22 ਜੂਨ ਮੰਗਲਵਾਰ ਨੂੰ ਕੋਟਕਪੂਰਾ ਗੋਲੀ ਕਾਂਡ ਕੇਸ ਦੀ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਅੱਗੇ ਪੇਸ਼ ਹੋਣਗੇ। ਇਹ ਦੀ ਜਾਣਕਾਰੀ ਅਕਾਲੀ ਦਲ ਵਲੋਂ ਪ੍ਰੈੱਸ ਨੂੰ ਬਾਕਾਇਦਾ ਜਾਰੀ ਕੀਤੀ ਗਈ ਹੈ।

ਅਧਿਕਾਰਤ ਜਾਣਕਾਰੀ ਮੁਤਾਬਕ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਮੰਗਲਵਾਰ ਨੂੰ ਸਵੇਰੇ 10.30 ਵਜੇ ਚੰਡੀਗੜ੍ਹ ਦੇ ਸੈਕਟਰ 4 ਵਿੱਚ ਆਪਣੇ ਸਰਕਾਰੀ ਰਿਹਾਇਸ਼ ਵਿਖੇ ਐੱਸ ਆਈ ਟੀਅੱਗੇ ਪੇਸ਼ ਹੋਣਗੇ। ਉਨ੍ਹਾਂ ਦੀ ਸਿਹਤ ਠੀਕ ਨਹੀਂ, ਪਰ ‘ਦੇਸ਼ ਦੇ ਜ਼ਿਮੇਵਾਰ ਨਾਗਰਿਕ ਵਜੋਂ ਆਪਣੇ ਕਾਨੂੰਨੀ ਤੇ ਸੰਵਿਧਾਨਕ ਫਰਜ਼ ਨਿਭਾਉਣ ਦੇ ਚਾਹਵਾਨ’ ਵਜੋਂ ਉਨ੍ਹਾਂ ਨੇ ਪੇਸ਼ ਹੋਣ ਵਾਸਤੇ ਸੰਮਣ ਪ੍ਰਵਾਨ ਕਰ ਲਿਆ ਹੈ। ਵਰਨਣ ਯੋਗ ਹੈ ਕਿ ਜਾਂਚ ਕਰ ਰਹੀ ਐੱਸ ਆਈ ਟੀਨੇ ਪਹਿਲਾਂ ਸਾਬਕਾ ਮੁੱਖ ਮੰਤਰੀ ਬਾਦਲ ਨੂੰ ਬੁਲ-ਾਇਆ ਤਾਂ ਉਨ੍ਹਾਂ ਆਪਣੀ ਖਰਾਬ ਸਿਹਤ ਦਾ ਹਵਾਲਾ ਦਿੰਦਿਆਂ ਕੋਈ ਹੋਰ ਤਾਰੀਖ਼ ਦੇਣ ਦੀ ਅਪੀਲ ਕੀਤੀ ਸੀ।ਇਸ ਵਕਤ ਉਨ੍ਹਾ ਨੂੰ ਬਹਿਬਲ ਕਲਾਂ ਅਤੇ ਕੋਟਕਪੂਰਾ ਗੋਲੀਕਾਂਡ ਕੇਸ ਵਿੱਚ ਐੱਸ ਆਈ ਟੀਨੇ ਬੁਲਾਇਆ ਹੈ।ਖੁਦ ਪ੍ਰਕਾਸ਼ ਸਿੰਘ ਬਾਦਲ ਨੇ ਐੱਸ ਆਈ ਟੀ ਨੂੰ ਪੁੱਛਗਿੱਛ ਦੀ ਤਾਰੀਖ਼ ਦੱਸੀ ਹੋਣ ਕਰ ਕੇ ਸਾਫ ਹੈ ਕਿ 22 ਜੂਨ ਨੂੰ ਐੱਸ ਆਈ ਟੀ ਬਾਦਲ ਕੋਲੋਂ ਪੁੱਛਗਿੱਛ ਕਰ ਸਕਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਜਾਂਚ ਕਰ ਰਹੀ ਇੱਕ ਹੋਰ ਐੱਸ ਆਈ ਟੀ ਵੱਖਰਾ ਕੰਮ ਕਰ ਰਹੀ ਹੈ, ਉਸ ਨੇ ਅਜੇ ਨਹੀਂ ਸੱਦਿਆ ਇਸ ਦੌਰਾਨ ਸਰਬੱਤ ਖਾਲਸਾ ਵੱਲੋਂ ਬਣਾਏ ਗਏ ਮੁਤਵਾਜ਼ੀ ਜਥੇਦਾਰ ਭਾਈ ਧਿਆਨ ਸਿੰਘ ਮੰਡ ਨੇ ਅੱਜ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰ ਕੇ ਬਰਗਾੜੀ ਵਿੱਚ ਛੇ ਮਹੀਨੇ ਚਲਾਏ ਮੋਰਚੇ ਨੂੰ ਕਾਮਯਾਬੀ ਤੋਂ ਪਹਿਲਾਂ ਖ਼ਤਮ ਕਰਨ ਦੀ ਮਾਫ਼ੀ ਮੰਗੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਅਮਰਿੰਦਰ ਸਿੰਘ ਸਰਕਾਰ ਦੇ ਧੋਖੇ ਵਿਚ ਆ ਕੇ ਉਨ੍ਹਾਂ ਨੇ ਸਫਲਤਾ ਨਾਲ ਚੱਲਦਾ ਮੋਰਚਾ ਖ਼ਤਮ ਕਰ ਦਿੱਤਾ ਸੀ, ਪਰ ਸਰਕਾਰ ਨੇ ਇਨਸਾਫ਼ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਜਿਵੇਂ ਬਾਦਲ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਦੇ ਕੇਸ ਵਿਚ ਸੰਗਤ ਨੂੰ ਨਿਆਂ ਦੇਣ ਦੀ ਥਾਂ ਧੋਖਾ ਦਿੱਤਾ ਸੀ, ਉਸੇ ਤਰ੍ਹਾਂ ਮੌਜੂਦਾ ਸਰਕਾਰ ਨੇ ਬਰਗਾੜੀ ਮੋਰਚੇ ਵਿਚ ਪੁੱਜ ਕੇ ਉਨ੍ਹਾਂ ਨੂੰ ਵਿਸ਼ਵਾਸ ਦੁਆਇਆ ਕਿ ਇਸ ਕੇਸ ਵਿਚ ਇਨਸਾਫ਼ ਕਰ ਕੇ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਜਾਣਗੀਆਂ, ਪਰ ਇਸ ਦੇ ਬਾਅਦ ਇਨਸਾਫ ਕਰਨ ਦੀ ਥਾਂ ਧੋਖਾ ਹੀ ਦਿੱਤਾ ਹੈ।



# ਆਮ ਆਦਮੀ ਪਾਰਟੀ ਵਿੱਚ ਕੁੰਵਰ ਵਿਜੇ ਪ੍ਰਤਾਪ ਦੇ ਸ਼ਾਮਲ ਹੋਣ ਦੀ ਜ਼ੋਰਦਾਰ ਚਰਚਾ

* ਕੁੰਵਰ ਨੇ ਕਿਹਾ: ਕੁਝ ਤਾਂ ਕਰਾਂਗਾ, ਪਰ ਅਜੇ ਨਹੀਂ

ਅੰਮ੍ਰਿਤਸਰ, 20 ਜੂਨ, (ਪੋਸਟ ਬਿਊਰੋ)- ਬਹੁ-ਚਰਚਿਤ ਕੋਟਕਪੂਰਾ ਗੋਲੀ ਕਾਂਡ ਦੀ ਜਾਂਚ ਰਿਪੋਰਟ ਹਾਈ ਕੋਰਟ ਵਿੱਚ ਹੱਦ ਹੋਣ ਦੇ ਬਾਅਦ ਪੰਜਾਬ ਪੁਲਸ ਦੇ ਆਈ ਜੀ ਵਜੋਂ ਅਸਤੀਫਾ ਦੇ ਗਏ ਕੁੰਵਰ ਵਿਜੇ ਪ੍ਰਤਾਪ ਸਿੰਘ ਦੇਆਮ ਆਦਮੀ ਪਾਰਟੀ ’ਚ ਸ਼ਾਮਲ ਹੋਣ ਬਾਰੇ ਅੱਜ ਜ਼ੋਰਦਾਰ ਚਰਚਾ ਚੱਲਦੀ ਰਹੀ। ਇਸ ਬਾਰੇ ਖੁਦ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਕਿਸੇ ਵੀ ਪਾਰਟੀ ਵਿੱਚ ਜਾਣ ਦੀ ਗੱਲ ਅਜੇ ਨਹੀਂ ਮੰਨੀ, ਪਰ ਉਨ੍ਹਾਂ ਸੰਕੇਤ ਦਿੱਤਾ ਹੈ ਕਿ ਉਹ ਭਵਿੱਖ ਵਿਚ ਕਿਸੇ ਪਾਰਟੀ ਨਾਲਸਾਂਝ ਪਾ ਸਕਦੇ ਹਨ।ਉਨ੍ਹਾ ਇਹ ਵੀ ਆਖਿਆ ਕਿ ਪੰਜਾਬ ਵਿਚ ਉਹ ਨਵੀਂ ਸਿਆਸਤ ਦੀ ਸ਼ੁਰੂਆਤ ਕਰਨਗੇ ਤੇ ਜਿਹੜੀ ਸਿਆਸਤ ਉਹ ਕਰਨਗੇ, ਉਸ ਦੀ ਪਰਿਭਾਸ਼ਾ ਅਜੋਕੀ ਰਾਜਨੀਤੀ ਤੋਂ ਇੱਕਦਮ ਵੱਖਰੀ ਹੋਵੇਗੀ।

ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਅੱਜ ਏਥੇਅਕਾਲੀ ਦਲ ਅਤੇ ਕਾਂਗਰਸ ਸਰਕਾਰ ਉਤੇ ਵੱਡੇ ਹਮਲੇ ਬੋਲੇ ਤੇ ਕਿਹਾ ਕਿ ਪੰਜਾਬ ਵਿਚ ਦੋਂਹ ਧਿਰਾਂ ਦੀ ਰਲੀ-ਮਿਲੀ ਸਰਕਾਰ ਚੱਲ ਰਹੀ ਹੋਣ ਕਰ ਕੇ ਇਕ ਵੱਡੇ ਪਰਿਵਾਰ ਨੂੰ ਬਚਾਉਣ ਲਈ ਵਿਸ਼ੇਸ਼ ਜਾਂਚ ਟੀਮ(ਐੱਸ ਆਈ ਟੀ) ਦੀ ਰਿਪੋਰਟ ਰੱਦ ਕਰਵਾਈ ਗਈ ਹੈ। ਉਨ੍ਹਾਂ ਨੇਕਿਸੇ ਦਾ ਨਾਮ ਲਏ ਬਿਨਾਂ ਕਿਹਾ ਕਿ ਜਿਸ ਪਰਿਵਾਰ ਨੇ ਜਨਰਲ ਡਾਇਰ ਤੋਂ ਜਲ੍ਹਿਆਂਵਾਲਾ ਬਾਗ ਵਿੱਚ ਗੋਲ਼ੀਆਂ ਚਲਵਾਈਆਂ ਸਨ, ਉਸੇ ਵੱਡੇ ਪਰਿਵਾਰ ਨੇ ਬਰਗਾੜੀ ਵਿੱਚ ਬੇਅਦਬੀ ਕਰਵਾਈ ਤੇ ਫਿਰ ਗੋਲ਼ੀਆਂ ਚਲਵਾਈਆਂ ਹਨ। ਉਨ੍ਹਾਂ ਕਿਹਾ ਕਿ ਜਲ੍ਹਿਆਂਵਾਲਾ ਬਾਗ ਵਿੱਚ ਗੋਲ਼ੀ ਚਲਵਾਉਣ ਤੋਂ ਬਾਅਦਜਨਰਲ ਡਾਇਰ ਨੇ ਇਕ ਪਰਿਵਾਰ ਦੇ ਘਰ ਡਿਨਰ ਕੀਤਾ ਸੀ ਅਤੇ ਅੱਜ ਉਹੀ ਪਰਿਵਾਰ ਬੇਅਦਬੀ ਕਰਵਾ ਰਿਹਾ ਹੈ, ਜਿਸ ਤੋਂ ਜ਼ਾਹਰ ਹੈ ਕਿ ਪੰਜਾਬ ਵਿਚ ਇਤਿਹਾਸ ਦੁਹਰਾਇਆ ਜਾ ਰਿਹਾ ਹੈ।

ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਕਿਹਾ ਕਿ ਬੇਅਦਬੀ ਕੇਸ ਵਿਚ ਪੰਜਾਬ ਦੇ ਇਕ ਵੱਡੇ ਪਰਿਵਾਰ ਨੂੰ ਬਚਾਇਆ ਜਾ ਰਿਹਾ ਹੈ, ਇਸੇ ਲਈ ਇਕ ਮਹੱਤਵਪੂਰਨ ਦਿਨ ਐਡਵੋਕੇਟ ਜਨਰਲ ਬਿਮਾਰ ਹੋ ਗਏ ਸਨ। ਉਨ੍ਹਾਂ ਕਿਹਾ ਕਿ ਮੇਰੇ ਵਿਰੁੱਧ ਬੋਲਣ ਵਾਲੇ ਲੀਡਰ ਪਹਿਲਾਂ ਇਹ ਦੱਸਣ ਕਿ ਉਨ੍ਹਾਂ ਨੇ ਬੇਅਦਬੀ ਕਿਉਂ ਕਰਾਈ ਸੀ, ਜਿਹੜੇ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪੰਜਾਬ ਵਿਚ ਹੀ ਬੇਅਦਬੀ ਕਰਵਾ ਸਕਦੇ ਹਨ, ਉਨ੍ਹਾਂ ਦੇ ਲਈ ਆਮ ਜਨਤਾ ਕੀ ਹੈ। ਇਸ ਪਰਿਵਾਰ ਨੇ ਪੰਜਾਬ ਉਤੇ 25 ਸਾਲ ਰਾਜ ਕੀਤਾ ਤੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਵਾ ਕੇ ਕਿਹਾ ਹੈ ਕਿ ਪਾਕਿਸਤਾਨ ਦੀ ਖੁਫੀਆ ਏਜੰਸੀ ਆਈ ਐੱਸ ਆਈ ਬੇਅਦਬੀ ਕਰਾ ਰਹੀ ਹੈ।ਕੁੰਵਰ ਨੇ ਕਿਹਾ ਕਿ ਗੋਲ਼ੀ ਓਥੇ ਪਾਕਿਸਤਾਨੀ ਪੰਜਾਬ ਦੇ ਮੁੱਖ ਮੰਤਰੀ ਨੇ ਨਹੀਂ ਚਲਵਾਈ, ਇਹ ਭਾਰਤ ਵਾਲੇ ਪੰਜਾਬ ਦੇ ਮੁੱਖ ਮੰਤਰੀ ਨੇ ਚਲਵਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਬਰਬਾਦ ਕਰਨ ਲਈ ਨਸ਼ੇ ਦਾ ਦਰਿਆ ਵੀ ਵਹਾਇਆ ਗਿਆ ਅਤੇ ਨਜਾਇਜ਼ ਪਰਚੇ ਵੀ ਕਰਵਾਏ ਗਏ, ਜਿਹੜੇ ਜਾਂਚਕਮਿਸ਼ਨ ਬਣੇਤਾਂ ਰੱਦ ਕਰਨੇ ਪਏ ਸਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕੁਝ ਮੰਤਰੀਆਂ ਨੇ ਬਹੁਤ ਰੌਲਾ ਪਾਇਆ ਕਿ ਬੇਅਦਬੀ ਦੇ ਅਸਲ ਦੋਸ਼ੀਆਂ ਨੂੰ ਫੜਿਆ ਜਾਵੇ, ਪਰ ਅੱਜ ਉਹ ਵੀ ਚੁੱਪ ਹੋ ਗਏ ਹਨ ਅਤੇ ਦੋਸ਼ੀ ਅਜੇ ਵੀ ਸ਼ਰੇਆਮ ਘੁੰਮ ਰਹੇ ਹਨ।

ਹਵਾਈ ਸਫਰ ਨੂੰ ਸੁਹਾਵਨਾ ਤੇ ਸੁਰੱਖਿਅਤ ਬਣਾਓ ਤੇ ਸਾਡੀ
TRAVEL INSURANCE ਦੀ ਮੁਹਾਰਤ ਦਾ ਫਾਇਦਾ ਉਠਾਓ
Join and Represent Us
VISITOR TO CANADA INSURANCE
TRAVEL OUT INSURANCE
INTERNATIONAL STUDENT INSURANCE
OTHER INSURANCE PRODUCTS
Your Travel Safety Our Priority
JF Insurance Agency Group Inc.
Specialized in Hospital and Medical Insurance for Visitors, Canadian Travellers and International Students since 1992
905-707-1512
905-707-1513
Molly@jfgroup.ca
Toronto Head Office: 15 wertheim court # 501 Richmond Hill, ON L4B 3H7

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you The Mortgage Centre
I direct mortgages Inc. 21 Roysun Rd, #6, Woodbridge, ON L4L 8R3 Ph: 905.652.3000 ext 467 | 905.652.300 ext 468 Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400 416.677.0047

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Towing Service Car Paint Starts $799* upto 100% Deductible Paid*
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca mcheemaaaa@hotmail.com

NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public
REAL ESTATE LAWYER
• Residential & Commercial
• Sale/Purchase of House
• Mortgage & Refinancing
• Drafting/Reviewing Agreements
• Title Transfer
• 2nd Mortgage
IMMIGRATION
Skilled Worker Category
Spousal & Family Sponsorship
• Student Permits Visa & Renewals
• PR Renewal/ Citizenship Application
FAMILY LAWYER
• Child & Spousal support
• Custody & Access
• Divorce
• Equalization
BUSINESS LAW
• Incorporation & Shareholder agreements
• Sales & Purchase of Assets & Shares
• Notarization & Affidavits
WILLS & ESTATE
• Wills
• Certificate of Estate Trustee with/without Will
• Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
• ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
• ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
• ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
• ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkwy unit #45, Brampton, ON L6S 5T4 Email: grandupholsery@gmail.com

# ਭਾਰਤ ਸਰਕਾਰ ਦਾ ਸਟੈਂਡ, ਕੋਰੋਨਾ ਨਾਲ ਮਰਨ ਵਾਲਿਆਂ ਦੇ ਵਾਰਸਾਂ ਨੂੰ 4-4 ਲੱਖ ਨਹੀਂ ਦੇ ਸਕਦੇ

### * ਸੁਪਰੀਮ ਕੋਰਟ ਵਿੱਚ ਕੇਂਦਰ ਸਰਕਾਰ ਦਾ ਜਵਾਬ ਪੇਸ਼



ਨਵੀਂ ਦਿੱਲੀ, 20 ਜੂਨ, (ਪੋਸਟ ਬਿਊਰੋ)- ਸਾਰੇ ਭਾਰਤ ਵਿੱਚ ਕੋਰੋਨਾ ਵਾਇਰਸ ਇਨਫੈਕਸ਼ਨ ਦੇ ਕਾਰਨ ਜਾਨ ਗਵਾਉਣ ਵਾਲੇ ਲੋਕਾਂ ਦੇ ਪਰਿਵਾਰਾਂ ਨੂੰ ਚਾਰ-ਚਾਰ ਲੱਖ ਰੁਪਏ ਮਦਦ ਦੇਣ ਦੀ ਪਟੀਸ਼ਨ ਉਤੇ ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ’ਚ ਜਵਾਬ ਪੇਸ਼ ਕਰ ਕੇ ਕਹਿ ਦਿੱਤਾ ਹੈ ਕਿ ਏਨੀ ਰਕਮ ਨਹੀਂ ਦਿੱਤੀ ਜਾ ਸਕਦੀ।

ਸੁਪਰੀਮ ਕੋਰਟ ਵਿੱਚ ਪੇਸ਼ ਕੀਤੇ ਐਫੀਡੇਵਿਟ ਵਿੱਚ ਭਾਰਤ ਸਰਕਾਰ ਨੇ ਕਿਹਾ ਹੈ ਕਿ ਉਹ ਕੋਰੋਨਾ ਵਾਇਰਸ ਦੇ ਕਾਰਨ ਜਾਨ ਗਵਾ ਚੁੱਕੇ ਲੋਕਾਂ ਦੇ ਵਾਰਸਾਂ ਨੂੰ 4-4 ਲੱਖ ਰੁਪਏ ਨਹੀਂ ਦੇ ਸਕਦੀ। ਇੱਕਖਬਰ ਏਜੰਸੀ ਮੁਤਾਬਕ ਕੇਂਦਰ ਸਰਕਾਰ ਨੇ ਕਿਹਾ ਹੈ ਕਿ ਆਫ਼ਤ ਪ੍ਰਬੰਧ ਕਾਨੂੰਨ ਵਿੱਚ ਸਿਰਫ਼ ਭੂਚਾਲ, ਹੜ੍ਹ ਤੇ ਕੁਦਰਤੀ ਆਫਤਾਂ ਆਦਿ ਮੌਕੇ ਮੁਆਵਜ਼ਾ ਦੇਣ ਦਾ ਪ੍ਰਬੰਧ ਹੈ, ਕੋਵਿਡ-19 ਦੇ ਮ੍ਰਿਤਕਾਂ ਦੇ ਵਾਰਸਾਂ ਨੂੰ 4 ਲੱਖ ਰੁਪਏ ਮੁਆਵਜ਼ਾ ਨਹੀਂ ਮਿਲ ਸਕਦਾ, ਕਿਉਂਕਿਇੱਕ ਬਿਮਾਰੀ ਨਾਲ ਹੋਈ ਮੌਤ ਉੱਤੇ ਮੁਆਵਜ਼ਾ ਦਿੱਤਾਅਤੇ ਦੂਸਰੀ ਬਿਮਾਰੀ ਉੱਤੇ ਨਾ ਦਿੱਤਾ ਤਾਂ ਗ਼ਲਤ ਹੋਵੇਗਾ। ਐਫੀਡੇਵਿਟ ਵਿੱਚ ਭਾਰਤ ਸਰਕਾਰ ਨੇ ਕਿਹਾ ਕਿ ਸਾਰੇ ਕੋਰੋਨਾ ਪੀੜਤਾਂ ਦੇ ਵਾਰਸਾਂ ਨੂੰ ਮੁਆਵਜ਼ੇ ਦਾ ਭੁਗਤਾਨ ਸਰਕਾਰਾਂ ਦੀ ਸਮਰੱਥਾ ਤੋਂ ਬਾਹਰ ਹੈ। ਸੁਪਰੀਮ ਕੋਰਟ ਇਸ ਬਾਰੇ ਇੱਕ ਪਟੀਸ਼ਨ ਉੱਤੇ ਸੁਣਵਾਈ ਕਰ ਰਹੀ ਹੈ, ਜਿਸ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਆਫਤ ਪ੍ਰਬੰਧ ਕਾਨੂੰਨ 2005 ਤਹਿਤ ਇਨਫੈਕਸ਼ਨ ਨਾਲ ਜਾਣ ਗਵਾ ਚੁੱਕੇ ਲੋਕਾਂ ਦੇ ਵਾਰਸਾਂ ਨੂੰ ਚਾਰ ਲੱਖ ਰੁਪਏ ਦੇਣ ਦੀ ਰਾਸ਼ੀ ਦੇਣ ਦੀ ਮੰਗ ਕੀਤੀ ਗਈ ਹੈ।ਇਸ ਬਾਰੇ ਸੁਪਰੀਮ ਕੋਰਟ ਵਿੱਚ ਬਹਿਸ ਅਜੇ ਹੋਣੀ ਹੈ।

# ਈਰਾਨ ਨਾਲ ਐਟਮੀ ਡੀਲ ਬਾਰੇ ਸੰਸਾਰ ਭਰ ਦੀਆਂ ਮਹਾਸ਼ਕਤੀਆਂ ਨੂੰ ਇਜ਼ਰਾਈਲ ਵੱਲੋਂ ਚੇਤਾਵਨੀ

ਯੇਰੂਸ਼ਲਮ, 20 ਜੂਨ, (ਪੋਸਟ ਬਿਊਰੋ)- ਕੱਟੜਪੰਥੀ ਜੱਜ ਇਬਰਾਹੀਮ ਰਾਇਸੀ ਦੇ ਈਰਾਨ ਦਾ ਰਾਸ਼ਟਰਪਤੀ ਚੁਣੇ ਜਾਣ ਦੀ ਨਿੰਦਾ ਕਰਦੇ ਹੋਏ ਇਜ਼ਰਾਈਲ ਨੇ ਕਿਹਾ ਹੈ ਕਿ ਇਹ ਜੱਲਾਦਾਂ ਦਾ ਸ਼ਾਸਨ ਹੋਵੇਗਾ ਅਤੇ ਇਸ ਦੇ ਨਾਲ ਸੰਸਾਰ ਦੀਆਂ ਸ਼ਕਤੀਆਂ ਨੂੰ ਇਕ ਨਵੇਂ ਐਟਮੀ ਸਮਝੌਤੇ ਉੱਤੇ ਗੱਲਬਾਤ ਨਹੀਂ ਕਰਨੀ ਚਾਹੀਦੀ।

ਵਰਨਣ ਯੋਗ ਹੈ ਕਿ ਕੱਟੜਪੰਥੀ ਆਗੂ ਰਾਇਸੀ ਨੇ ਬੀਤੇ ਸ਼ਨਿਚਰਵਾਰ ਈਰਾਨ ਦੇ ਰਾਸ਼ਟਰਪਤੀ ਦੀ ਚੋਣ ਵਿੱਚ ਆਰਥਿਕ ਮੁਸ਼ਕਲਾਂ ਅਤੇ ਸਿਆਸੀ ਪਾਬੰਦੀਆਂ ਦੇ ਬਾਵਜੂਦ ਮੁਕਾਬਲੇ ਪਿੱਛੋਂ ਓਦੋਂ ਜਿੱਤ ਹਾਸਲ ਕੀਤੀ ਹੈ, ਜਦੋਂਮਨੁੱਖੀ ਅਧਿਕਾਰਾਂ ਦੀ ਉਲੰਘਣਾ ਲਈ ਅਮਰੀਕੀ ਪਾਬੰਦੀਆਂ ਉਸ ਉੱਤੇ ਲੱਗੀਆਂ ਹੋਈਆਂ ਹਨ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨਫਤਾਲੀ ਬੈਨੇਟ ਨੇ ਪਿਛਲੇ ਹਫ਼ਤੇ ਅਹੁਦਾ ਸੰਭਾਲਣ ਪਿੱਛੋਂ ਆਪਣਾ ਪਹਿਲਾ ਟੈਲੀਵਿਜ਼ਨ ਕੈਬਨਿਟ ਸੈਸ਼ਨ ਬੁਲਾਉਂਦੇ ਹੋਏ ਇਰਾਨ ਦੇ ਰਾਸ਼ਟਰਪਤੀ ਵਜੋਂ ਰਾਇਸੀ ਦੀ ਜਿੱਤ ਨੂੰ ਇਕ ਨਿਰਪੱਖ ਤੇ ਪਾਪੂਲਰ ਵੋਟ ਦੀ ਥਾਂ ਈਰਾਨੀ ਸਰਬ ਉੱਚ ਨੇਤਾ ਅਯਾਤੁੱਲਾ ਅਲੀ ਖੁਮੈਨੀ ਦੇ ਇਸ਼ਾਰੇ ਨਾਲ ਹੋਈ ਜਿੱਤਕਿਹਾ ਹੈ। ਬੈਨੇਟ ਨੇ ਪਹਿਲਾਂ ਆਪਣਾ ਬਿਆਨ ਹਿਬਰੂ ਭਾਸ਼ਾ ਅਤੇ ਫਿਰ ਅੰਗਰੇਜ਼ੀ ਵਿੱਚ ਪੜ੍ਹਦੇ ਹੋਏ ਕਿਹਾ ਕਿ ਮੈਂ ਕਹਾਂਗਾ ਕਿ ਰਾਇਸੀ ਦਾ ਚੋਣ ਨਤੀਜਾ ਸਮਝੌਤੇ ਉੱਤੇ ਉਸ ਦੇ ਦੇਸ਼ ਦੇ ਮੁੜਨ ਤੋਂ ਪਹਿਲਾਂ ਵਿਸ਼ਵ ਸ਼ਕਤੀਆਂ ਨੂੰ ਜਗਾਉਣ ਦਾ ਆਖਰੀ ਮੌਕਾ ਹੈ। ਉਹ ਸਮਝਣ ਕਿ ਉਹ ਕਿਸ ਨਾਲ ਵਪਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਈਰਾਨ ਵਿੱਚ ਜੱਲਾਦਾਂ ਦੇ ਸ਼ਾਸਨ ਨੂੰ ਕਦੇ ਵੀ ਜਨਤਕ ਤਬਾਹੀ ਦੇ ਹਥਿਆਰ ਰੱਖ ਸਕਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ ਅਤੇ ਇਸ ਬਾਰੇ ਇਜ਼ਰਾਈਲ ਦਾ ਰੁਖ਼ ਨਹੀਂ ਬਦਲੇਗਾ। ਇਸ ਦੌਰਾਨ ਈਰਾਨ ਨੇ ਵੀਆਨਾ ਵਿੱਚ ਕਿਹਾ ਕਿ ਐਟਮੀਗੱਲਬਾਤਲਈ ਉਸ ਵੱਲੋਂਸੰਸਾਰ ਦੀਆਂ ਛੇ ਤਾਕਤਾਂ ਨਾਲ ਐਤਵਾਰ ਨੂੰ ਹੋਣ ਵਾਲੀ ਬੈਠਕਅੱਗੇ ਪਾ ਦਿੱਤੀਸੀ।ਈਰਾਨ ਦੇ ਵਫ਼ਦ ਦੇ ਮੁਖੀ ਅੱਬਾਸ ਅਰਾਕਚੀ ਨੇ ਕਿਹਾ ਕਿ ਅਸੀਂ ਇਰਾਨ ਵਾਪਸ ਜਾ ਰਹੇ ਹਾਂ। ਇਹ ਅਜੇ ਸਪਸ਼ਟ ਨਹੀਂ ਕਿ ਐਟਮੀਸਮਝੌਤੇ ਉਤੇ ਗੱਲਬਾਤ ਫਿਰ ਸ਼ੁਰੂ ਹੋਵੇਗੀ ਜਾਂ ਨਹੀਂ, ਉਂਜ 2015 ਦੇ ਈਰਾਨੀ ਐਟਮੀ ਪ੍ਰੋਗਰਾਮ ’ਤੇ ਚਰਚਾ ਲਈ ਅੱਜ ਆਸਟ੍ਰੀਆ ਦੀ ਰਾਜਧਾਨੀ ਵਿਆਨਾ ’ਚ ਚੀਨ, ਜਰਮਨੀ, ਫਰਾਂਸ, ਰੂਸ ਅਤੇ ਬਰਤਾਨੀਆ ਦੇ ਸੀਨੀਅਰ ਡਿਪਲੋਮੈਟ ਪਹੁੰਚ ਚੁੱਕੇ ਸਨ, ਪਰ ਪਿੱਛੋਂ ਮੁੜ ਗਏ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | **Gyan Singh,** |
| **Office Admin** | **Sajandeep Singh** |
| **Graphic Designer** | **Angrez Singh** |
| **Photographer** | Kanwaljit Singh Kanwal |
| **Distributer** | Aman Warraich |
| **Marketing:** | **Sajandeep Singh** |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser’s use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

## ਕੇਅਰਗਿਵਰ/ਨੈਨੀ ਦੀ ਲੋੜ

ਸਕਾਰਬੋਰੋ (ਬਰੀਮਲੀ ਅਤੇ ਫਿੰਚ ਏਰੀਆ) ਵਿਖੇ ਘਰ ਵਿਚ ਬਜ਼ੁਰਗ ਮਾਤਾ ਲਈ ਮੈਚਿਓਰ/ ਲਿਵ ਇਨ ਕੇਅਰਗਿਵਰ/ਨੈਨੀ ਦੀ ਲੋੜ ਹੈ। ਕੇਅਰਗਿਵਰ ਕੋਲ ਮੈਡੀਕਲ ਟ੍ਰੇਨਿੰਗ ਜਾਂ ਕੋਈ ਸਬੰਧਤ ਪਿਛੋਕੜ ਹੋਣਾ ਚਾਹੀਦਾ ਹੈ। ਬਿਨੈਕਾਰ ਦੇ ਦੋਵੇਂ ਕੋਵਿਡ ਵੈਕਸੀਨ ਦੀਆਂ ਡੋਜਜ਼ ਲੱਗੀਆਂ ਹੋਣੀਆਂ ਚਾਹੀਦੀਆਂ ਹਨ। ਖਾਣਾ ਅਤੇ ਰਹਿਣ ਲਈ ਵੀ ਸਹੂਲਤ ਦਿੱਤੀ ਜਾਵੇਗੀ। ਜੁਲਾਈ ਦੇ ਸ਼ੁਰੂਆਤੀ ਦਿਨਾਂ ਤੋਂ ਅੱਗੇ ਕਈ ਮਹੀਨਿਆਂ ਲਈ ਜ਼ਰੂਰਤ ਹੈ। ਤਨਖਾਹ ਵੱਧ ਘੱਟ ਕਰਨ ਬਾਰੇ ਗੱਲ ਕੀਤੀ ਜਾ ਸਕਦੀ ਹੈ। ਸੰਪਰਕ ਕਰੋ:

**ਹਰਮੀਤ: 416-845-0905**

# ਚੀਨ ਦਾ ਦਬਾਅ ਮੰਨਣ ਦੀ ਥਾਂ ਤਾਈਵਾਨੀ ਸਟਾਫ ਹਾਂਗ ਕਾਂਗ ਛੱਡ ਕੇ ਵਾਪਸ ਜਾਣ ਲੱਗਾ




ਤਾਈਪੇ, 20 ਜੂਨ, (ਪੋਸਟ ਬਿਊਰੋ)- ਚੀਨ ਦੇ ਕੰਟਰੋਲ ਵਾਲੇ ਹਾਂਗਕਾਂਗ ਦੇ ਪ੍ਰਤੀਨਿਧੀ ਦਫ਼ਤਰਾਂ ਵਿੱਚ ਕੰਮ ਕਰਨ ਵਾਲੇ ਤਾਈਵਾਨੀ ਮੁਲਾਜ਼ਮਾਂ ਨੇ ਅੱਜ ਐਤਵਾਰ ਨੂੰ ਹਾਂਗਕਾਂਗ ਦਾ ਦਫ਼ਤਰ ਛੱਡਣਾ ਸ਼ੁਰੂ ਕਰ ਦਿੱਤਾ ਹੈ।

ਪਤਾ ਲੱਗਾ ਹੈ ਕਿ ਇਨ੍ਹਾਂ ਮੁਲਾਜ਼ਮਾਂ ’ਤੇ ਚੀਨੀ ਸਰਕਾਰ ਵੱਲੋਂ ਇਕ ਅਜਿਹੇ ਦਸਤਾਵੇਜ਼ ਉੱਤੇ ਦਸਖ਼ਤ ਕਰਨ ਦਾ ਦਬਾਅ ਪਾਇਆ ਜਾ ਰਿਹਾ ਹੈ, ਜਿਸ ਤਹਿਤ ਉਨ੍ਹਾਂ ਨੂੰ ਚੀਨ ਦੇ ਤਾਈਵਾਨ ਬਾਰੇ ਦਾਅਵੇ ਦਾ ਸਮਰਥਨ ਕਰਨ ਲਈ ਕਿਹਾ ਗਿਆ ਹੈ।ਤਾਈਵਾਨ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਐਤਵਾਰ ਦੀ ਦੁਪਹਿਰ ਸੱਤ ਲੋਕਇਸ ਟਾਪੂ ਉੱਤੇ ਪਰਤ ਆਏ ਹਨ। ਤਾਈਪੇ ਤੇ ਬੀਜਿੰਗ ਵਿਚਾਲੇ ਤਨਾਅ ਦੇ ਦੌਰਾਨ ਆਜ਼ਾਦੀ ਪਸੰਦ ਹਾਂਗਕਾਂਗ ਦੇ ਲੋਕ ਖੁੱਲ੍ਹ ਕੇ ਤਾਈਵਾਨ ਦਾ ਸਾਥ ਦੇਣ ਲੱਗੇ ਹਨ ਅਤੇਤਾਈਵਾਨ ਨੇ ਉਸ ਉਤੇ ਥੋਪੇ ਗਏ ਚੀਨ ਦੇ ਸ਼ਹਿਰੀ ਕਾਨੂੰਨ ਨੂੰ ਮੰਨਣ ਤੋਂ ਨਾਂਹ ਕਰ ਦਿੱਤੀ ਹੈ, ਜੋ ਹਾਂਗਕਾਂਗ ਉੱਤੇ ਪਹਿਲਾਂ ਤੋਂ ਥੋਪਿਆ ਜਾ ਚੁੱਕਾ ਹੈ।ਤਾਈਵਾਨ ਨੇ ਹਾਂਗਕਾਂਗ ਦੇ ਲੋਕਾਂ ਨੂੰ ਉਸ ਦੇ ਟਾਪੂ ਵਿੱਚ ਆ ਕੇ ਵੱਸਣ ਦਾ ਸੱਦਾ ਦੇ ਦਿੱਤਾ ਹੈ। ਚੀਨੀ ਕਮਿਊਨਿਸਟ ਪਾਰਟੀ ਦੀ ਸਰਕਾਰ ਹਾਂਗਕਾਂਗ ਸਰਕਾਰ ਕੋਲੋਂ ‘ਇਕ ਚੀਨ’ ਦੀ ਵਚਨਬੱਧਤਾ ਨੂੰ ਮੰਨਣ ਲਈ ਦਸਤਾਵੇਜ਼ਾਂ ਉੱਤੇ ਪਹਿਲਾਂ ਹੀ ਦਸਤਖ਼ਤ ਕਰਵਾ ਚੁੱਕੀ ਹੈ।

## Visions of Punjab


Natasha Mahal
Co-Host

VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
*Mahal Entertainment Inc.*
Cell:416-587-5520
Email: iqbalmahal46@gmail.com


Iqbal Mahal
Producer & Host

Serving the South Asian Community Since 1976

## BEST CANADIAN TRUCK & FORKLIFT TRAINING CENTRE

BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005



- AZ Tractor trailer program
- Manual transmission & backup training everyday
- We welcome welfare workers & compensation clients

Open Seven Days

Forklift Re-Certification Only $79.00/-


Karnail Singh

416.670.3173 | 905.799.7333
27 Edvac Dr, Brampton, ON L6S 5X8

## ਵਰਕਰਾਂ ਦੀ ਲੋੜ

ਰੈਨੋਵੇਸ਼ਨ ਦੇ ਕੰਮ ਲਈ ਵਰਕਰਾਂ ਦੀ ਲੋੜ ਹੈ। 6 ਦਿਨ ਕੰਮ ਹੋਵੇਗਾ। ਚੰਗੀ ਤਨਖਾਹ ਦਿੱਤੀ ਜਾਵੇਗੀ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।

**ਸੰਪਰਕ: 647-205-5909,**
**416-618-3358**


## ਵਰਕਰਾਂ ਦੀ ਲੋੜ

ਫਾਰਮ ਅਤੇ ਨਰਸਰੀ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਵੈਨ ਚਲਾਉਣ ਲਈ ਡਰਾਇਵਰ ਦੀ ਵੀ ਲੋੜ ਹੈ।

**ਸੰਪਰਕ: 647-391-3365**

## ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।




- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? ‘ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?

ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com | 647-739-4641
satsahibusa@gmail.com | 346-714-0224

## KAMAL SANDHU



KAMAL SANDHU
Sales Representative
647.891.0143
RE/MAX GOLD
realtorkamalsandhu@gmail.com
www.arearealtor.com

Looking For a Nest..? Call the Best




CLOSING IN APRIL 2021

| Bedroom | Bathroom |
|---|---|
| 4 | 2+1 |
| Size (Sq.Ft.) | Home Details |
| 2455 | 42' |

EXCLUSIVE FOR SALE IN WOODSTOCK



FOR SALE
EXCLUSIVE
JAMES C

CLOSING IN APRIL 2021

| Bedroom | Bathroom |
|---|---|
| 4 | 2+1 |
| Size (Sq.Ft.) | Home Details |
| 2250 | 36' |

3+1 bdrms with finished Basement




Just listed for sale on MLS, 5 Sedgegrass way Brampton

KAMAL SANDHU RE/MAX GOLD REALTY INC BROKERAGE

# ਭਾਰਤ ਦੇ ਲੋਕ ਨਿਆਂ ਪਾਲਿਕਾ ਦੀ ਇੱਜ਼ਤ ਕਰਦੇ ਹਨ, ਕਰਦੇ ਰਹਿਣਾ ਵੀ ਚਾਹੁੰਦੇ ਹਨ, ਪਰ....

ਵੱਡੇ ਮਹੱਤਵ ਵਾਲੇ ਕੇਸਾਂ ਵਿੱਚ ਫਸੇ ਹੋਏ ਲੋਕਾਂ, ਖਾਸ ਕਰ ਕੇ ਸਿਆਸੀ ਆਗੂਆਂ ਨੂੰ ਅਸੀਂ ਇਹ ਕਹਿੰਦੇ ਬਹੁਤ ਵਾਰੀ ਸੁਣਿਆ ਹੈ ਕਿ ਉਨ੍ਹਾਂ ਨੂੰ ਦੇਸ਼ ਦੀ ਨਿਆਂ ਪਾਲਿਕਾ ਉੱਤੇ ਪੂਰਾ ਵਿਸ਼ਵਾਸ ਹੈ। ਜਿਨ੍ਹਾਂ ਨੂੰ ਕਿਸੇ ਕੇਸ ਵਿੱਚ ਸਜ਼ਾ ਮਿਲ ਜਾਂਦੀ ਹੈ, ਉਹ ਵੀ ਸਜ਼ਾ ਕਰਵਾਉਣ ਲਈ ਕੇਸ ਦੀ ਪੈਰਵੀ ਕਰਨ ਵਾਲਿਆਂ ਵਿਰੁੱਧ ਬੋਲਦੇ ਹਨ, ਨਿਆਂ ਪਾਲਿਕਾ ਵਿਰੁੱਧ ਕੁਝ ਬੋਲਣ ਦੀ ਥਾਂ ਇਹੋ ਕਹਿੰਦੇ ਹਨ ਕਿ ਇਹਦੇ ਉੱਤੇ ਪੂਰਾ ਵਿਸ਼ਵਾਸ ਹੈ। ਸਾਨੂੰ ਉਸ ਵਕਤ ਪਹਿਲੀ ਵਾਰ ਹੈਰਾਨ ਹੋਣਾ ਪਿਆ ਸੀ, ਜਦੋਂ ਤੀਹ ਕੁ ਸਾਲ ਪਹਿਲਾਂ ਸੁਪਰੀਮ ਕੋਰਟ ਦੇ ਇੱਕ ਜੱਜ ਦੇ ਵਿਰੁੱਧ ਭ੍ਰਿਸ਼ਟਾਚਾਰ ਕਰਨ ਦੇ ਸਿੱਧੇ ਦੋਸ਼ ਲੱਗੇ ਅਤੇ ਉਸ ਦੇ ਵਿਰੁੱਧ ਮਹਾਦੋਸ਼ ਦਾ ਮਤਾ ਲੋਕ ਸਭਾ ਵਿੱਚ ਬਹਿਸ ਤੱਕ ਜਾ ਪਹੁੰਚਿਆ ਸੀ। ਓਦੋਂ ਕਾਂਗਰਸੀ ਪ੍ਰਧਾਨ ਮੰਤਰੀ ਨਰਸਿਮਹਾ ਰਾਓ ਨੇ ਆਪਣੇ ਮੈਂਬਰਾਂ ਨੂੰ ਮਰਜ਼ੀ ਮੁਤਾਬਕ ਵੋਟ ਕਰਨ ਦੀ ਆਗਿਆ ਦੇ ਬਹਾਨੇ ਜਸਟਿਸ ਰਾਮਾਸਵਾਮੀ ਦਾ ਬਚਾਅ ਕਰਨ ਦਾ ਸੰਕੇਤ ਕਰ ਦਿੱਤਾ ਤੇ ਰਾਮਾਸਵਾਮੀ ਸਾਹਿਬ ਬਚ ਗਏ, ਪਰ ਇਹ ਗੱਲ ਲੁਕੀ ਨਹੀਂ ਸੀ ਰਹੀ ਕਿ ਉਨ੍ਹਾਂ ਨੇ ਭ੍ਰਿਸ਼ਟਾਚਾਰ ਕੀਤਾ ਹੀ ਹੋਇਆ ਸੀ। ਫਿਰ ਕੁਝ ਹੋਰ ਏਦਾਂ ਦੇ ਕੇਸ ਪਾਰਲੀਮੈਂਟ ਵਿੱਚ ਮਹਾਂਦੋਸ਼ ਦੀ ਬਹਿਸ ਹੋਣ ਤੱਕ ਗਏ ਅਤੇ ਇੱਕ ਕੇਸ ਵਿੱਚ ਪਾਰਲੀਮੈਂਟ ਦੇ ਇੱਕ ਹਾਊਸ ਤੋਂ ਮਤਾ ਪਾਸ ਹੋਣ ਪਿੱਛੋ ਅਗਲਾ ਰਿਸਕ ਲੈਣ ਦੀ ਥਾਂ ਉਸ ਜੱਜ ਨੇ ਅਸਤੀਫਾ ਦੇ ਦਿੱਤਾ ਸੀ।



ਜਤਿੰਦਰ ਪੰਨੂ

ਫਿਰ ਅਸੀਂ ਉਹ ਦਿਨ ਵੇਖੇ, ਜਦੋਂ ਸੁਪਰੀਮ ਕੋਰਟ ਦੇ ਚਾਰ ਜੱਜ ਆਪਣੇ ਮੁੱਖ ਜੱਜ ਦੇ ਖਿਲਾਫ ਪ੍ਰੈੱਸ ਕਾਨਫਰੰਸ ਲਾ ਬੈਠੇ ਸਨ। ਇਹ ਕੰਮ ਪਹਿਲੀ ਵਾਰ ਹੋਇਆ ਸੀ। ਜਿਨ੍ਹਾਂ ਜੱਜਾਂ ਨੇ ਆਪਣੇ ਚੀਫ ਜਸਟਿਸ ਦੇ ਖਿਲਾਫ ਪ੍ਰੈੱਸ ਕਾਨਫਰੰਸ ਕੀਤੀ, ਉਨ੍ਹਾਂ ਦੀ ਅਗਵਾਈ ਕਰਨ ਵਾਲਾ ਜੱਜ ਜਦੋਂ ਖੁਦ ਚੀਫ ਜਸਟਿਸ ਬਣਿਆ ਤਾਂ ਆਪਣੀ ਰਿਟਾਇਰਮੈਂਟ ਵੇਲੇ ਅਤੇ ਉਸ ਪਿੱਛੋਂ ਰਾਜ ਸਭਾ ਮੈਂਬਰੀ ਲੈਣ ਕਾਰਨ ਉਹ ਵੀ ਦੋਸ਼ਾਂ ਵਿੱਚ ਘਿਰ ਗਿਆ ਸੀ।

ਭਾਰਤ ਦੇ ਲੋਕ ਆਪਣੇ ਦੇਸ਼ ਦੀ ਨਿਆਂ ਪਾਲਿਕਾ ਦੀ ਇੱਜ਼ਤ ਕਰਦੇ ਹਨ ਤੇ ਕਰਦੇ ਵੀ ਰਹਿਣਾ ਚਾਹੁੰਦੇ ਹਨ, ਪਰ ਲੋਕਾਂ ਵਿੱਚ ਇਹ ਇੱਜ਼ਤ ਬਣੀ ਰਹੇ, ਇਸ ਲਈ ਖੁਦ ਨਿਆਂ ਪਾਲਿਕਾ ਨਾਲ ਜੁੜੇ ਹੋਏ ਲੋਕਾਂ ਨੂੰ ਅਹੁਦੇ ਦੇ ਸਤਿਕਾਰ ਦਾ ਖਿਆਲ ਰੱਖ ਕੇ ਚੱਲਣਾ ਚਾਹੀਦਾ ਹੈ। ਬੀਤੇ ਸਮੇਂ ਵਿੱਚ ਇਹੋ ਜਿਹੇ ਕਈ ਕੇਸ ਹੋਏ ਹਨ, ਜਿਨ੍ਹਾਂ ਨਾਲ ਜੱਜਾਂ ਦਾ ਸਤਿਕਾਰ ਲੋਕਾਂ ਵਿੱਚ ਕਿੰਤੂਆਂ ਦੇ ਘੇਰੇ ਵਿੱਚ ਆਉਣ ਲੱਗ ਪਿਆ ਹੈ, ਅਤੇ ਏਦਾਂ ਹੋਣਾ ਨਹੀਂ ਸੀ ਚਾਹੀਦਾ।

ਹਾਲੇ ਕੁਝ ਦਿਨ ਹੋਏ ਹਨ, ਭਾਰਤ ਸਰਕਾਰ ਨੇ ਦੇਸ਼ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੁਖੀ ਵਜੋਂ ਸਾਬਕਾ ਜੱਜ ਜਸਟਿਸ ਅਰੁਣ ਮਿਸ਼ਰਾ ਨੂੰ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਹੁੰਦੇ ਸਾਰ ਪ੍ਰਮੁੱਖ ਵਕੀਲ ਪ੍ਰਸ਼ਾਂਤ ਭੂਸ਼ਨ ਨੇ ਜਸਟਿਸ ਮਿਸ਼ਰਾ ਵਿਰੁੱਧ ਏਦਾਂ ਦੇ ਕੇਸ ਕੱਢ ਲਿਆਂਦੇ, ਜਿਹੜੇ ਲੋਕਾਂ ਦੇ ਚੇਤੇ ਵਿੱਚੋਂ ਵਿੱਸਰ ਚੁੱਕੇ ਸਨ। ਜਸਟਿਸ ਅਰੁਣ ਮਿਸ਼ਰਾ ਉੱਤੇ ਭਾਰਤ ਦੇ ਇੱਕ ਵੱਡੇ ਉਦਯੋਗਪਤੀ, ਜਿਹੜਾ ਗੁਜਰਾਤ ਵਿੱਚ ਨਰਿੰਦਰ ਮੋਦੀ ਦੇ ਮੁੱਖ ਮੰਤਰੀ ਬਣਨ ਪਿੱਛੋਂ ਬੜੀ ਤੇਜ਼ੀ ਨਾਲ ਉੱਭਰਿਆ ਸੀ, ਦੇ ਕੇਸਾਂ ਵਿੱਚ ਲਗਾਤਾਰ ਉਸ ਦੇ ਹੱਕ ਵਿੱਚ ਫੈਸਲੇ ਕਰਨ ਦੀ ਚਰਚਾ ਹੁੰਦੀ ਸੀ। ਜਦੋਂ ਚਾਰ ਜੱਜ ਪ੍ਰੈੱਸ ਕਾਨਫਰੰਸ ਕਰਨ ਬੈਠੇ ਸਨ, ਓਦੋਂ ਉਨ੍ਹਾਂ ਨੇ ਵੀ ਇਸ ਜੱਜ ਬਾਰੇ ਕੁਝ ਟਿਪਣੀਆਂ ਕੀਤੀਆਂ ਸਨ। ਭਾਰਤ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੁਖੀ ਲਈ ਦੋ ਯੋਗਤਾਵਾਂ ਚਾਹੀਦੀਆਂ ਹਨ, ਪਹਿਲੀ ਤਾਂ ਇਹ ਕਿ ਉਸ ਜੱਜ ਦਾ ਪਿਛਲਾ ਰਿਕਾਰਡ ਮਨੁੱਖੀ ਅਧਿਕਾਰਾਂ ਲਈ ਕੰਮ ਕਰਨ ਦਾ



ਹੋਵੇ, ਜਿਹੜਾ ਜਸਟਿਸ ਮਿਸ਼ਰਾ ਨੇ ਕਦੇ ਨਹੀਂ ਸੀ ਕੀਤਾ ਅਤੇ ਦੂਸਰਾ ਇਹ ਕਿ ਉਹ ਸਰਕਾਰ ਦਾ ਪ੍ਰਭਾਵ ਕਬੂਲਣ ਵਾਲਾ ਨਾ ਹੋਵੇ। ਜਸਟਿਸ ਮਿਸ਼ਰਾ ਵਿਰੁੱਧ ਚਾਰ ਜੱਜਾਂ ਨੇ ਪ੍ਰੈੱਸ ਕਾਨਫਰੰਸ ਦੇ ਵਕਤ ਕਿਹਾ ਸੀ ਕਿ ਸਰਕਾਰ ਲਈ ਬਹੁਤ ਸੰਵੇਦਨਸ਼ੀਲ ਮੰਨੇ ਜਾਂਦੇ ਕੇਸ ਇਸ ਜੱਜ ਕੋਲ ਭੇਜੇ ਜਾਂਦੇ ਹਨ ਅਤੇ ਇਸ ਦਾ ਰਿਕਾਰਡ ਸਰਕਾਰ ਦੇ ਪ੍ਰਭਾਵ ਤੋਂ ਮੁਕਤ ਜੱਜ ਵਾਲਾ ਨਹੀਂ ਬਣ ਸਕਿਆ। ਜੱਜ ਲੋਇਆ ਦੀ ਮੌਤ ਦੇ ਕੇਸ ਅਤੇ ਅਡਾਨੀ ਗਰੁੱਪ ਜਾਂ ਸਹਾਰਾ ਗਰੁੱਪ ਵਾਲੇ ਕੇਸਾਂ ਵਿੱਚ ਸਭ ਨੂੰ ਪਤਾ ਹੈ ਕਿ ਜਸਟਿਸ ਅਰੁਣ ਮਿਸ਼ਰਾ ਨੇ ਕੀ ਰੁਖ ਅਪਣਾਇਆ ਸੀ, ਉਸ ਦੀ ਕਈ ਪਾਸੀਂ ਨੁਕਤਾਚੀਨੀ ਹੁੰਦੀ ਰਹੀ ਸੀ। ਸੁਪਰੀਮ ਕੋਰਟ ਬਾਰ ਐਸੋਸੀਏਸ਼ਨ ਦੇ ਮੁਖੀ ਦੁਸ਼ਿਅੰਤ ਦਵੇ ਨੇ ਵੀ ਇੱਕ ਵਾਰੀ ਜਸਟਿਸ ਮਿਸ਼ਰਾ ਦੇ ਖਿਲਾਫ ਕਈ ਇਤਰਾਜ਼ ਉਠਾਏ ਸਨ, ਜਿਹੜੇ ਚਰਚਾ ਦਾ ਵਿਸ਼ਾ ਬਣ ਗਏ ਸਨ।

ਇਸ ਵਕਤ ਇੱਕ ਨਵਾਂ ਕੇਸ ਦੇਸ਼ ਦੇ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੈ। ਪੱਛਮੀ ਬੰਗਾਲ ਦੀਆਂ ਚੋਣਾਂ ਦੇ ਨਤੀਜੇ ਵਾਲੇ ਦਿਨ ਹਲਕਾ ਨੰਦੀਗ੍ਰਾਮ ਦੇ ਨਤੀਜੇ ਵਿੱਚ ਪਹਿਲਾਂ ਮਮਤਾ ਬੈਨਰਜੀ ਨੂੰ ਜੇਤੂ ਐਲਾਨਿਆ ਗਿਆ ਤੇ ਰਾਜ ਦੇ ਗਵਰਨਰ ਨੇ ਵੀ ਮਮਤਾ ਬੈਨਰਜੀ ਨੂੰ ਜਿੱਤ ਦੀ ਵਧਾਈ ਭੇਜ ਦਿੱਤੀ। ਕੁਝ ਸਮੇਂ ਬਾਅਦ ਰਿਟਰਨਿੰਗ ਅਫਸਰ ਨੇ ਨਤੀਜਾ ਪਲਟਾ ਕੇ ਤ੍ਰਿਣਮੂਲ ਕਾਂਗਰਸ ਤੋਂ ਭਗੌੜੇ ਹੋਏ ਭਾਜਪਾ ਉਮੀਦਵਾਰ ਸੁਵੇਂਦੂ ਅਧਿਕਾਰੀ ਦੀ ਜਿੱਤ ਦਾ ਐਲਾਨ ਕਰ ਦਿੱਤਾ ਤੇ ਇਸ ਨਾਲ ਹਰ ਪਾਸੇ ਰੌਲਾ ਪੈ ਗਿਆ। ਮਮਤਾ ਬੈਨਰਜੀ ਨੇ ਇਸ ਚੋਣ ਨੂੰ ਚੁਣੌਤੀ ਦੇਣ ਦਾ ਐਲਾਨ ਕਰ ਦਿੱਤਾ ਤੇ ਜਦੋਂ ਇਸ ਚੁਣੌਤੀ ਦੀ ਪਟੀਸ਼ਨ ਹਾਈ ਕੋਰਟ ਵਿੱਚ ਪਹੁੰਚੀ ਤਾਂ ਨਿਆਂ ਪਾਲਿਕਾ ਨਵੀਂ ਚਰਚਾ ਵਿੱਚ ਆ ਗਈ। ਹਾਈ ਕੋਰਟ ਦੇ ਚੀਫ ਜਸਟਿਸ ਨੇ ਇਹ ਕੇਸ ਜਸਟਿਸ ਕੌਸ਼ਿਕ ਚੰਦਾ ਦੇ ਸਿੰਗਲ ਜੱਜ ਬੈਂਚ ਦੇ ਹਵਾਲੇ ਕਰ ਦਿੱਤਾ ਤੇ ਤ੍ਰਿਣਮੂਲ ਕਾਂਗਰਸ ਨੇ ਜਸਟਿਸ ਕੌਸ਼ਿਕ ਚੰਦਾ ਦੀਆਂ ਭਾਜਪਾ ਲੀਡਰਾਂ ਨਾਲ ਭਾਜਪਾ ਦੇ ਲੀਗਲ ਸੈੱਲ ਦੇ ਸਮਾਗਮਾਂ ਵਿੱਚ ਜਾ ਕੇ ਉਨ੍ਹਾਂ ਨਾਲ ਖਿਚਵਾਈਆਂ ਤਸਵੀਰਾਂ ਪ੍ਰੈੱਸ ਨੂੰ ਜਾਰੀ ਕਰ ਦਿੱਤੀਆਂ। ਜਿਹੜਾ ਜੱਜ ਇਸ ਅਹੁਦੇ ਉੱਤੇ ਜਾਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਭਾਜਪਾ ਲੀਡਰਾ ਨਾਲ ਲਗਾਤਾਰ ਸਾਂਝ ਰੱਖਦਾ ਰਿਹਾ ਹੈ, ਉਸ ਕੋਲ ਮਮਤਾ ਬੈਨਰਜੀ ਦੀ ਚੋਣ ਪਟੀਸ਼ਨ ਨੂੰ ਭੇਜਣ ਨਾਲ ਹੀ ਅੱਧਾ ਫੈਸਲਾ ਲੋਕਾਂ ਦੇ ਅੰਦਾਜ਼ਿਆਂ ਦਾ ਆਧਾਰ ਬਣ ਜਾਂਦਾ ਹੈ। ਭਾਜਪਾ ਇਸ ਦੀਆਂ ਸਫਾਈਆਂ ਦੇ ਰਹੀ ਹੈ, ਪਰ ਭਾਜਪਾ ਦੀਆਂ ਸਫਾਈਆਂ ਨਾਲ ਕਿਸੇ ਦਾ ਸ਼ੱਕ ਦੂਰ ਨਹੀਂ ਹੋਣਾ। ਜਿਹੜੀ ਗੱਲ ਸੁਪਰੀਮ ਕੋਰਟ ਦੇ ਚਾਰ ਜੱਜਾਂ ਨੇ ਪ੍ਰੈੱਸ ਕਾਨਫਰੰਸ ਵਿੱਚ ਕਹੀ ਸੀ ਕਿ ਕੇਸ ਚੁਣ ਕੇ ਉਨ੍ਹਾਂ ਜੱਜਾਂ ਦੇ ਹਵਾਲੇ ਕੀਤੇ ਜਾ ਰਹੇ ਹਨ, ਜਿਨ੍ਹਾਂ ਕੋਲ ਜਾਣੇ ਨਹੀਂ ਚਾਹੀਦੇ, ਉਹੀ ਗੱਲ ਇਸ ਕੇਸ ਵਿੱਚ ਕਹੀ ਜਾ ਰਹੀ ਹੈ ਕਿ ਇਹ ਕੇਸ ਉਸ ਜੱਜ ਕੋਲ ਹਰਗਿਜ਼ ਨਹੀਂ ਜਾਣਾ ਚਾਹੀਦਾ ਸੀ, ਜਿਸ ਦੇ ਖਿਲਾਫ ਭਾਜਪਾ ਨਾਲ ਸਾਂਝੀ ਦੀ ਗੱਲ ਕਹੀ ਜਾ ਰਹੀ ਹੈ। ਜਦੋਂ ਪਤਾ ਹੈ ਕਿ ਇਹ ਜੱਜ ਇਸ ਕੇਸ ਦੀ ਇੱਕ ਧਿਰ ਦੀ ਰਾਜਨੀਤੀ ਵਾਲੀ ਪਾਰਟੀ ਨਾਲ ਗੂੜ੍ਹੀਆਂ ਸਾਂਝਾਂ ਰੱਖਦਾ ਰਿਹਾ ਹੈ ਤਾਂ ਇਸ ਨੂੰ ਕੇਸ ਦੇਣਾ ਹੀ ਨਹੀਂ ਸੀ ਚਾਹੀਦਾ।

ਅਸੀਂ ਫਿਰ ਉਸੇ ਗੱਲ ਉੱਤੇ ਆਉਂਦੇ ਹਾਂ ਕਿ ਆਮ ਲੋਕਾਂ ਨੂੰ ਕੋਈ ਨਹੀਂ ਪੁੱਛੇਗਾ ਕਿ ਨਿਆਂ ਪਾਲਿਕਾ ਦੀ ਕਿੰਨੀ ਕੁ ਇੱਜ਼ਤ ਕਰਦੇ ਹਨ, ਇਹੋ ਜਿਹੀ ਗੱਲ ਵੱਡੇ ਲੀਡਰਾਂ ਨੂੰ ਪੁੱਛੀ ਜਾਂਦੀ ਹੈ ਅਤੇ ਉਹ ਕਹਿ ਦੇਂਦੇ ਹਨ ਕਿ ਉਨ੍ਹਾਂ ਦੇ ਮਨ ਵਿੱਚ ਇਸ ਦੇਸ਼ ਦੀ ਨਿਆਂ ਪਾਲਿਕਾ ਦਾ ਬਹੁਤ ਸਤਿਕਾਰ ਹੈ। ਉਨ੍ਹਾਂ ਦੇ ਸਤਿਕਾਰ ਦਾ ਪੈਮਾਨਾ ਜਾਨਣ ਦਾ ਕੋਈ ਹੋਰ ਦਾਅਵਾ ਵੀ ਨਹੀਂ ਕਰ ਸਕਦਾ, ਪਰ ਆਮ ਲੋਕ ਏਦਾਂ ਦੀ ਗੱਲ ਨਹੀਂ ਕਹਿੰਦੇ, ਆਪਣੇ ਦੇਸ਼ ਦੀ ਨਿਆਂ ਪਾਲਿਕਾ ਦੀ ਦਿਲੋਂ ਇੱਜ਼ਤ ਕਰਦੇ ਹਨ। ਉਹ ਆਮ ਲੋਕ ਇਸ ਦੇਸ਼ ਦੀ ਨਿਆਂ ਪਾਲਿਕਾ ਦੀ ਇਹ ਇੱਜ਼ਤ ਕਰਦੇ ਵੀ ਰਹਿਣਾ ਚਾਹੁੰਦੇ ਹਨ। ਮੁਸ਼ਕਲ ਇਹ ਹੈ ਕਿ ਜਦੋਂ ਜਸਟਿਸ ਮਿਸ਼ਰਾ ਜਾਂ ਜਸਟਿਸ ਕੌਸ਼ਿਕ ਚੰਦਾ ਵਰਗੇ ਕੇਸ ਲੋਕਾਂ ਨੂੰ ਪੜ੍ਹਨ ਅਤੇ ਸੁਣਨ ਨੂੰ ਮਿਲਦੇ ਹਨ ਤਾਂ ਉਨ੍ਹਾਂ ਦੇ ਮਨ ਵਿੱਚ ਆਪਣੇ ਦੇਸ਼ ਦੇ ਜੱਜਾਂ ਦਾ ਉਹੋ ਜਿਹਾ ਅਕਸ ਨਹੀਂ ਹੋ ਸਕਦਾ, ਜਿੱਦਾਂ ਦਾ ਹੋਣਾ ਚਾਹੀਦਾ ਹੈ। ਇਹ ਅਕਸ ਖਰਾਬ ਹੋਣ ਤੋਂ ਬਚਾਉਣ ਦੀ ਜ਼ਿਮੇਵਾਰੀ ਨਿਆਂ ਪਾਲਿਕਾ ਨਾਲ ਜੁੜੇ ਹੋਏ ਲੋਕਾਂ ਦੀ ਹੀ ਹੈ।


# ਜੀਵਨ ਸ਼ੈਲੀ 'ਚ ਬਦਲਾਅ, ਕਰੋਨਾ ਵਾਇਰਸ 'ਤੋਂ ਬਚਾਅ !

ਪਹਿਲੀ ਵਾਰ ਕਰੋਨਾ ਵਾਇਰਸ ਦੀ ਪਛਾਣ 2019 ਵਿੱਚ ਚਾਈਨਾ ਦੇ ਸ਼ਹਿਰ ਵੁਹਾਨ ਵਿੱਚ ਕੀਤੀ ਗਈ ਸੀ ਇਥੋਂ ਹੀ ਇਸ ਦਾ ਨਾਮ ਕੋਵਿਡ-19 ( 2019) ਪਿਆ। ਕਰੋਨਾ ਵਾਇਰਸ ਬਿਮਾਰੀ ਦੇਖਦੇ ਹੀ ਦੇਖਦੇ ਵਿਸ਼ਵ-ਵਿਆਪੀ ਪੱਧਰ 'ਤੇ ਫੈਲ ਗਈ। ਜਿਸ ਦੇ ਨਤੀਜੇ ਵਜੋਂ ਸਾਲ 201920 ਦੀ ਕਰੋਨਾ ਵਾਇਰਸ (ਕੋਵਿਡ-19) ਇੱਕ ਵੱਡੀ ਮਹਾਂਮਾਰੀ ਬਣ ਗਈ। ਜਿੱਥੇ ਦੁਨੀਆਂ ਦੇ ਦੂਸਰੇ ਮੁਲਕਾਂ ਚ ਇਹ ਬਿਮਾਰੀ ਫੈਲ ਰਹੀ ਸੀ, ਉੱਥੇ ਹੀ ਭਾਰਤ ਵਿਚ ਇਸ ਨੇ ਸਾਲ 2020 ਦੀ ਸ਼ੁਰੂਆਤ ਹੁੰਦੇ ਹੀ ਦਸਤਕ ਦੇ ਦਿੱਤੀ ਸੀ ਤੇ ਸਾਲ 2020 ਦੇ ਖਤਮ ਹੁੰਦੇ-ਹੁੰਦੇ ਇਹ ਕਰੋਨਾ ਵਾਇਰਸ (ਕੋਵਿਡ-19) ਦੀ ਬਿਮਾਰੀ ਵੀ ਖਤਮ ਹੁੰਦੀ ਨਜ਼ਰ ਆਉਂਦੀ ਸੀ, ਉੱਥੇ ਮੁੜ ਸਾਲ 2021 ਚ ਇਸ ਦੀ ਲਾਗ ਦੇ ਮਾਮਲੇ ਦੋਬਾਰਾ ਵਧਣ ਲੱਗ ਪਏ ਹਨ। ਹੁਣ ਹਾਲਾਤ ਪਿਛਲੇ ਸਾਲ ਵਰਗੇ ਹੀ ਹੁੰਦੇ ਜਾ ਰਹੇ ਜਾਪਦੇ ਹਨ। ਮਾਹਿਰਾਂ ਦੇ ਅਨੁਸਾਰ ਕਰੋਨਾ ਵਾਇਰਸ (ਕੋਵਿਡ-19) ਇੱਕ ਮਹਾਂਮਾਰੀ ਹੈ, ਜਿਸ ਤੋਂ ਸਾਨੂੰ ਸਭ ਨੂੰ ਆਪਣਾ ਅਤੇ ਆਪਣੇ ਪਰਿਵਾਰ ਦਾ ਬਚਾਓ ਪਹਿਲ ਦੇ ਅਧਾਰ ਤੇ ਕਰਨਾ ਚਾਹੀਦਾ ਹੈ। ਕਰੋਨਾ ਵਾਇਰਸ (ਕੋਵਿਡ-19) ਸਬੰਧੀ ਸਰਕਾਰਾ ਵਲੋਂ ਜਾਰੀ ਕੀਤੀਆਂ ਜਾਂਦੀਆਂ ਹਦਾਇਤਾਂ ਤੇ ਦਿਸ਼ਾ ਨਿਰਦੇਸ਼ਾ ਦੀ ਪਾਲਣਾ ਕਰ ਕਾਫ਼ੀ ਹੱਦ ਤੱਕ ਇਸ ਮਹਾਂਮਾਰੀ ਤੋਂ ਬਚਿਆਂ ਜਾ ਸਕਦਾ ਹੈ। ਸਾਨੂੰ ਚਾਹੀਦਾ ਹੈ ਕਿ ਕਰੋਨਾ ਵਾਇਰਸ (ਕੋਵਿਡ-19) ਤੋਂ ਬਚਾਅ ਲਈ ਆਪਣੀ ਰੋਜ਼ਮਰ੍ਹਾ ਦੀ ਜੀਵਨ ਸ਼ੈਲੀ ਵਿਚ ਥੋੜੇ ਬਦਲਾਅ ਜ਼ਰੂਰ ਲਿਆਈਏ ਤੇ ਕੁਜ ਸਾਵਧਾਨੀਆਂ ਨੂੰ ਅਪਣਾਈਏ ਕਿਉ ਕਿ ਕਰੋਨਾ ਵਾਇਰਸ (ਕੋਵਿਡ-19) ਅਜੇ ਵੀ ਮੌਜੂਦ ਹੈ। ਸਾਨੂੰ ਵਾਇਰਸ ਖ਼ਤਮ ਕਰਨ ਲਈ ਆਪਣੇ ਹੱਥ ਨਿਯਮਿਤ ਤੌਰ 'ਤੇ ਧੋਣੇ ਚਾਹੀਦੇ ਹਨ। ਸਾਬਣ ਅਤੇ ਪਾਣੀ ਨਾਲ ਘੱਟੋ-ਘੱਟ 20 ਸਕਿੰਟਾਂ ਲਈ ਹੱਥ ਧੋਣੇ ਚਾਹੀਦੇ ਹਨ ਅਤੇ ਹੱਥ ਧੋਣ ਤੋਂ ਬਾਅਦ ਪੂਰੀ ਤਰ੍ਹਾਂ ਨਾਲ ਸੁਕਾਉਣੇ ਚਾਹੀਦਾ ਹੈ। ਜੇਕਰ ਖਾਂਸੀ ਜਾ ਛਿੱਕਾਂ ਆਉਂਦੀਆਂ ਹੋਣ ਤਾ ਆਪਣਾ ਨੱਕ, ਮੂੰਹ ਤੁਰੰਤ ਢੱਕ ਲੈਣਾ ਚਾਹੀਦਾ ਹੈ ਅਤੇ ਜੇਕਰ ਸਰਦੀ-ਜੁਕਾਮ ਜਾਂ ਫਲੂ ਵਰਗੇ ਲੱਛਣ ਹਨ ਤਾਂ ਤੁਰੰਤ ਆਪਣੇ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਕਰੋਨਾ ਵਾਇਰਸ (ਕੋਵਿਡ-19) ਤੋਂ ਬਚਾਅ ਲਈ ਸਫਰ ਅਤੇ ਭੀੜ ਵਾਲੀਆਂ ਥਾਵਾਂ ਤੇ ਜਾਨ ਤੋਂ ਗੁਰਜੇ ਕਰਨਾ ਚਾਹੀਦਾ ਹੈ। ਸਾਨੂੰ ਆਪਣੇ ਆਪ ਤੇ ਵੀ ਨਜ਼ਰ ਰੱਖਣੀ ਚਾਹੀਦੀ ਹੈ ਕਿ ਅਸੀਂ ਕਿੱਥੇ ਜਾਂਦੇ ਹਾਂ ਅਤੇ ਕਿਸ ਨੂੰ ਮਿਲਦੇ ਹਾਂ ।

ਕਰੋਨਾ ਵਾਇਰਸ (ਕੋਵਿਡ-19) ਤੋਂ ਬਚਾਅ ਲਈ ਅਤੇ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ, ਜੇਕਰ ਸਾਨੂੰ



ਸਰਦੀ-ਜੁਕਾਮ ਜਾਂ ਫਲੂ ਵਰਗੇ ਲੱਛਣ ਲੱਗਦੇ ਹਨ ਤਾ ਡਾਕਟਰ ਦੀ ਸਲਾਹ ਨਾਲ ਕਰੋਨਾ ਵਾਇਰਸ ਦੀ ਜਾਂਚ



ਹਰਮਨਪ੍ਰੀਤ ਸਿੰਘ,
ਸਰਹਿੰਦ, ਜ਼ਿਲ੍ਹਾ:
ਫ਼ਤਹਿਗੜ੍ਹ ਸਾਹਿਬ,
98550 10005

ਕਰਵਾਏ ਜਾਣ ਦੀ ਤੁਰੰਤ ਲੋੜ ਹੈ। ਕਰੋਨਾ ਵਾਇਰਸ ਦੀ ਜਾਂਚ ਲਈ ਸਾਡੇ ਸਰੀਰ ਤੋਂ ਨਮੂਨਾ ਲਿਆ ਜਾਂਦਾ ਹੈ। ਨਮੂਨਾ ਲੈਣ ਦੇ ਇੱਕ ਤੋਂ ਜ਼ਿਆਦਾ ਤਰੀਕੇ ਹਨ। ਸਭ ਤੋਂ ਆਮ ਤਰੀਕਾ ਸਾਡੇ ਨੱਕ ਦੇ ਅੰਦਰ ਪਿਛਲੇ ਪਾਸੇ ਤੋਂ ਇੱਕ ਸਵੈਬ ਨਾਲ ਨਮੂਨਾ ਲਿਆ ਜਾਂਦਾ ਹੈ। ਸਵੈਬ ਇੱਕ ਛੋਟੀ ਜਿਹੀ ਰੂੰ ਦੀ ਕਲੀ (ਬਡ) ਵਰਗਾ ਹੁੰਦਾ ਹੈ ਅਤੇ ਇਸ ਨਾਲ ਇੱਕ ਲੰਬੀ ਡੰਡੀ ਲੱਗੀ ਹੁੰਦੀ ਹੈ। ਨਮੂਨਾ ਲੈਣ ਤੋਂ ਬਾਅਦ ਵਿਸ਼ਲੇਸ਼ਣ ਲਈ ਨਮੂਨਾ ਲੈਬਾਰਟਰੀ ਵਿੱਚ ਭੇਜ ਦਿੱਤਾ ਜਾਂਦਾ ਹੈ। ਕਰੋਨਾ ਵਾਇਰਸ ਦਾ ਲੈਬ ਟੈਸਟ ਪਾਜ਼ਿਟਿਵ ਹੋਵੇ ਜਾਂ ਨੈਗੇਟਿਵ ਹੋਵੇ, ਸਾਨੂੰ ਚਾਹੀਦਾ ਹੈ ਕਿ ਸਬੰਧਤ ਡਾਕਟਰ ਦੀ ਦਿੱਤੀ ਸਲਾਹ ਦੀ ਪਾਲਣਾ ਕਰਨੀ ਚਾਹੀਦੀ ਹੈ। ਜੇਕਰ ਕਰੋਨਾ ਵਾਇਰਸ ਦਾ ਟੈਸਟ ਪਾਜ਼ਿਟਿਵ ਆਉਂਦਾ ਹੈ ਤਾਂ ਸਾਨੂੰ ਇਕਾਂਤਵਾਸ ਵਿੱਚ ਰਹਿਣ ਦੀ ਲੋੜ ਹੋਵੇਗੀ ਅਤੇ ਨਾਲ ਹੀ ਪਰਿਵਾਰਕ ਅਤੇ ਉਹ ਸਾਰੇਵਿਅਕਤੀ ਜਿਨ੍ਹਾਂ ਨਾਲ ਹਾਲ ਹੀ ਚ ਸੰਪਰਕ ਵਿਚ ਆਏ ਸੀ। ਇਕਾਂਤਵਾਸ ਹੋ ਆਪਣਾ ਇਲਾਜ ਕਰਵਾਉਣਾ ਵਾਇਰਸ ਫੈਲਣ ਦੀ ਸੰਭਾਵਨਾ ਨੂੰ ਘਟਾਉਂਦਾ ਹੈ।

ਸਾਨੂੰ ਇਹ ਹਮੇਸ਼ਾ ਯਾਦ ਰੱਖਣਾ ਪਾਵੇਗਾ ਕਿ ਇਹ ਕਰੋਨਾ ਵਾਇਰਸ (ਕੋਵਿਡ-19) ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਛੋਟੀਆਂ-ਬੂੰਦਾਂ ਰਾਹੀਂ ਫੈਲਦਾ ਹੈ। ਇਹ ਵਾਇਰਸ ਸਾਡੀਆਂ ਅੱਖਾਂ, ਨੱਕ ਜਾਂ ਮੂੰਹ ਰਾਹੀਂ ਵਾਇਰਸ ਸਰੀਰ ਦੇ ਅੰਦਰ ਜਾ ਸਕਦਾ ਹੈ। ਜਦੋਂ ਇੱਕ ਲਾਗਗ੍ਰਸਤ ਵਿਅਕਤੀ ਖੰਘਦਾ, ਛਿੱਕਦਾ ਜਾਂ ਗੱਲ ਕਰਦਾ ਹੈ, ਤਾਂ ਉਹ ਵਾਇਰਸ ਵਾਲੀਆਂ ਛੋਟੀਆਂ ਬੂੰਦਾਂ ਨੂੰ ਫੈਲਾ ਸਕਦਾ ਹੈ। ਇਹ ਬੂੰਦਾਂ ਬਹੁਤ ਤੇਜੀ ਨਾਲ ਆਸ-ਪਾਸ ਦੀਆਂ ਸਤ੍ਹਾਵਾਂ 'ਤੇ ਲੱਗ ਜਾਂਦੀਆਂ ਹਨ ਅਤੇ ਵਾਇਰਸ ਦੇ ਫੈਲਣ ਦਾ ਕਰਨ ਬਣਦੀਆ ਹਨ। ਇਸ ਤੋਂ ਬਚਨ ਲਈ ਸਾਨੂੰ ਸਭ ਨੂੰ ਸਰੀਰਕ ਦੂਰੀ ਰੱਖਣਾ, ਹੱਥ ਧੋਣਾ, ਭੀੜ-ਭੜੱਕੇ ਵਾਲੀਆਂ ਥਾਵਾਂ ਤੇ ਨਾ ਜਾਣਾ ਅਤੇ ਸਭ ਤੋਂ ਜ਼ਰੂਰੀ ਹੈ, ਮਾਸਕ ਦੀ ਵਰਤੋਂ ਲਾਜਮੀ ਕਰਨੀ, ਮਾਸਕ ਨੂੰ ਪਹਿਨਣ ਨਾਲ ਅਸੀਂ ਕਰੋਨਾ ਵਾਇਰਸ (ਕੋਵਿਡ-19) ਦੇ ਫੈਲਾਵ ਨੂੰ ਰੋਕਣ ਅਤੇ ਹੋਰਨਾਂ ਲੋਕਾ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਕਰ ਸਕਦੇ ਹਾਂ। ਹਰੇਕ ਵਿਅਕਤੀ ਲਈ ਇਹ ਬੇਹੱਦ ਜਰੂਰੀ ਹੈ ਕਿ ਉਹ ਮਾਸਕਾਂ ਜਾ ਮੂੰਹ ਢਕਣ ਵਾਲੀ ਕੋਈ ਵੀ ਚੀਜ਼ ਨਾਂ ਤਾਂ ਕਿਸੇ ਦੀ ਵਰਤੀ ਹੋਈ ਆਪ ਲਵੇ ਅਤੇ ਨਾ ਹੀ ਦਵੇ। ਜ਼ਿਆਦਾਤਰ ਲੋਕ ਮਾਸਕ ਦੀ ਵਰਤੋਂ ਨਹੀਂ ਕਰਦੇ ਅਜਿਹੇ ਚ ਉਹ ਆਪਣੀ ਅਤੇ ਆਪਣੇ ਪ੍ਰੀਵਾਰ ਦੀ ਜਾਨ ਜੋਖ਼ਮ ਚ ਪਾਉਣ ਦਾ ਕੰਮ ਕਰ ਰਹੇ ਹੁੰਦੇ ਹਨ। ਜਿੱਥੇ ਸਮਾਜਿਕ ਦੂਰੀ ਬਣਾਏ ਰੱਖਣਾ ਸਾਡੀ ਨਿੱਜੀ ਜ਼ੁੰਮੇਵਾਰੀ ਹੋਣੀ ਚਾਹੀਂਦੀ ਹੈ, ਉੱਥੇ ਹੀ ਮਾਸਕ ਅਤੇ ਮੂੰਹ ਢਕਣ ਵਾਲੀ ਕੋਈ ਚੀਜ਼ ਦੀ ਵਰਤੋਂ ਬੇਹੱਦ ਲਾਜ਼ਮੀ ਹੋ ਜਾਂਦੀ ਹੈ। ਸਭ ਤੋਂ ਪਹਿਲਾਂ ਸਾਡੇ ਕੋਲ ਕਰੋਨਾ ਵਾਇਰਸ (ਕੋਵਿਡ-19) ਤੋਂ ਬਚਨ ਲਈ ਹਥਿਆਰ ਮਾਸਕ ਹੀ ਹੈ। ਸਾਨੂੰ ਵਾਇਰਸ ਦੇ ਫੈਲਾ ਅਤੇ ਇਸ ਤੋਂ ਬਚਾਅ ਲਈ ਮਾਸਕ ਦੀ ਵਰਤੋਂ ਦੀ ਜਾਣਕਾਰੀ ਹੋਣੀ ਜਰੂਰੀ ਹੈ। ਮਾਸਕ ਦੀ ਵਰਤੋਂ ਤੋਂ ਪਹਿਲਾਂ ਜਾਂਚ ਕਰ ਇਹ ਯਕੀਨੀ ਬਣਾਓ ਕਿ ਮਾਸਕ ਸਾਫ਼-ਸੁਥਰਾ ਹੋਵੇ ਤੇ ਕਿਤੋਂ ਵੀ ਕਟਿਆ -ਫਟਿਆ ਨਾ ਹੋਵੇ। ਮਾਸਕ ਪਾਉਣ ਤੋਂ ਪਹਿਲਾਂ ਹੱਥਾਂ ਦਾ ਸੈਨੇਟਾਈਜ਼ਰ ਜਾ ਸਾਬਣ, ਪਾਣੀ ਨਾਲ ਸਾਫ਼ ਕਰੋ। ਆਪਣੇ ਮਾਸਕ ਨੂੰ ਆਪਣੇ ਨੱਕ ਅਤੇ ਮੂੰਹ 'ਤੇ ਰੱਖ, ਇਸ ਨੂੰ ਡੋਰੀ ਨਾਲ ਬੰਨ੍ਹ ਦਿਓ। ਵਾਇਰਸ ਤੋਂ ਬਚਾਅ ਲਈ ਨੱਕ, ਮੂੰਹ ਅਤੇ ਠੋਡੀ ਨੂੰ ਪੂਰੀ ਤਰ੍ਹਾਂ ਨਾਲ ਮਾਸਕ ਨੇ ਢਕਿਆ ਹੋਵੇ ਅਤੇ ਨਾਲ ਹੀ ਮਾਸਕ ਪਾਉਣ ਤੋਂ ਬਾਅਦ ਆਪਣੇ ਹੱਥਾਂ ਨੂੰ ਦੁਬਾਰਾ ਸਾਫ਼ ਕਰ ਲੈਣਾ ਚਾਹੀਦਾ ਹੈ । ਮਾਸਕ ਦੇ ਪਹਿਨੇ ਹੋਣ ਸਮੇਂ ਜਿਨ੍ਹਾਂ ਹੋ ਸਕੇ ਆਪਣੇ ਚਿਹਰੇ ਨੂੰ ਛੂਹਣ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ, ਆਪਣੇ ਮਾਸਕ ਨੂੰ ਬਾਰ -ਬਾਰ ਹਿਲਾਉਣ ਤੋਂ ਬਚਣਾ ਚਾਹੀਦਾ ਹੈ ਅਤੇ ਜੇਕਰ ਮਾਸਕ ਕਿਸੇ ਕਾਰਣ ਗਿੱਲਾ ਜਾਂ ਗੰਦੀ ਹੋ ਜਾਂਦੀ ਹੈ ਤਾਂ ਇਸ ਨੂੰ ਤੁਰੰਤ ਬਦਲ ਲੈਣਾ ਚਾਹੀਦਾ ਹੈ ਤੇ ਖ਼ਰਾਬ ਹੋਏ ਮਾਸਕ ਨੂੰ ਬੰਦ ਢੱਕਣ ਵਾਲੇ ਕੂੜੇਦਾਨ ਵਿਚ ਸੁੱਟ ਦੇਣਾ ਚਾਹੀਦਾ ਹੈ। ਇਸੇ ਤਰਾਂ ਮਾਸਕ ਨੂੰ ਉਤਾਰਨ ਸਮੇਂ ਮੁੜ ਹੱਥਾਂ ਨੂੰ ਸੈਨੇਟਾਈਜ਼ਰ ਜਾ ਸਾਬਣ, ਪਾਣੀ ਨਾਲ ਸਾਫ਼ ਕਰੋ। ਆਪਣੇ ਮਾਸਕ ਨੂੰ ਡੋਰੀ ਤੋਂ ਫ਼ੜ ਉਤਾਰ ਲਵੋ ਤੇ ਮਾਸਕ ਦੇ ਮੂਹਰਲੇ ਬਾਹਰੀ ਅਤੇ ਮੂਹਰਲੇ ਅੰਦਰਲੇ ਹਿੱਸੇ ਨੂੰ ਨਾ ਛੂਹੋ। ਧੋਣ ਯੋਗ ਕੱਪੜੇ ਦੇ ਮਾਸਕ ਨੂੰ ਸਾਬਣ,ਸਰਫ਼ ਤੇ ਸਾਫ ਪਾਣੀ ਨਾਲ ਧੋਅ ਕੇ ਦੁਬਾਰਾ ਵਰਤਣ ਤੋਂ ਪਹਿਲਾਂ ਪੂਰੀ ਤਰ੍ਹਾਂ ਸਕਾਓ। ਇਕ ਵਾਰ ਵਤੋ ਚ ਆਉਣ ਵਾਲੇ ਮਾਸਕ ਨੂੰ ਦੁਬਾਰਾ ਨਾ ਵਰਤੋਂ। ਕਰੋਨਾ ਵਾਇਰਸ (ਕੋਵਿਡ-19) ਤੋਂ ਬਚਨ ਲਈ ਸਾਵਧਾਨੀ ਵਰਤਣਾ ਬੇਹੱਦ ਜਰੂਰੀ ਹੈ।

ਕਰੋਨਾ ਵਾਇਰਸ (ਕੋਵਿਡ-19) ਦੇ ਫੈਲਾਅ ਨੂੰ ਰੋਕਣ ਲਈ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਹੋਣ ਦੇ ਨਾਲ-ਨਾਲ ਵੈਕਸੀਨ ਵੀ ਲਗਾਉਣੀ ਹੋਵੇਗੀ ਅਤੇ ਨਾਲ ਹੀ ਕਰੋਨਾ ਵਾਇਰਸ (ਕੋਵਿਡ-19) ਦੇ ਪ੍ਰੋਟੋਕਾਲ ਦੀ ਪਾਲਣਾ ਵੀ ਸਖਤੀ ਨਾਲ ਕਰਨੀ ਹੋਵੇਗੀ। ਭਾਰਤ 'ਚ ਕਰੋਨਾ ਵਾਇਰਸ (ਕੋਵਿਡ-19) ਦੇ ਤੇਜ਼ੀ ਨਾਲ ਵਧ ਰਹੇ ਮਾਮਲਿਆਂ ਨੇ ਸਰਕਾਰਾਂ ਦੇ ਨਾਲ-ਨਾਲ ਲੋਕਾਂ 'ਚ ਇਕ ਵਾਰ ਫਿਰ ਬੇਚੈਨੀ ਵਧਾ ਦਿੱਤੀ ਹੈ। ਵਿਗਿਆਨੀ ਇਸ ਗੱਲ ਨਾਲ ਇਕਮੱਤ ਹਨ, ਕਿ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਟੀਕਾਕਰਨ () ਦੇ ਨਾਲ-ਨਾਲ ਸਾਵਧਾਨੀਆਂ ਹੀ ਸਭ ਤੋਂ ਸਰਬੋਤਮ ਉਪਾਅ ਹਨ ਭਾਰਤ ਚ 16 ਜਨਵਰੀ 2021 ਨੂੰ ਕਰੋਨਾ ਵਾਇਰਸ (ਕੋਵਿਡ-19) ਖਿਲਾਫ ਵਿਸ਼ਵ ਦੀ ਸਭ ਤੋਂ ਵੱਡੀ ਟੀਕਾਕਰਨ () ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਸੀ , ਇਹ 2 ਟੀਕਿਆਂ ਦੀ ਖੁਰਾਕ ਹੁੰਦੀ ਹੈ ਅਤੇ ਮਾਹਿਰਾਂ ਮੁਤਾਬਿਕ ਕਰੋਨਾ ਵਾਇਰਸ ਟੀਕਾਕਰਨ ਬਿਮਾਰੀ ਫੈਲਣ ਤੋਂ ਰੋਕਣ ਚ ਸਮਰੱਥ ਹੈ। ਸਰਕਾਰ ਵਲੋਂ ਚਲਾਇਆ ਜਾ ਰਿਹਾ ਕੋ-ਵਿਨ ਸਿਸਟਮ ਆਪਣੇ ਡਿਜਿਟਲ ਪਲੈਟਫਾਰਮ ਰਾਹੀਂ ਟੀਕਾ ਲਗਵਾਉਣ ਵਾਲਿਆਂ ਦੀ ਰਜਿਸਟ੍ਰੇਸ਼ਨ ਕਰ ਪ੍ਰਮਾਣ - ਪੱਤਰ ਵੀ ਜਾਰੀ ਕਰ ਰਹੇ ਹਨ। ਸਰਕਾਰ ਵਲੋਂ ਟੀਕਾਕਰਨ ਕਰਵਾਉਣ ਵਾਲੇ ਨੂੰ ਤਕਰੀਬਨ 30 ਮਿੰਟ ਤੱਕ ਟੀਕਾਕਰਨ ਕੇਂਦਰ ਤੇ ਮਾਹਿਰ ਡਾਕ-ਟਰਾ ਦੀ ਟੀਮ ਦੀ ਨਿਗਰਾਨੀ ਹੇਠ ਰੱਖਣ ਦੇ ਦਿਸ਼ਾ-ਨਿਰਦੇਸ਼ ਹਨ। ਸਮਾਜ ਭਲਾਈ ਹਿਤ ਕਰੋਨਾ ਵਾਇਰਸ (ਕੋਵਿਡ-19) ਦੀ ਰੋਕਥਾਮ ਬੇਹੱਦ ਜ਼ਰੂਰੀ ਹੈ ਅਤੇ ਸਰਕਾਰ ਵੱਲੋਂ ਕਰੋਨਾ ਵਾਇਰਸ ਦੀ ਰੋਕਥਾਮ ਲਈ ਜਾਰੀ ਸਿਹਤ ਸਲਾਹਾਂ ਦੀ ਇੰਨ-ਬਿੰਨ ਪਾਲਣਾ ਨੂੰ ਯਕੀਨੀ ਬਣਾਉਣਾ ਸਭ ਦੀ ਸਾਂਝੀ ਜ਼ੁਮੇਵਾਰੀ ਹੈ।

# ਵਾਰਡ ਅਟੈਂਡੈਂਟ ਦੀਆਂ 800 ਪੋਸਟਾਂ ਦੀ ਕੀ ਸਚਾਈ ਹੈ,ਕੀ ਸ਼ੋਸ਼ਣ ਤੇ ਘੋਟਾਲਾ ਤਾਂ ਨਹੀਂ ?

ਪੰਜਾਬ ਸਰਕਾਰਦੁਆਰਾ ਚੋਣ ਸਟੰਟ ਤਹਿਤ ਚੋਣਾਂ ਦੇ ਨਜਦੀਕੀ ਸਮੇਂ ਵਿੱਚ ਕੁਝ ਵਿਭਾਗਾਂ ਵਿੱਚ ਨੌਕਰੀਆਂ ਕੱਢੀਆਂ ਹਨ ਪ੍ਰੰਤੂ ਇੰਨਾਂ ਪੋਸਟਾਂ ਨੂੰ ਭਰਨ ਲਈ ਲਈਆਂ ਜਾਂਣ ਵਾਲੀਆਂ ਪ੍ਰੀਖਿਆਵਾਂ ਦੋ ਨੰਬਰ ਦੀ ਕਮਾਈ ਦਾ ਇੱਕ ਨੰਬਰ ਧੰਦਾ ਬਣ ਗਈਆਂ ਹਨ।ਹੁਣ ਚੋਣਾਂ ਨਜਦੀਕ ਆ ਗਈਆਂ ਹਨ, ਵਾਰਡ ਅਟੈਂਡੈਂਟ ਦੀਆਂ 800 ਪੋਸਟਾਂ ਲਈ ਅਵੇਦਨ ਕਰਨ ਵਾਲੇ 162000 ਉਮੀਦਵਾਰਾਂ ਨਾਲ ਜੁੜੀਆਂ ਤਕਰੀਬਨ ਪ੍ਰਤੀ ਉਮੀਦਵਾਰ ਦਸ ਵੋਟਾਂ ਵੀ ਲਾ ਲਈਏ 1620000 ਵੋਟਾਂ ਰਾਜਨੀਤਿਕ ਗਲਿਆਰਿਆਂ ਨੂੰ ਸੁੱਕਣੇ ਪਾ ਸਕਦੀਆਂ ਹਨ।

10 ਮਹੀਨੇਂ ਪਹਿਲਾਂ ਪੰਜਾਬ ਸਰਕਾਰ ਦੁਆਰਾ ਅੱਠਵੀਂ ਜਮਾਤ ਦੇ ਅਧਾਰ ਤੇ ਕੱਢੀਆਂ ਗਈ ਵਾਰਡ ਅਟੈਂਡੈਂਟ ਦੀਆਂ800 ਪੋਸਟਾਂ ਲਈ 10 ਅਗਸਤ 2020 ਤੋਂ 31 ਅਗਸਤ 2020 ਤੱਕ ਅਵੇਦਨ ਲਏ ਗਏ ਅਤੇ 9 ਸਤੰਬਰ 2020 ਤੋਂ 13 ਸਤੰਬਰ 2020 ਤੱਕ ਇੱਕ ਵਾਰ ਫਿਰ ਤੋਂ ਅਵੇਦਨ ਮੰਗ ਲਏ ਗਏ ਅਤੇ ਇੰਨਾਂ 800 ਪੋਸਟਾਂ ਲਈ ਇੱਕ ਲੱਖ ਪੰਜਾਹ ਹਜਾਰ ਤੋਂ ਜਿਆਦਾ ਉਮੀਦਵਾਰਾਂ ਨੇ ਅਪਲਾਈ ਕਰ ਦਿੱਤਾ ਅਤੇ ਸਰਕਾਰ ਤੇ ਬਾਬਾ ਫਰੀਦ ਯੁਨੀਵਰਸਿਟੀ ਨੇ ਛੇ ਕਰੋੜ 43 ਲੱਖ 33 ਹਜਾਰ 650 ਰੁਪਏ ਇਕੱਠੇ ਕਰਕੇ ਹਜ਼ਮ ਕਰ ਲਏ ਗਏ।ਵਾਰਡ ਅਟੈਂਡੈਂਟ ਦੀਆਂ ਪੋਸਟਾਂ ਦੇ ਨਾਲ ਹੀ ਕੱਢੀਆਂ ਗਈਆਂ ਸਾਰੀਆਂ ਹੋਰ ਪੋਸਟਾਂ ਲਈ ਪ੍ਰੀਖਿਆਵਾਂ ਲੈ ਲਈਆਂ ਗਈਆਂ ਪ੍ਰੰਤੂ ਵਾਰਡ ਅਟੈਂਡੈਂਟ ਦੀਆਂ ਪੋਸਟਾਂ ਲਈ ਪਹਿਲਾਂ ਪ੍ਰੀਖਿਆ ਮਿਤੀ 28 ਨਵੰਬਰ ਘੋਸ਼ਿਤ ਕੀਤੀ ਗਈ, ਜਿਸ ਲਈ ਪ੍ਰੀਖਿਆ ਹਾਲ ਪ੍ਰਵੇਸ਼ ਪੱਤਰ ਵੀ ਜਾਰੀ ਕੀਤੇ ਗਏ ਸਨ ਪ੍ਰੰਤੂ ਨੋਟਿਸ ਨੰਬਰ ਬੀ.ਐੱਫ.ਯੂ.ਐੱਚ.ਐੱਸ.ਭਰਤੀ 2020 843 ਮਿਤੀ 25 ਨਵੰਬਰ ਰਾਹੀ ਇਸ ਪ੍ਰੀਖਿਆ ਨੂੰ ਕਰੋਨਾਂ ਦਾ ਹਵਾਲਾ ਦੇਕੇ ਅਗਲੇ ਹੁਕਮਾਂ ਤੱਕ ਮੁਲਤਵੀ ਕਰ ਦਿੱਤਾ ਗਿਆ।ਪ੍ਰੰਤੂ 6-7 ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਬਾਬਾ ਫਰੀਦ ਯੁਨੀਵਰਸਿਟੀ ਅਤੇ ਪੰਜਾਬ ਸਰਕਾਰ ਉਮੀਦਵਾਰਾਂ ਨੂੰ ਰਾਹ ਨਹੀ ਪਾ ਰਹੇ ਕਿ ਆਖਿਰਕਾਰ ਇਹ ਪ੍ਰੀਖਿਆ ਹੋਣੀ ਵੀ ਹੈ ਜਾ ਨਹੀਂ। ਬਾਬਾ ਫਰੀਦ ਯੁਨੀਵਰਸਿਟੀ ਅਤੇ ਪੰਜਾਬ ਸਰਕਾਰ ਉਮੀਦਵਾਰਾਂ ਦਾ ਲਗਾਤਾਰ ਆਰਥਿਕ ਅਤੇ ਮਾਨਸਿਕ ਸੋਸ਼ਣ ਕਰ ਹਰੇ ਹਨ। ਦੋ ਵਾਰ ਪੰਜਾਬੀ ਟ੍ਰਿਬਿਊਨ ਵਿੱਚ ਸਿਹਤ ਮੰਤਰੀ ਦਾ ਬਿਆਨ ਲੱਗ ਚੁੱਕਾ ਹੈ ਕਿ ਜਿਲਾ ਪੱਧਰ ਤੇ 800 ਵਾਰਡ ਅਟੈਂਡੈਂਟਾਂ ਦੀ ਭਰਤੀ ਜਲਦੀ ਕੀਤੀ ਜਾਵੇਗੀ। ਸੂਚਨਾਂ ਅਧਿਕਾਰ ਤਹਿਤ ਮਿਲੀ ਜਾਣਕਾਰੀ ਵਿੱਚ ਬਾਬਾ ਫਰੀਦ ਯੁਨੀਵਰਸਿਟੀ ਦਾ ਜਵਾਬ ਆਇਆ ਹੈ ਕਿ ਸਾਨੂੰ ਜਿਲਾ ਪੱਧਰ ਤੇ ਵਾਰਡ ਅਟੈਂਡੈਂਟਾਂ ਦੀ ਦੀਆਂ ਖਾਲੀ ਅਸਾਮੀਆਂ ਦੀ ਕੋਈ ਜਾਣਕਾਰੀ ਹੀ ਨਹੀ ਹੈ। ਮਰੀਜਾਂ ਦੀ ਦੇਖਰੇਖ ਕਰਨ ਵਾਲੇ ਵਾਰਡ ਅਟੈਂਡੈਂਟ ਦੀ ਯੋਗਤਾ ਨੀਚ ਪੱਧਰ ਦੀ ਰੱਖਕੇ ਇੱਕ ਲੱਖ ਪੰਜਾਹ ਹਜਾਰ ਤੋਂ ਜਿਆਦਾ ਉਮੀਦਵਾਰਾਂ ਨੂੰ ਅਵੇਦਨ ਲਈ ਉਕਸਾਇਆ ਗਿਆ ਤੇ ਪ੍ਰੀਖਿਆ ਲਈ ਜੋ ਸਿਲੇਬਸ ਹੋਮ ਬੇਸਡ ਅਤੇ ਹਸਪਤਾਲ ਬੇਸਡ ਕੇਅਰ ਨਿਰਧਾਰਿਤ ਕੀਤਾ ਗਿਆ, ਉਸਦਾ ਰੱਖੀ ਗਈ ਯੋਗਤਾ ਨਾਲ ਦੂਰ ਦੂਰ ਦਾ ਵਾਸਤਾ ਨਹੀ। ਸਵਾਲ ਇਹ ਉੱਠਦਾ ਹੈ ਕਿ ਹਰ ਉਮੀਦਵਾਰ ਦਾ ਅਵੇਦਨ ਫੀਸ਼, ਕੋਚਿੰਗ, ਕਿਤਾਬਾਂ ਦੇ ਖਰਚ ਦੇ ਰੂਪ ਵਿੱਚ ਆਰਥਿਕ ਅਤੇ 7 ਮਹੀਨੇ ਤੋਂ ਪ੍ਰੀਖਿਆ ਦੀ ਉਡੀਕ ਕਰਦੇ ਹੋਏ ਮਾਨਸਿਕ ਸੋਸ਼ਣ ਦਾ ਅਧਿਕਾਰ ਜਨਤਾ ਦੁਆਰਾ ਹੀ ਚੁਣੇ ਹੋਏ ਨੇਤਾਵਾਂ ਨੂੰ ਆਖਿਰਕਾਰ ਸੰਵਿਧਾਨ ਦਾ ਕਿਹੜਾ ਆਰਟੀਕਲ ਦਿੰਦਾ ਹੈ। ਦੂਜੇ ਪਾਸੇ ਅਖਵਾਰ ਦੀ ਖਬਰ ਮੁਤਾਬਿਕ 43 ਦੇ ਕਰੀਬ ਉਮੀਦਵਾਰਾ ਨੂੰ ਸਿਹਤ ਮੰਤਰੀ ਵੱਲੋ ਇੰਨਾਂ ਅਤੇ ਹੋਰ ਸਿਹਤ ਵਿਭਾਗ ਨਾਲ ਸਬੰਧਿਤ ਪੋਸਟਾਂ ਲਈ ਤਰਸ਼ ਅਧਾਰਿਤ ਨਿਯੁਕਤੀ ਪੱਤਰ ਵੀ ਵੰਡ ਦਿੱਤੇ ਗਏ। ਸੂਚਨਾਂ ਅਧਿਕਾਰ ਤਹਿਤ ਜਿਸਦੀ ਜਾਣਕਾਰੀ ਦੇਣ ਤੋਂ ਬਾਬਾ ਫਰੀਦ ਯੁਨੀਵਰਸਿਟੀ ਨੇ ਪੱਲਾ ਝਾੜ ਲਿਆ। ਦੂਜਾ ਵੱਡਾ ਸਵਾਲ ਸਵਾਲ ਇਹ ਹੈ ਕਿ ਜਿੰਨਾਂ ਉਮੀਦਵਾਰਾਂ ਤੋਂ ਤੁਸੀਂ ਪੈਸਾ ਖਾਧਾ ਹੈ, ਜਿੰਨਾਂ ਦਾ ਸੋਸ਼ਣ ਕੀਤਾ ਹੈ, ਉੰਨਾਂ ਤੇ ਤਰਸ਼ ਕਦੋ ਆਉਗਾ। ਸਰਕਾਰ ਦਾ ਕੋਈ ਨੁਮ-ਇਦਾ ਈਮੇਲ ਦਾ ਜਵਾਬ ਨਹੀ ਦਿੰਦਾ। ਮੰਤਰੀ ਦਾ ਫੋਨ ਕਦੇ ਮੰਤਰੀ ਦਾ ਪੀ.ਏ. ਚੁੱਕ ਵੀ ਲਵੇ ਤਾਂ ਅੱਗੋਂ ਕਹਿੰਦਾ ਹੈ ਮੰਤਰੀ ਗੱਲ ਨਹੀ ਕਰ ਸਕਦਾ, ਰਾਤੀ ਨੌਂ ਵਜੇ ਤੋਂ ਬਾਅਦ ਟ੍ਰਾਈ ਕਰ ਲੈਣਾਂ। ਵਿਰੋਧੀ ਪਾਰਟੀਆਂ ਦੇ ਰਲੇ ਮਿਲੇ ਲੀਡਰ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਇੱਕ ਨੰਬਰ ਦੀ ਕਮਾਈ ਦੇ ਇਸ ਦੋ ਨੰਬਰ ਦੇ ਧੰਦੇ ਖਿਲਾਫ ਇੱਕ ਸ਼ਬਦ ਨਹੀ ਬੋਲਦੇ। ਅਖੌਤੀ ਸਮਾਜਸੇਵੀਆਂ ਨੇ ਵੀ ਇਸ ਧੰਦੇ ਖਿਲਾਫ ਕਦੇ ਅਵਾਜ਼ ਨਹੀ ਉਠਾਈ। ਆਮ ਅਤੇ ਯੋਗ ਉਮੀਦਵਾਰ ਸ਼ੋਸ਼ਣ ਦੇ ਸ਼ਿਕਾਰ ਹੋ ਜਾਂਦੇ ਹਨ ਦੂਜੇ ਪਾਸੇ ਰਾਜਨੀਤਿਕ ਤਾਕਤ ਰਸੂਖ ਅਤੇ ਰਿਸ਼ਵਤ ਵਾਲਿਆਂ ਦੀ ਪੇਸ਼ਗੀ ਪਹੁੰਚਣ ਨਾਲ ਪਹਿਲਾਂ ਹੀ ਸਰਕਾਰੀ ਕੁਰਸੀਆਂ ਬੁੱਕ ਹੋ ਜਾਂਦੀਆਂ ਹਨ। ਇਸੇ ਤਰਾਂ ਪਟਵਾਰੀ ਲਈ 2 ਲੱਖ ਤੋਂ ਜਿਆਦਾ ਅਵੇਦਨ ਲਏ ਜਾ ਚੁੱਕੇ ਹਨ। ਬਿਜਲੀ ਬੋਰਡ ਦੀ ਅਵੇਦਨ ਮਿਤੀ ਅਪ੍ਰੈਲ ਵਿੱਚ ਆਂਉਦੀ ਹੋਈ 10 ਜੂਨ ਤੇ ਪਹੁੰਚ ਚੁੱਕੀ ਹੈ। ਵਾਰਡ ਅਟੈਂਡੈਂਟ ਦੀ 28 ਨਬੰਵਰ ਦੀ ਪ੍ਰੀਖਿਆ ਲਈ ਬੇਸ਼ਰਮੀ ਦੀ ਹੱਦ ਪਾਰ ਕਰਦੇ ਹੋਈ ਖੁੱਲੇ ਗਰਾਉਂਡ ਹੀ ਪ੍ਰੀਖਿਆ ਹਾਲ ਬਣਾਏ ਗਏ ਸਨ। 25 ਨੂੰ ਇਹ ਪ੍ਰੀਖਿਆ ਮੁਲਤਵੀ ਕਰ ਦਿੱਤੀ ਗਈ ਜਦਕਿ 29 ਮਈ ਨੂੰ ਈ.ਟੀ.ਟੀ ਭਰਤੀ ਦੀ ਪ੍ਰੀਖਿਆ ਵਾਲੇ ਦਿਨ ਕਰੋਨਾਂ ਸਾਇਦ ਛੁੱਟੀ ਤੇ ਸੀ। ਜੂਨ ਮਹੀਨੇ ਵਿੱਚ ਵੀ 500 ਦੇ ਕਰੀਬ ਨਰਸਾਂ ਤੇ 140 ਟੈਕਨੀਸ਼ੀਅਨਾਂ ਦੀ ਭਰਤੀ ਪ੍ਰੀਖਿਆ ਜਾਦੂ ਵਾਂਗ ਕਰਵਾ ਲਈ ਗਈ, ਉਸ ਸਮੇ ਕੋਈ ਕਰੋਨਾਂ ਨਹੀ ਹੋਇਆ।

ਸੋ ਹੁਣ ਸਮਾਂ ਹੈ ਕਿ ਆਤਮਿਕਰ ਤੌਰ ਤੇ ਮਰ ਚੁੱਕੇ ਲੀਡਰਾਂ ਅਤੇ ਅਖੌਤੀ ਸਮਾਜਸੇਵੀਆਂ ਤੋਂ ਉਮੀਦ ਛੱਡ ਕੇ , ਮਿਹਨਤਕਸ਼ ਵਿਦਿਆਰਥੀ ਅਤੇ ਉਨਾਂ ਦੇ ਮਾਪੇ ਹੀ ਘਟੀਆ ਸਰਕਾਰਾਂ ਪ੍ਰਤੀ ਬੀੜਾ ਚੁੱਕਣ ਕਿ ਹਰ ਪ੍ਰੀਖਿਆ ਲਈ ਬਿਨਾਂ ਜਾਤੀ ਭੇਦਭਾਵ ਘੱਟੋ ਘੱਟ ਅਵੇਦਨ ਫੀਸ਼, ਬਰਾਬਰ ਮੈਰਿਟ, ਬਰਾਬਰ ਉਮਰ ਦਰ, ਪ੍ਰੀਖਿਆ, ਨਤੀਜੇ, ਨਿਯੁਕਤੀ ਦੀ ਨਿਰਧਾਰਿਤ ਤਰੀਕ ਲਈ ਕੋਈ ਸੰਵਿਧਾਨਿਕ ਕਨੂੰਨ ਬਣਾਇਆ ਜਾਵੇ ਅਤੇ ਕੋਈ ਮੰਤਰੀ, ਸਰਕਾਰ ਜਾਂ ਅਖੌਤੀ ਯੂਨੀਵਰਸਿਟੀ ਵਿਦਿਆਰਥੀ ਵਰਗ ਦਾ ਸੋਸ਼ਣ ਨਾਂ ਕਰ ਸਕੇ। ਜਾਗੋਗੇ ਤਾਂ ਇਸ ਬਾਰ ਸਰਕਾਰ ਬਣਾਉਂਣ ਲਈ ਰੱਖੇ ਜਾਂਦੇ ਮਾਰਕਿ-ਟਿੰਗ ਵਾਲੇ ਏਜੰਟ ਦੇ ਮਨੋਵਿ-ਗਆਨਿਕ ਜਾਲ ਵਿੱਚ ਨਾਂ ਫਸਕੇ ਸਬੂਤ ਦਿੱਤਾ ਜਾ ਸਕਦਾ ਹੈ ਕਿ ਜਾਗੇ ਹੋਏ ਲੋਕਾਂ ਉੱਪਰ ਮਨੋਵਿਗਿਆਨਿਕ ਜਾਦੂ ਜਾਂ ਕਾਲਾ ਜਾਦੂ ਕੰਮ ਨਹੀ ਕਰ ਸਕਦਾ।ਸੋ ਆਉ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਪੈਸਾ ਇਕੱਠਾ ਕਰਨ ਦਾ ਸਾਧਨ ਬਣਨ ਤੋਂ ਰੋਕੀਏ, ਪੇਸ਼ਗੀ ਦੇਕੇ ਮੰਤਰੀਆਂ ਸੋਂ ਸਿੱਧੇ ਨਿਯੁਕਤੀ ਪੱਤਰ ਲੈਣ ਵਾਲਿਆਂ ਨੂੰ, ਨੌਕਰੀਆਂ ਬੇਚਣ ਵਾਲੇ ਦੁਆਰਾ ਬਣਾਏ ਪੇਸ਼ੇ ਨੂੰ ਨੱਥ ਪਾਈਏ ਤੇ ਰਾਜ ਜਾਂ ਰਾਸ਼ਟਰ ਨੂੰ ਨਰਕ ਬਨਣ ਤੋਂ ਬਚਾਈਏ। ਜੈ ਹਿੰਦ

*-ਵਿਨੋਦ ਗਰਗ*
*ਮਨੋਵਿਗਿਆਨੀ*
*98763 71788*

## ਹਲਕਾ ਫੁਲਕਾ

ਬਿੱਲੇ ਨੇ ਆਪਣੇ ਦੋਸਤ ਰਵੀ ਨੂੰ ਕਿਹਾ, ''ਇੰਨਾ ਮਿੱਠਾ-ਮਿੱਠਾ ਬੋਲਦੀ ਹੈ ਗੁਆਂਢਣ, ਕਸਮ ਨਾਲ ਸ਼ੂਗਰ ਹੋ ਗਈ ਹੈ।''
ਰਵੀ ਨੇ ਪੁੱਛਿਆ, ''ਫਿਰ ਕੰਟਰੋਲ ਕਿਵੇਂ ਕਰਦਾ ਏਂ?''
ਬਿੱਲਾ ਬੋਲਿਆ, ''ਉਹ ਤਾਂ ਸ਼ੁਕਰ ਹੈ ਪਤਨੀ ਦਾ, ਕੌੜਾ-ਕੌੜਾ ਬੋਲ ਕੇ ਬੈਲੇਂਸ ਕਰ ਦੇਂਦੀ ਹੈ।''

*********

ਜੋਗਿੰਦਰ, ''ਵਿਆਹ ਦਾ ਕੀ ਮਤਲਬ ਹੈ?''
ਰਜਿੰਦਰ, 'ਤੁਸੀਂ ਮੈਨੂੰ ਨਸੀਬ ਨਾਲ ਮਿਲੇ ਹੋ' ਤੋਂ ਲੈ ਕੇ 'ਨਸੀਬ ਮਾੜੇ ਸਨ, ਜੋ ਤੂੰ ਮਿਲਿਆ' ਤੱਕ ਦਾ ਸਫਰ।

*********

ਕੁੜੀ ਅੱਧੇ ਘੰਟੇ ਤੋਂ ਮੋਬਾਈਲ ਦੇ ਕੈਮਰੇ ਨੂੰ ਚੁੰਨੀ ਨਾਲ ਸਾਫ ਕਰ ਰਹੀ ਸੀ।
ਸ਼ੁਭਮ ਇਹ ਦੇਖ ਰਿਹਾ ਸੀ। ਉਹ ਬੋਲਿਆ, ''ਸ਼ਕਲ ਉੱਤੇ ਵੀ ਕੱਪੜਾ ਮਾਰ ਕੇ ਟਰਾਈ ਕਰ ਲੈ।''

**********

ਪਤਨੀ ਨੇ ਬੜੇ ਮਾਣ ਨਾਲ ਪਤੀ ਨੂੰ ਕਿਹਾ, ''ਇਹ ਘਰ ਮੇਰੇ ਪਿਤਾ ਦੀ ਬਦੌਲਤ ਹੀ ਹੈ, ਇਹ ਫਰਨੀਚਰ, ਇਹ ਕੱਪੜੇ, ਇਹ ਗਹਿਣੇ, ਇਹ ਭਾਂਡੇ ਸਾਰੇ ਉਨ੍ਹਾਂ ਵੱਲੋਂ ਦਿੱਤੇ ਹੋਏ ਹਨ। ਤੁਹਾਡਾ ਹੈ ਕੀ ਇੱਥੇ?''



ਪਤੀ, ''ਠੀਕ ਹੈ।''
ਇਸ ਪਿੱਛੋਂ ਪਤਨੀ ਰਾਤ ਵੇਲੇ ਪਤੀ ਨੂੰ ਜਗਾਉਂਦੀ ਹੋਈ ਬੋਲੀ, ''ਸੁਣੋ ਜੀ, ਘਰ ਵਿੱਚ ਚੋਰ ਵੜ ਗਏ ਹਨ।''
ਪਤੀ, ''ਮੇਰਾ ਇਸ ਘਰ ਵਿੱਚ ਹੈ ਕੀ? ਸਭ ਤੇਰਾ ਹੀ ਤਾਂ ਹੈ।''
ਕਹਿ ਕੇ ਪਤੀ ਕਰਵਟ ਬਦਲ ਕੇ ਸੌਂ ਗਿਆ।

*********

ਅਧਿਆਪਕ (ਰਮੇਸ਼ ਨੂੰ), ''ਕੀ ਤੂੰ ਕਿਸੇ ਵੱਡੀ ਲੜਾਈ ਬਾਰੇ ਜਾਣਦਾ ਏਂ?''
ਰਮੇਸ਼ ਜੀ, ''ਜੀ ਹਾਂ, ਪਰ ਮੰਮੀ ਨੇ ਘਰ ਦੀਆਂ ਗੱਲਾਂ ਬਾਹਰ ਦੱਸਣ ਤੋਂ ਮਨ੍ਹਾ ਕੀਤਾ ਹੈ।''

*********

ਬੇਟਾ, ''ਪਿਤਾ ਜੀ, ਪਿਛਲੀਆਂ ਸਰਦੀਆਂ ਵਿੱਚ ਮੈਂ ਸਿਰਫ ਦੋ ਵਾਰ ਗਰਮ ਪਾਣੀ ਨਾਲ ਨਹਾਤਾ।''
ਪਿਤਾ, ''...ਤਾਂ ਬਾਕੀ ਦਿਨ ਕੀ ਠੰਢੇ ਪਾਣੀ ਨਾਲ ਨਹਾਤਾ?''
ਬੇਟਾ, ''ਨਹੀਂ, ਬਾਕੀ ਦਿਨਾਂ ਵਿੱਚ ਤਾਂ ਮੈਂ ਨਹਾਤਾ ਹੀ ਨਹੀਂ।''



# ਮਿਲਖਾ ਸਿੰਘ ਨੂੰ ਪਾਕਿਸਤਾਨ ਦੇ ਰਾਸ਼ਟਰਪਤੀ ਨੇ ਦਿੱਤਾ ਸੀ 'ਉੱਡਣਾ ਸਿੱਖ' ਵਾਲਾ ਨਾਂਅ



ਚੰਡੀਗੜ੍ਹ, 20 ਜੂਨ (ਪੋਸਟ ਬਿਊਰੋ)- ਮਿਲਖਾ ਸਿੰਘ ਦਾ ਜਨਮ 20 ਨਵੰਬਰ 1929 ਨੂੰ ਪਿੰਡ ਗੋਬਿੰਦਪੁਰਾ (ਅੱਜਕੱਲ੍ਹ ਪਾਕਿਸਤਾਨ ਵਿੱਚ) ਸਿੱਖ ਪਰਵਾਰ ਵਿੱਚ ਹੋਇਆ ਸੀ। ਦੇਸ਼ ਦੀ ਵੰਡ ਵੇਲੇ ਉਹ ਅਨਾਥ ਹੋ ਗਏ ਅਤੇ ਭਾਰਤ ਆ ਕੇ ਫੌਜ ਵਿੱਚ ਸ਼ਾਮਲ ਹੋਏ। ਚਾਰ ਵਾਰ ਏਸ਼ੀਆਈ ਖੇਡਾਂ ਦਾ ਸੋਨ ਤਗਮਾ ਜਿੱਤਣ ਵਾਲੇ ਅਤੇ 1958 ਦੀਆਂ ਕਾਮਨਵੈੱਲਥ ਖੇਡਾਂ ਦੇ ਚੈਂਪੀਅਨ ਮਿਲਖਾ ਸਿੰਘ ਨੂੰ ਪਹਿਲੀ ਵਾਰ 1960 ਵਿੱਚ 'ਉਡਣਾ ਸਿੱਖ' ਪਾਕਿਸਤਾਨ ਦੇ ਲਾਹੌਰ ਸ਼ਹਿਰ ਵਿੱਚਓਦੋਂ ਦੇ ਪਾਕਿਸਤਾਨੀ ਰਾਸ਼ਟਰਪਤੀ ਆਯੂਬ ਖਾਨ ਨੇ ਦਿੱਤਾ ਸੀ।

ਵਰਨਣ ਯੋਗ ਹੈ ਕਿ ਸਾਲ 1960 ਵਿੱਚ ਆਯੂਬ ਖਾਨ ਨੇ 'ਇੰਡੋ-ਪਾਕਿ ਸਪੋਰਟਸ ਮੀਟ' ਲਈ ਮਿਲਖਾ ਸਿੰਘ ਨੂੰ ਪਾਕਿਸਤਾਨ ਆਉਣ ਦਾ ਸੱਦਾ ਦਿੱਤਾ ਸੀ। ਬਚਪਨ ਵਿੱਚਦੇਸ਼ ਦੀ ਵੰਡ ਕਾਰਨ ਜਿਸ ਦੇਸ਼ ਨੂੰ ਛੱਡ ਆਏ ਸਨ,ਮਿਲਖਾ ਸਿੰਘ ਉਥੇ ਨਹੀਂ ਸੀ ਜਾਣਾ ਚਾਹੁੰਦਾ, ਪਰ ਓਦੋਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦੇ ਜ਼ੋਰ ਦੇਣ ਉੱਤੇ ਉਹ ਭਾਰਤੀ ਟੀਮ ਦੇ ਝੰਡਾਬਰਦਾਰ ਵਜੋਂ ਪਾਕਿ-ਸਤਾਨ ਗਿਆ। ਓਥੇ ਮਿਲਖਾ ਸਿੰਘ ਨੇ 200 ਮੀਟਰ ਦੀ ਦੌੜ ਵਿੱਚ ਪਾਕਿਸਤਾਨ ਦੇ ਸੁਪਰਸਟਾਰ ਅਤੇ ਕੌਮੀ ਚੈਂਪੀਅਨ ਅਬਦੁਲ ਮਲਿਕ ਨੂੰ ਆਸਾਨੀ ਨਾਲ ਹਰਾ ਕੇ ਸੋਨ ਤਗਮਾ ਜਿੱਤ ਲਿਆ। ਇਨਾਮ ਵੰਡ ਸਮਾਰੋਹ ਦੌਰਾਨ ਆਯੂਬ ਖਾਨ ਨੇ ਮਿਲਖਾ ਸਿੰਘ ਨੂੰ ਪਹਿਲੀ ਵਾਰ 'ਉਡਣਾ ਸਿੱਖ' ਕਿਹਾ।



ਮਿਲਖਾ ਸਿੰਘ ਨੇ ਸਾਲ 1958 ਦੀਆਂ ਕਾਮਨਵੈੱਲਥ ਖੇਡਾਂ ਵਿੱਚ ਟ੍ਰੈਕ ਐਂਡ ਫੀਲਡ ਮੁਕਾਬਲੇ ਵਿੱਚ ਭਾਰਤ ਲਈ ਪਹਿਲਾ ਸੋਨ ਤਗਮਾ ਜਿੱਤਿਆ ਸੀ। ਫਿਰ 56 ਸਾਲ ਤਕ ਇਹ ਰਿਕਾਰਡ ਕੋਈ ਨਹੀਂ ਤੋੜ ਸਕਿਆ ਸੀ। ਮਿਲਖਾ ਸਿੰਘ ਨੇ 1962 ਦੀਆਂ ਜਕਾਰਤਾ ਏਸ਼ੀਆਈ ਖੇਡਾਂ ਵਿੱਚ 400 ਮੀਟਰ ਅਤੇ 400 ਮੀਟਰ ਰਿਲੇਅ ਦੌੜ ਵਿੱਚ ਦੋ ਸੋਨ ਤਗਮੇ ਇਕੱਠੇ ਜਿੱਤੇ ਸਨ। ਇਸ ਤੋਂ ਪਹਿਲਾਂ ਉਨ੍ਹਾਂ 1958 ਦੀਆਂ ਏਸ਼ੀਆਈ ਖੇਡਾਂ ਵਿੱਚ 200 ਅਤੇ 400 ਮੀਟਰ ਦੌੜ ਵਿੱਚ ਮਿਲਖਾ ਸਿੰਘ ਨੇ ਸੋਨ ਤਗਮੇ ਜਿੱਤੇ ਸਨ। ਸਾਲ 1960 ਦੀਆਂ ਰੋਮ ਓਲੰਪਿਕ ਵਿੱਚ ਬੇਸ਼ੱਕਮਿਲਖਾ ਸਿੰਘ ਦਾ ਸਰਬੋ-ਤਮ ਪ੍ਰਦਰਸ਼ਨ ਰਿਹਾ,ਪਰ ਉਹ ਉਥੇ ਕੋਈ ਤਗਮਾ ਨਹੀਂ ਜਿੱਤ ਸਕਿਆ, 400 ਮੀਟਰ ਦੌੜ 45.6 ਸੈਕਿੰਡ ਵਿੱਚ ਪੂਰੀ ਕਰ ਕੇ ਚੌਥਾ ਸਥਾਨ ਹਾਸਲ ਕੀਤਾ ਸੀ। ਉਨ੍ਹਾਂ ਦੇ ਨਾਂਅ ਇਹ ਨੈਸ਼ਨਲ ਰਿਕਾਰਡ 38 ਸਾਲ ਰਿਹਾ।

ਸਾਲ 1959 ਵਿੱਚ ਮਿਲਖਾ ਸਿੰਘ ਨੂੰ ਪਦਮਸ੍ਰੀ ਐਵਾਰਡ ਨਾਲ ਸਨਮਾਨਤ ਕੀਤਾ ਗਿਆ ਅਤੇ 2001 ਵਿੱਚ ਉਨ੍ਹਾਂ ਨੂੰ ਅਰਜੁਨ ਐਵਾਰਡ ਦੇਣ ਦਾ ਐਲਾਨ ਕੀਤਾ ਗਿਆ ਤਾਂ ਉਨ੍ਹਾਂ ਨੇ ਲੈਣ ਤੋਂ ਇਨਕਾਰ ਕਰ ਦਿੱਤਾ ਸੀ। ਬਾਅਦ ਵਿੱਚ ਉਨ੍ਹਾਂ ਕਿਹਾ ਕਿ ਅੱਜ ਕੱਲ੍ਹ ਐਵਾਰਡ ਮੰਦਰ ਵਿੱਚ ਪ੍ਰਸ਼ਾਦ ਵਾਂਗਵੰਡੇ ਜਾਂਦੇ ਹਨ। ਮੈਨੂੰ ਪਦਮਸ੍ਰੀ ਮਗਰੋਂ ਅਰਜੁਨ ਐਵਾਰਡ ਦੇ ਲਈ ਚੁਣਿਆ ਗਿਆ। 2018 ਵਿੱਚ ਚਾਰ ਮਾਰਚ ਨੂੰ ਪੰਜਾਬ ਯੂਨੀਵਰਸਿਟੀ ਵਿੱਚ ਇੱਕ ਸਮਾਰੋਹ ਦੌਰਾਨ ਮਿਲਖਾ ਸਿੰਘ ਨੂੰ 'ਖੇਡ ਰਤਨ ਐਵਾਰਡ' ਨਾਲ ਸਨਮਾਨਤ ਕੀਤਾ ਗਿਆ ਸੀ। ਬਾਲੀਵੁੱਡ ਵਿੱਚ ਉਨ੍ਹਾਂ ਦੀ ਜੀਵਨੀ ਉੱਤੇ ਫਿਲਮ 'ਭਾਗ ਮਿਲਖਾ ਭਾਗ' ਵੀ ਬਣਾਈ ਗਈ, ਜਿਸ ਵਿੱਚ ਮਿਲਖਾ ਸਿੰਘ ਦੀ ਭੂਮਿਕਾ ਅਦਾਕਾਰ ਫਰਹਾਨ ਅਖਤਰ ਨੇ ਨਿਭਾਈ ਸੀ।

## ਮਿਲਖਾ ਸਿੰਘ ਨੇ ਕਿਹਾ ਸੀ: ਬੁੱਤ ਤਾਂ ਮਰਿਆਂ ਦੇ ਲੱਗਦੇ ਨੇ, ਜੀਊਂਦਿਆਂ ਦੇ ਕੀ ਲਾਉਣੇ...



ਲੁਧਿਆਣਾ, 20 ਜੂਨ (ਪੋਸਟ ਬਿਊਰੋ)- ਏਥੋਂ 15 ਕਿਲੋਮੀਟਰ ਦੂਰ ਪਿੰਡ ਜਰਖੜ ਦੇ ਮਾਤਾ ਸਾਹਿਬ ਕੌਰ ਸਟੇਡੀਅਮ ਵਿੱਚ ਵੜਦੇ ਸਾਰ 27 ਫੁੱਟ ਦੇ ਦੋ ਵਿਸ਼ਾਲ ਬੁੱਤ ਦੂਰੋਂ ਨਜ਼ਰ ਆਉਂਦੇ ਹਨ। ਇੱਕ ਫਲਾਇੰਗ ਸਿੱਖ ਮਿਲਖਾ ਸਿੰਘ ਦਾ ਤੇ ਦੂਸਰਾ ਹਾਕੀ ਦੇ ਜਾਦੂਗਰ ਧਿਆਨ ਚੰਦ ਦਾ। ਮਿਲਖਾ ਸਿੰਘ ਕਦੇ ਵੀ ਆਪਣਾ ਬੁੱਤ ਲਾਉਣ ਬਾਰੇ ਖੁਸ਼ ਨਹੀਂ ਸਨ। ਉਹ ਬਹੁਤ ਸਾਦਗੀ ਭਰਿਆ ਜੀਵਨ ਜਿਊਂਦੇ ਅਤੇ ਲਾਈਮਲਾਈਟ ਤੋਂ ਦੂਰ ਰਹਿਣਾ ਪਸੰਦ ਕਰਦੇ ਸਨ।


ਪਿੰਡ ਜਰਖੜ ਦਾ ਸਟੇਡੀਅਮ ਸੰਭਾਲਣ ਵਾਲੀ ਕਮੇਟੀ ਨੇ ਮਿਲਖਾ ਸਿੰਘ ਦਾ 27 ਫੁੱਟ ਉੱਚਾ ਬੁੱਤ ਲਾਉਣ ਦਾ ਫੈਸਲਾ ਕੀਤਾ ਤਾਂ ਮਕਸਦ ਇਹ ਸੀ ਕਿ ਉਥੇ ਅਭਿਆਸ ਕਰਨ ਵਾਲੇ ਯੁਵਾ ਖਿਡਾਰੀ ਉਨ੍ਹਾਂ ਤੋਂ ਪ੍ਰੇਰਨਾ ਲੈਣ। ਕਮੇਟੀ ਦੇ ਅਧਿਕਾਰੀ ਮਿਲਖਾ ਸਿੰਘ ਨੂੰ ਚੰਡੀਗੜ੍ਹ ਵਿੱਚ ਉਨ੍ਹਾਂ ਦੀ ਰਿਹਾਇਸ਼ ਉੱਤੇ ਮਿਲੇ। ਜਦ ਉਨ੍ਹਾਂ ਨੇ ਸਟੇਡੀਅਮ ਵਿੱਚ ਉਨ੍ਹਾਂ ਦਾ ਬੁੱਤ ਲਾਉਣ ਦੀ ਯੋਜਨਾ ਦੱਸੀ ਤਾਂ ਮਿਲਖਾ ਸਿੰਘ ਨੇ ਕਿਹਾ, 'ਬੁੱਤ ਮਰਿਆਂ ਦੇ ਲੱਗਦੇ ਨੇ, ਜੀਊਂਦਿਆਂ ਦੇ ਕੀ ਲਾਉਣੇ।' ਇਸ ਉੱਤੇ ਕਮੇਟੀ ਨੇ ਦੱਸਿਆ ਕਿ ਕਈ ਵਾਰ ਵੱਡੀਆਂ ਹਸਤੀਆਂ ਦੇ ਬੁੱਤ ਦੇਸ਼ ਵਿੱਚ ਲੱਗਦੇ ਰਹੇ ਹਨ ਤੇ ਤੁਹਾਡਾ ਬੁੱਤ ਯੁਵਾ ਖਿਡਾਰੀਆਂ ਦੇ ਲਈ ਪ੍ਰੇਰਣਾ ਬਣੇਗਾ। ਫਿਰ ਉਹ ਮੰਨ ਗਏ।ਸਾਲ 2014 ਵਿੱਚ ਆਪਣੇ ਬੁੱਤ ਦਾ ਉਦਘਾਟਨ ਕਰਨ ਲਈ ਮਿਲਖਾ ਸਿੰਘ ਪਿੰਡ ਜਰਖੜ ਉਚੇਚੇ ਸੱਦੇ ਉੱਤੇ ਗਏ ਤੇ ਉਨ੍ਹਾਂ ਨੇ ਕਿਹਾ ਸੀ,ਮੈਂ ਬੁੱਤ ਲਾਉਣ ਦੇ ਹੱਕ ਵਿੱਚ ਨਹੀਂ, ਪਰ ਜੇ ਮੇਰਾ ਬੁੱਤ ਨੌਜਵਾਨਾਂ ਲਈ ਪ੍ਰੇਰਨਾ ਬਣੇ ਤਾਂ ਇਹ ਮੇਰੇ ਲਈ ਖੁਸ਼ਕਿਸਮਤੀ ਦੀ ਗੱਲ ਹੈ।'ਛੋਟੇ ਜਿਹੇ ਪਿੰਡ ਵਿੱਚ ਸਟੇਡੀਅਮ ਅਤੇ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀਆਂ ਨੂੰ ਦੇਖ ਕੇ ਮਿਲਖਾ ਸਿੰਘ ਨੇ ਪ੍ਰਭਾਵਤ ਹੋ ਕੇ ਕਿਹਾ ਸੀ: ਪਿੰਡਾਂ ਵਿੱਚ ਕਾਫੀ ਪ੍ਰਤਿਭਾਵਾਂ ਹੁੰਦੀਆਂ ਹਨ, ਕੁਝ ਅਜਿਹਾ ਵੱਡਾ ਕੰਮ ਕਰੋ, ਜਿਸ ਤੋਂ ਪ੍ਰਤਿਭਾਵਾਂ ਨਿੱਖਰ ਕੇ ਸਾਹਮਣੇ ਆਉਣ।

## ਗੈਂਗਸਟਰ ਜੈਪਾਲ ਭੁੱਲਰ ਦੇ ਘਰ ਪੁਲਸ ਤੈਨਾਤ, ਸੀ ਸੀ ਟੀ ਵੀ ਕੈਮਰੇ ਲਾਏ ਗਏ



ਫਿਰੋਜ਼ਪੁਰ, 20 ਜੂਨ (ਪੋਸਟ ਬਿਊਰੋ)- ਕੋਲਕਾਤਾ ਵਿੱਚ ਮਾਰੇ ਗਏ ਗੈਂਗਸਟਰ ਜੈਪਾਲ ਭੁੱਲਰ ਦੇ ਘਰ ਪੁਲਸ ਫੋਰਸ ਲਾ ਦਿੱਤੀ ਗਈ ਅਤੇ ਇਸ ਦੇ ਨਾਲ ਸੀ ਸੀ ਟੀ ਵੀ ਕੈਮਰੇ ਵੀ ਲਾ ਦਿਤੇਗਏ ਹਨ।

ਵਰਨਣ ਯੋਗ ਹੈ ਕਿ ਜੈਪਾਲ ਦੇ ਪਿਤਾ ਵੱਲੋਂ ਉਸ ਦੀ ਲਾਸ਼ ਦਾ ਪੋਸਟਮਾਰਟਮ ਪੀ ਜੀ ਆਈ ਚੰਡੀਗੜ੍ਹ ਵਿੱਚ ਦਬਾਰਾ ਕਰਾਉਣ ਦੀ ਅਰਜ਼ੀ ਸੁਪਰੀਮ ਕੋਰਟ ਵਿੱਚ ਦਾਇਰ ਕਰਨਉੱਤੇ ਅਦਾਲਤ ਨੇ ਜੈਪਾਲ ਦੀ ਲਾਸ਼ ਨੂੰ ਮੈਡੀਕਲੀ ਸੁਰੱਖਿਅਤ ਢੰਗ ਨਾਲ ਸੰਭਾਲਣ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਨੂੰ ਦਿੱਤੀ ਅਤੇ ਇਸ ਕੇਸ ਦੀ ਸੁਣਵਾਈ ਮੁੜ ਕੇ ਕਰਨ ਲਈ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਕਿਹਾ ਹੈ। ਇਸ ਤੋਂ ਬਾਅਦ ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਗੁਰਪਾਲ ਸਿੰਘ ਚਾਹਲ ਨੇ ਹੁਕਮ ਜਾਰੀ ਕਰ ਕੇ ਜੈਪਾਲ ਦੇ ਪਿਤਾ ਭੁਪਿੰਦਰ ਸਿੰਘ (ਸਾਬਕਾ ਪੁਲਸ ਇੰਸਪੈਕਟਰ) ਨੂੰ ਵੀਡੀਓਗਰਾਫੀ ਕਰਦੇ ਹੋਏ ਜੈਪਾਲ ਦੀ ਲਾਸ਼ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰਖਵਾਉਣ ਲਈ ਕਿਹਾ ਸੀ।ਇਸ ਤੋਂ ਬਾਅਦ ਐਸ ਡੀ ਐਮ ਅਮਿਤ ਗੁਪਤਾ ਜੈਪਾਲ ਦੇ ਘਰ ਗਏ ਅਤੇ ਉਨ੍ਹਾਂ ਜੈਪਾਲ ਦੇ ਪਿਤਾ ਭੁਪਿੰਦਰ ਸਿੰਘ ਨੂੰ ਸੁਪਰੀਮ ਕੋਰਟ ਦਾ ਹੁਕਮ ਦੱਸਿਆ, ਪਰ ਭੁਪਿੰਦਰ ਸਿੰਘ ਨੇ ਜੈਪਾਲ ਦੀ ਲਾਸ਼ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਲਿਜਾਣ ਤੋਂ ਇਨਕਾਰ ਕਰਦਿਆਂ ਕਿਹਾ ਕਿ ਉਸ ਨੂੰ ਪੰਜਾਬ ਪੁਲਸ ਉੱਤੇ ਭਰੋਸਾ ਨਹੀਂ, ਇਸ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਫੈਸਲਾ ਆਉਣ ਤਕ ਲਾਸ਼ ਪੀ ਜੀ ਆਈ ਚੰਡੀਗੜ੍ਹ ਵਿੱਚ ਰਖਵਾਉਣਾ ਚਾਹੁੰਦੇ ਹਨ। ਉਹ ਚਾਹੁੰਦੇ ਹਨ ਕਿ ਲਾਸ਼ ਨਾਲ ਜੁੜੀ ਹਰ ਕਾਰਵਾਈ, ਉਸ ਨੂੰ ਘਰ ਤੋਂ ਪੀ ਜੀ ਆਈ ਚੰਡੀਗੜ੍ਹ ਲਿਜਾਣ ਤਕ ਦੀ ਵੀਡੀਓਗਰਾਫੀ ਕੀਤੀ ਜਾਵੇ ਤੇ ਲਾਸ਼ ਨੂੰ ਸੀ ਸੀ ਟੀ ਵੀ ਕੈਮਰਿਆਂ ਦੀ ਨਿਗਰਾਨੀ ਵਿੱਚ ਰੱਖਿਆ ਜਾਵੇ ਅਤੇ ਪਰਵਾਰ ਨੂੰ ਆਨਲਾਈਨ ਕੈਮਰਿਆਂ ਨਾਲ ਜੋੜਿਆ ਜਾਵੇ। ਪ੍ਰਸ਼ਾਸਨ ਨੇ ਭੁੱਲਰ ਦੀ ਲਾਸ਼ ਸੰਭਾਲਣ ਲਈ ਉਸ ਦੇ ਘਰ ਇੱਕ ਵੱਡਾ ਫਰੀਜਰ ਭੇਜ ਦਿੱਤਾ ਹੈ।




## ਲੈਂਟਰ ਡਿੱਗਣ ਨਾਲ ਇੱਕ ਜਣੇ ਦੀ ਮੌਤ, ਦੂਜਾ ਗੰਭੀਰ ਜ਼ਖਮੀ

ਕਾਹਨੂੰਵਾਨ, 20 ਜੂਨ (ਪੋਸਟ ਬਿਊਰੋ)- ਕੱਲ੍ਹ ਦੁਪਹਿਰ ਸਮੇਂ ਅੱਡਾ ਸਿੱਧਵਾਂ ਵਿੱਚ ਲੈਂਟਰ ਖੋਲ੍ਹਦੇ ਸਮੇਂ ਹਾਦਸਾ ਵਾਪਰ ਗਿਆ ਜਿਸ ਦੌਰਾਨ ਇੱਕ ਵਿਅਕਤੀ ਦੀ ਮੌਤ ਤੇ ਦੂਸਰਾ ਗੰਭੀਰ ਜ਼ਖਮੀ ਹੋ ਗਿਆ। ਮਿਲੀ ਜਾਣਕਾਰੀ ਅਨੁਸਾਰ ਗੁਰਦਾਸਪੁਰ-ਸ੍ਰੀ ਹਰਗੋਬਿੰਦਪੁਰ ਵਿਚਾਲੇ ਅੱਡਾ ਸਿੱਧਵਾਂ ਵਿੱਚ ਦੂਸਰੀ ਮੰਜ਼ਿਲ ਦੀਆਂ ਪੌੜੀਆਂ ਦਾ ਲੈਂਟਰ ਡਿੱਗਣ ਕਾਰਨ ਦੋ ਵਿਅਕਤੀ ਜ਼ਖਮੀ ਹੋ ਗਏ।ਇਸ ਬਾਰੇ ਨਿਰਮਲ ਸਿੰਘ ਬਖਤਪੁਰ ਨੇ ਦੱਸਿਆ ਕਿ ਉਹ ਆਪਣੀ ਦੁਕਾਨ ਅੱਡਾ ਸਿੱਧਵਾਂ ਵਿੱਚ ਕੰਮ ਕਰ ਰਿਹਾ ਸੀ ਕਿ ਦੁਕਾਨ ਦੇ ਬਾਹਰ ਖੜਾਕ ਹੋਇਆ। ਜਦ ਉਨ੍ਹਾਂ ਜਾ ਕੇ ਦੇਖਿਆ ਕਿ ਹਰਦਿਆਲ ਸਿੰਘ ਸਿੱਧਵਾਂ ਤੇ ਸੋਨੂੰ ਆਪਣੀਆਂ ਦੁਕਾਨਾਂ ਦੇ ਉਪਰੋਂ ਲੈਂਟਰ ਖੋਲ੍ਹ ਰਹੇ ਸਨ, ਜੋ ਉਨ੍ਹਾਂ ਉਪਰ ਡਿੱਗ ਪਿਆ ਅਤੇ ਉਹ ਗੰਭੀਰ ਜ਼ਖਮੀ ਹੋ ਗਏ। ਉਨ੍ਹਾਂ ਨੂੰ ਗੁਰਦਾਸਪੁਰ ਨਿੱਜੀ ਹਸਪਤਾਲ ਵਿੱਚ ਲਿਜਾਇਆ ਗਿਆ, ਜਿੱਥੇ ਸੋਨੂੰ ਦੀ ਮੌਤ ਹੋ ਗਈ। ਅੱਡਾ ਵਾਸੀਆਂ ਨੇ ਦੱਸਿਆ ਕਿ ਕਾਰੀਗਰਾਂ ਅਤੇ ਮਾਲਕਾਂ ਵੱਲੋਂ ਬਹੁਤ ਤਸੱਲੀਬਖਸ਼ ਕੰਮ ਕੀਤਾ ਗਿਆ ਸੀ, ਪਰ ਇਹ ਹਾਦਸਾ ਵਾਪਰ ਗਿਆ। ਉਨ੍ਹਾਂ ਕਿਹਾ ਕਿ ਇਸ ਦੀ ਜਾਂਚ ਹੋਣੀ ਚਾਹੀਦੀ ਹੈ।

**ਵਰਕਰ ਦੀ ਲੋੜ**

ਹੋਟਲ ਵਿਚ ਕਲੀਨਿੰਗ ਦਾ ਕੰਮ ਕਰਨ ਲਈ ਵਰਕਰ ਦੀ ਜ਼ਰੂਰਤ ਹੈ Dundas ਅਤੇ Hwy 27 ਦਾ ਏਰੀਆ, $16/hr ਦਿੱਤੇ ਜਾਣਗੇ, Full Time/Part Time ਕੰਮ।

**ਸੰਪਰਕ: 416-816-1695**

## ਬਡਰੁੱਖਾਂ ਵਿੱਚ ਸ਼ੇਰ-ਏ-ਪੰਜਾਬ ਰਣਜੀਤ ਸਿੰਘ ਦਾ ਬੁੱਤ ਲੱਗੇਗਾ



ਸੰਗਰੂਰ, 20 ਜੂਨ (ਪੋਸਟ ਬਿਊਰੋ)- ਮਹਾਰਾਜਾ ਰਣਜੀਤ ਸਿੰਘ ਦੇ ਨਾਨਕੇ ਪਿੰਡ ਤੇ ਜਨਮ ਸਥਾਨ ਪਿੰਡ ਬਡਰੁੱਖਾਂ ਵਿੱਚ ਉਨ੍ਹਾਂ ਦਾ ਬੁੱਤ ਲਾਉਣ ਅਤੇ ਪਾਰਕ ਬਣਾਉਣ ਲਈ ਪੰਜਾਬ ਸਰਕਾਰ ਨੇ 99.11 ਲੱਖ ਰੁਪਏ ਮਨਜ਼ੂਰ ਕੀਤੇ ਹਨ, ਜਿਸ ਨਾਲ ਪਿਛਲੇ ਕਰੀਬ ਦੋ ਦਹਾਕਿਆਂ ਦੇ ਵੱਧ ਸਮੇਂ ਤੋਂ ਪਿੰਡ ਵਾਸੀਆਂ ਦੀ ਅਧੂਰੀ ਮੰਗ ਪੂਰੀ ਹੋਵੇਗੀ।

ਸਕੂਲੀ ਸਿੱਖਿਆ ਤੇ ਲੋਕ ਨਿਰਮ-ਾਣ ਮੰਤਰੀ ਵਿਜੇਇੰਦਰ ਸਿੰਗਲਾ ਨੇ ਦੱਸਿਆ ਕਿ ਵਿੱਤ ਵਿਭਾਗ ਵੱਲੋਂ ਮਨਜ਼ੂਰੀ ਮਿਲਣ ਪਿੱਛੋਂ ਮਹਾਰਾਜਾ ਰਣਜੀਤ ਸਿੰਘ ਦੇ ਜਨਮ ਸਥਾਨ ਪਿੰਡ ਬਡਰੁੱਖਾਂ ਦੇ ਪਾਰਕ ਵਿੱਚ ਨਵਾਂ ਬੁੱਤ ਲਾਉਣ ਦਾ ਕੰਮ ਛੇਤੀ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਵੇਂ ਬੁੱਤ ਦੇ ਨਾਲ ਪਾਰਕ ਵੀ ਨਵੇਂ ਸਿਰਿਉਂ ਬਣਵਾਇਆ ਜਾਵੇਗਾ, ਜਿਸ ਵਿੱਚ ਦੇਸੀ ਕਿਸਮ ਦੇ ਬੂਟੇ ਲਾਉਣ ਤੋਂ ਇਲਾਵਾ ਸੈਰਗਾਹ ਤੇ ਬੱਚਿਆਂ ਦੇ ਖੇਡਣ ਅਤੇ ਸਿੱਖਣ ਲਈ ਵੱਖੋ-ਵੱਖ ਸਹੂਲਤਾਂ ਦਿੱਤੀਆਂ ਜਾਣਗੀਆਂ।ਪਿੰਡ ਬਡਰੁੱਖਾਂ ਦੇ ਸਰਪੰਚ ਕੁਲਜੀਤ ਸਿੰਘ ਤੂਰ ਨੇ ਕਿਹਾ ਕਿ ਪਿੰਡ ਵਾਸੀ ਪਿਛਲੇ 24 ਸਾਲਾਂ ਤੋਂ ਮਹਾਰਾਜਾ ਰਣਜੀਤ ਸਿੰਘ ਦਾ ਬੁੱਤ ਲੱਗਣ ਦੀ ਉਡੀਕ ਕਰ ਰਹੇ ਸਨ, ਕਿਉਂਕਿ ਸੰਨ 1997 ਵਿੱਚ ਓਦੋਂ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਇਹ ਬੁੱਤ ਲਾਉਣ ਦਾ ਐਲਾਨ ਕੀਤਾ ਸੀ, ਜਿਸ ਮਗਰੋਂ ਇਹ ਵਾਅਦਾ ਕਈ ਵਾਰ ਦੁਹਰਾਇਆ ਵੀ ਗਿਆ, ਪਰ ਕੈਬਨਿਟ ਮੰਤਰੀ ਵਿਜੇਇੰਦਰ ਸਿੰਗਲਾ ਦੇ ਯਤਨਾਂ ਸਦਕਾ 99.11 ਲੱਖ ਰੁਪਏ ਦੀ ਗਰਾਂਟ ਮਨਜ਼ੂਰ ਹੋਈ ਹੈ। ਸਿੰਗਲਾ ਨੇ ਭਰੋਸਾ ਦਿੱਤਾ ਹੈ ਕਿ ਜਲਦੀ ਹੀ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ।

# ਸਵਿਸ ਬੈਂਕ ਵਿੱਚ ਭਾਰਤੀਆਂ ਦਾ ਕਾਲੇ ਧਨ ਵਧਣ ਦੀਆਂ ਖਬਰਾਂ ਨੂੰ ਸਰਕਾਰ ਨੇ ਰੱਦ ਕੀਤਾ




ਨਵੀਂ ਦਿੱਲੀ, 20 ਜੂਨ (ਪੋਸਟ ਬਿਊਰੋ)- ਭਾਰਤ ਦੇ ਖਜ਼ਾਨਾ ਮੰਤਰਾਲੇ ਨੇ ਸਵਿੱਟਜ਼ਰਲੈਂਡ ਦੇ ਬੈਂਕਾਂ ਵਿੱਚ ਭਾਰਤੀ ਲੋਕਾਂ ਵੱਲੋਂ ਰੱਖੇ ਕਾਲੇ ਧਨ ਬਾਰੇ ਖਬਰਾਂ ਨੂੰ ਰੱਦ ਕਰਦਿਆਂ ਕਿਹਾ ਕਿ ਸਵਿਸ ਬੈਂਕਾਂ ਵਿੱਚ ਜਮ੍ਹਾਂ ਰਕਮ ਵਧਣ ਜਾਂ ਕਮੀ ਹੋਣ ਦੀ ਤਸਦੀਕ ਕਰਨ ਲਈ ਸਵਿਸ ਅਧਿਕਾਰੀਆਂ ਤੋਂ ਜਾਣਕਾਰੀ ਮੰਗੀ ਗਈ ਹੈ।

ਇਸ ਸੰਬੰਧ ਵਿੱਚ ਵਿੱਤ ਮੰਤਰਾਲੇ ਨੇ ਟਵਿੱਟਰ ਉੱਤੇ ਪਾਏ ਲੜੀਵਾਰ ਸੰਦੇਸ਼ਾਂ ਵਿੱਚ ਕਿਹਾ ਕਿ 18 ਜੂਨ 2021 ਨੂੰ ਮੀਡੀਆ ਵਿੱਚ ਆਈਆਂ ਕੁਝ ਰਿਪੋਰਟਾਂ ਵਿੱਚ ਕਿਹਾ ਗਿਆ ਹੈ ਕਿ ਸਵਿਸ ਬੈਂਕਾਂ ਵਿੱਚ ਪਈ ਭਾਰਤੀ ਲੋਕਾਂ ਦੀ ਰਕਮ ਸਾਲ 2020 ਦੇ ਅੰਤ ਵਿੱਚ 20,700 ਕਰੋੜ ਰੁਪਏ ਤੋਂ ਵੱਧ ਹੋ ਗਈ ਹੈ। ਇਨ੍ਹਾਂ ਰਿਪੋਰਟਾਂ ਵਿੱਚ ਇਸ ਨੂੰ ਪਿਛਲੇ 13 ਸਾਲ ਦਾ ਸਭ ਤੋਂ ਵੱਧ ਦੱਸਿਆ ਗਿਆ ਹੈ। ਮੰਤਰਾਲੇ ਨੇ ਕਿਹਾ ਕਿ ਇਹ ਅੰਕੜੇ ਇਸ ਗੱਲ ਵੱਲ ਇਸ਼ਾਰਾ ਨਹੀਂ ਕਰਦੇ ਕਿ ਸਵਿੱਟਜ਼ਰਲੈਂਡ ਵਿੱਚ ਭਾਰਤੀਆਂ ਕੋਲ ਕਾਲਾ ਧਨ ਹੈ। ਇਸ ਤੋਂ ਇਲਾਵਾ ਇਨ੍ਹਾਂ ਅੰਕੜਿਆਂ ਵਿੱਚ ਉਹ ਪੈਸੇ ਵੀ ਸ਼ਾਮਲ ਨਹੀਂ, ਜੋ ਭਾਰਤੀਆਂ, ਵਿਦੇਸ਼ੀ ਭਾਰਤੀਆਂ ਜਾਂ ਹੋਰ ਲੋਕਾਂ ਕੋਲ ਸਵਿੱਸ ਬੈਂਕਾਂ ਵਿੱਚ ਤੀਜੇ ਦੇਸ਼ਾਂ ਦੀਆਂ ਕੰਪਨੀਆਂ ਦੇ ਨਾਅਹੋ ਸਕਦਾ ਹੈ। ਮੰਤਰਾਲੇ ਨੇ ਕਿਹਾ ਕਿ ਅਸਲ ਵਿੱਚ ਭਾਰਤੀ ਗਾਹਕਾਂ ਦੀ ਜਮ੍ਹਾਂ ਰਕਮ 2019 ਨਾਲੋਂ ਹੇਠਾਂ ਆਈ ਹੈ। ਵਿੱਤ ਮੰਤਰਾਲੇ ਮੁਤਾਬਕ ਸਵਿਸ ਬੈਂਕਾਂ ਵਿੱਚ ਭਾਰਤੀ ਨਾਗਰਿਕਾਂ ਦੀ ਜਮ੍ਹਾਂ ਰਕਮ ਵਿੱਚ ਸਭ ਤੋਂ ਵੱਡਾ ਵਾਧਾ ਹੋਰ ਰਕਮਾਂ ਵਿੱਚ ਹੋਇਆ ਹੈ, ਜੋ ਬਾਂਡ, ਸਕਿਊਰਿਟੀਜ਼ ਆਦਿ ਹਨ। ਸਵਿੱਟਜ਼ਰਲੈਂਡ ਸਰਕਾਰ ਵੱਲੋਂ ਜਾਰੀ ਅੰਕੜਿਆਂ ਮੁਤਾਬਕ 2019 ਵਿੱਚ ਭਾਰਤੀਆਂ ਦੀ ਕੁੱਲ ਜਮ੍ਹਾਂ ਰਕਮ 6625 ਕਰੋੜ ਰੁਪਏ ਦੇ ਮੁਕਾਬਲੇ ਸਾਲ 2020 ਦੇ ਅੰਤ ਵਿੱਚ 20,700 ਕਰੋੜ ਰੁਪਏ ਜਮ੍ਹਾਂ ਸੀ, ਜੋ ਤਕਰੀਬਨ ਤਿੰਨ ਗੁਣਾ ਹੈ। ਵਿੱਤ ਮੰਤਰਾਲੇ ਨੇ ਕਿਹਾ ਕਿ ਦੋਵਾਂ ਦੇਸ਼ਾਂ ਵਿਚਾਲੇ ਟੈਕਸ ਮਾਮਲਿਆਂ ਬਾਰੇ ਹੋਏ ਸਮਝੌਤੇ ਮੁਤਾਬਕ ਸਾਲ 2018 ਤੋਂ ਦੋਵਾਂ ਦੇਸ਼ਾਂ ਨੂੰਹਰ ਸਾਲ ਆਪਣੇ ਨਾਗਰਿਕਾਂ ਦੇ ਮਾਲੀ ਖਾਤਿਆਂ ਦੀ ਜਾਣਕਾਰੀ ਇੱਕ ਦੂਜੇ ਨੂੰ ਦੇਣੀ ਹੋਵੇਗੀ। ਇਸ ਲਈ ਭਾਰਤੀਆਂ ਦੀ ਅਣਐਲਾਨੀ ਆਮਦਨ 'ਚੋਂ ਜਮ੍ਹਾਂ ਕਰਵਾਈ ਰਕਮ ਵਿੱਚ ਤੇਜ਼ ਉਛਾਲੇ ਦੀ ਸੰਭਾਵਨਾ ਨਹੀਂ ਹੈ। ਇਸ ਰਕਮ ਦੇ ਵਾਧੇ ਜਾਂ ਕਮੀ ਦਾ ਕੀ ਕਾਰਨ ਹੋ ਸਕਦਾ ਹੈ, ਭਾਰਤ ਸਰਕਾਰ ਨੇ ਇਸ ਸਬੰਧ ਵਿੱਚ ਸਵਿੱਟਜ਼ਰਲੈਂਡ ਦੇ ਅਧਿਕਾਰੀਆਂ ਤੋਂ ਸਬੰਧਤ ਜਾਣਕਾਰੀ ਮੰਗੀ ਹੈ।

# ਚੋਣਾਂ ਪਿੱਛੋਂ ਹਿੰਸਾ ਲਈ ਕਲਕੱਤਾ ਹਾਈ ਕੋਰਟ ਵੱਲੋਂ ਮਮਤਾ ਸਰਕਾਰ ਦੀ ਝਾੜ-ਝੰਬ



ਕੋਲਕਾਤਾ, 20 ਜੂਨ (ਪੋਸਟ ਬਿਊਰੋ)- ਕਲਕੱਤਾ ਹਾਈ ਕੋਰਟ ਨੇ ਕੱਲ੍ਹ ਮਮਤਾ ਬੈਨਰਜੀ ਸਰਕਾਰ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਇਸ ਰਾਜ ਨੇ ਚੋਣਾਂ ਮਗਰੋਂ ਹਿੰਸਾ ਨਾਲ ਸਬੰਧਤ ਸ਼ਿਕਾਇਤਾਂ ਦੇ ਨਿਬੇੜੇ ਲਈ ਖਾਸ ਕਦਮ ਨਹੀਂ ਚੁੱਕੇ। ਕੋਰਟ ਨੇ ਕਿਹਾ, ''ਸੂਬੇ ਦੇ ਵਸਨੀਕਾਂ ਦੇ ਜਾਨ-ਮਾਲ ਨੂੰ ਖਤਰੇ ਦਾ ਕੇਸ ਹੋਵੇ ਤਾਂ ਸੂਬੇ ਨੂੰ ਇੰਝ ਵਿਚਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਹੈ। ਸ਼ਿਕਾਇਤਾਂ ਉੱਤੇ ਤੁਰੰਤ ਕਾਰਵਾਈ ਦੀ ਲੋੜ ਹੈ। ਸੂਬੇ ਵਿੱਚ ਅਮਨ-ਕਾਨੂੰਨ ਤੇ ਲੋਕਾਂ ਵਿੱਚ ਭਰੋਸਾ ਕਾਇਮ ਕਰਨਾ ਸਰਕਾਰ ਦਾ ਫਰਜ਼ ਬਣਦਾ ਹੈ।'

ਹਾਈ ਕੋਰਟ ਦੇ ਪੰਜ ਮੈਂਬਰੀ ਬੈਂਚ ਨੇ ਕਈ ਪਟੀਸ਼ਨਾਂ ਉੱਤੇ ਸੁਣਵਾਈ ਵੇਲੇ ਕਿਹਾ ਕਿ ਸਰਕਾਰ ਨੂੰ ਹਿੰਸਾ ਰੋਕਣ ਲਈ ਕਾਰਵਾਈ ਕਰਨੀ ਚਾਹੀਦੀ ਸੀ, ਪਰ ਮਾਮਲਾ ਕੋਰਟ ਵਿੱਚ ਹੋਣ ਦੇ ਬਾਵਜੂਦ ਕੋਈ ਪੁਖਤਾ ਕਦਮ ਨਹੀਂ ਚੁੱਕੇ ਗਏ। ਕਾਰਜਕਾਰੀ ਚੀਫ ਜਸਟਿਸ ਰਾਜੇਸ਼ ਬਿੰਦਲ ਦੀ ਅਗਵਾਈ ਵਾਲੇ ਪੰਜ ਜੱਜਾਂ ਦੇ ਬੈਂਚ ਨੇ ਪੱਛਮੀ ਬੰਗਾਲ ਦੀ ਸਰਕਾਰ ਨੂੰ ਕਿਹਾ ਕਿ ਇਸ ਪ੍ਰਕਿਰਿਆ ਦੌਰਾਨ ਕਿਸੇ ਤਰ੍ਹਾਂ ਦਾ ਅੜਿੱਕਾ ਨਹੀਂ ਪੈਣਾ ਚਾਹੀਦਾ ਅਤੇ ਜੇ ਇੰਝ ਹੋਇਆ ਤਾਂ ਇਸ ਕਦਮ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਅਦਾਲਤ ਦੀ ਮਾਣਹਾਨੀ ਹੇਠ ਕਾਰਵਾਈ ਹੋਵੇਗੀ। ਅਦਾਲਤ ਨੇ ਇਸ ਰਾਜ ਦੀ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਨਿਰਦੇਸ਼ ਦਿੱਤੇ ਕਿ ਉਹ ਘਰ-ਬਾਰ ਛੱਡ ਕੇ ਗਏ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਦੇਖੇ, ਜਿਨ੍ਹਾਂ ਨੂੰ ਆਪਣੇ ਘਰਾਂ ਵਿੱਚ ਮੁੜਨ ਤੋਂ ਰੋਕਿਆ ਜਾ ਰਿਹਾ ਹੈ। ਕੋਰਟ ਨੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਹਦਾਇਤ ਕੀਤੀ ਕਿ ਉਹ ਉਜੜੇ ਹੋਏ ਲੋਕਾਂ ਦੀਆਂ ਸ਼ਿਕਾਇਤਾਂ ਦੀ ਪੜਤਾਲ ਕਰੇ।

## ਦੌਲਤ ਦੇ ਲਾਲਚ ਵਿੱਚ ਮਾਂ-ਬਾਪ, ਭੈਣ ਤੇ ਦਾਦੀ ਨੂੰ ਮਾਰ ਸੁੱਟਿਆ

ਮਾਲਦਾ (ਬੰਗਾਲ), 20 ਜੂਨ (ਪੋਸਟ ਬਿਊਰੋ)- ਦੌਲਤ ਦੀ ਚਾਹਤ ਅਤੇ ਮੋਬਾਈਲ ਐਪ ਬਣਾਉਣ ਦੀ ਸਨਕ ਵਿੱਚ 18 ਸਾਲ ਦੇ ਇੱਕ ਨੌਜਵਾਨ ਨੇ ਮਾਂ-ਬਾਪ, ਭੈਣ ਅਤੇ ਦਾਦੀ ਦਾ ਕਤਲ ਕਰ ਦਿੱਤਾ ਹੈ।


ਕਾਲਿਆਚਕ ਥਾਣਾ ਖੇਤਰ ਦੇ 16 ਮਾਈਲ ਏਰੀਆ ਦੇ ਗੁਰੂ ਟੋਲਾ ਪਿੰਡ ਵਿੱਚ ਚਾਰ ਜੀਆਂ ਦੇ ਕਤਲ ਕਰਨ ਪਿੱਛੋਂ ਆਸਿਫ ਮੁਹੰਮਦ ਨੇ ਆਪਣੇ ਕਮਰੇ ਵਿੱਚੋਂ ਘਰ ਦੇ ਗੈਰੇਜ ਤਕ ਇੱਕ 12 ਫੁੱਟ ਲੰਬੀ ਸੁਰੰਗ ਪੁੱਟੀ ਤੇ ਉਸ ਵਿੱਚੋਂ ਇੱਕ-ਇੱਕ ਲਾਸ਼ ਲਿਜਾ ਕੇ ਗੈਰਾਜ ਵਿੱਚ ਦਫਨਾ ਦਿੱਤੀ। ਕੋਲਕਾਤਾ ਵਿੱਚ ਪੜ੍ਹਦੇ ਆਪਣੇ ਵੱਡੇ ਭਰਾ ਨੂੰ ਵੀ ਮੂੰਹ ਬੰਦ ਰੱਖਣ ਦੀ ਧਮਕੀ ਦਿੱਤੀ। ਇਹ ਸਾਰਾ ਮਾਮਲਾ ਲੁਕਿਆ ਰਹਿੰਦਾ, ਪਰ ਪਿਤਾ ਦੀ ਕਰੋੜਾਂ ਦੀ ਜਾਇਦਾਦ ਵੇਚਣ ਦੀ ਕੋਸ਼ਿਸ਼ ਦਾ ਪਤਾ ਲੱਗਣ ਉੱਤੇ ਵੱਡੇ ਭਰਾ ਆਰਿਫ ਸ਼ੇਖ਼ ਨੇ ਘਟਨਾ ਦੇ ਚਾਰ ਮਹੀਨੇ ਬਾਅਦ ਪੁਲਸ ਨੂੰ ਸਾਰੀ ਗੱਲ ਦੱਸ ਦਿੱਤੀ, ਜਿਸ ਪਿੱਛੋਂ ਆਸਿਫ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਆਸਿਫ ਨੇ ਉਕਤ ਵਾਰਦਾਤ 28 ਫਰਵਰੀ ਨੂੰ ਕੀਤੀ ਸੀ। ਇਸ ਪਿੱਛੋਂ ਉਸ ਨੇ ਲੋਕਾਂ ਨੂੰ ਗੁੰਮਰਾਹ ਕੀਤਾ ਕਿ ਮਾਤਾ-ਪਿਤਾ ਮਹਾਰਾਸ਼ਟਰ ਚਲੇ ਗਏ ਹਨ। ਘਰ ਵਿੱਚ ਸੁਰੰਗ ਦੇ ਰਸਤੇ ਹੀ ਪੁਲਸ ਲਾਸ਼ਾਂ ਤਕ ਪਹੁੰਚੀ। ਪੁਲਸ ਨੇ ਦੱਸਿਆ ਕਿ ਦੋਸ਼ੀ ਨੇ ਆਪਣੇ ਪਿਤਾ ਅਲੀ, ਮਾਂ ਇੜਾ ਬੀਵੀ, ਭੈਣ ਰੀਮਾ ਅਤੇ ਦਾਦੀ ਆਲੇਕ ਨੂਰ ਬੈਉਆ ਨੂੰ ਪਾਣੀ ਵਿੱਚ ਨਸ਼ੇ ਦੀਆਂ ਗੋਲੀਆਂ ਮਿਲਾ ਕੇ ਪਿਲਾਈਆਂ ਅਤੇ ਬੇਹੋਸ਼ ਹੋਣ ਉੱਤੇ ਸਭ ਨੂੰ ਵਾਰੀ-ਵਾਰੀ ਪਾਣੀ ਵਿੱਚ ਡੋਬ ਕੇ ਮਾਰ ਦਿੱਤਾ। ਫਿਰ ਆਸਿਫ ਪਿਤਾ ਦੀ ਜ਼ਮੀਨ ਅਤੇ ਮਕਾਨ ਵੇਚਣ ਦਾ ਜੁਗਾੜ ਲਾਉਣ ਲੱਗਾ। ਇਸ ਦੌਰਾਨ ਆਸਿਫ ਦੇ ਚਾਚਾ ਐਂਟਨੀ ਸ਼ੇਖ਼ ਨੇ ਆਪਣੇ ਵੱਡੇ ਭਰਾ ਦੇ ਬਾਰੇ ਪੁੱਛਿਆ ਤਾਂ ਆਸਿਫ ਨੇ ਕਿਹਾ ਕਿ ਮਹਾਰਾਸ਼ਟਰ ਸ਼ਿਫਟ ਹੋ ਗਏ ਹਨ, ਦੋ-ਤਿੰਨ ਸਾਲ ਦੇ ਬਾਅਦ ਆਉਣਗੇ। ਜਾਇਦਾਦ ਵੇਚਣ ਦੀ ਗੱਲ ਪਤਾ ਲੱਗਣ ਉੱਤੇ ਚਾਚਾ ਨੇ ਕਿਹਾ ਕਿ ਉਹ ਪਿਤਾ ਦੀ ਇਜਾਜ਼ਤ ਦੇਬਿਨਾਂ ਜੱਦੀ ਜਾਇਦਾਦ ਨਹੀਂ ਵੇਚ ਸਕਦਾ। ਚਾਚਾ ਨੇ ਆਰਿਫ ਨੂੰ ਫੋਨ ਕਰ ਕੇ ਇਹ ਗੱਲ ਦੱਸੀ, ਤਾਂਉਸ ਨੇ ਜਾਣਕਾਰੀ ਦੱਸਿਆ ਕਿ ਆਸਿਫ ਨੇ ਮਾਤਾ-ਪਿਤਾ, ਭੈਣ ਅਤੇ ਦਾਦੀ ਦੀ ਹੱਤਿਆ ਕਰ ਦਿੱਤੀ ਹੈ।

## ਸਰਕਾਰੀ ਹਸਪਤਾਲ ਦੇ ਮੁਰਦਾ-ਘਰ ਵਿੱਚ ਚੂਹਿਆਂ ਨੇ ਲਾਸ਼ ਕੁਤਰੀ

ਇੰਦੌਰ, 20 ਜੂਨ (ਪੋਸਟ ਬਿਊਰੋ)- ਮੱਧ ਪ੍ਰਦੇਸ਼ ਦੇ ਇੰਦੌਰ ਜ਼ਿਲ੍ਹਾ ਹਸਪਤਾਲ ਦੇ ਮੁਰਦਾ-ਘਰ ਵਿੱਚ ਚੂਹਿਆਂ ਨੇ 41 ਸਾਲਾ ਵਿਅਕਤੀ ਦੀ ਲਾਸ਼ ਨੂੰ ਕੁਤਰ ਦਿੱਤਾ। ਪੋਸਟਮਾਰਟਮ ਤੋਂ ਬਾਅਦ ਕੱਲ੍ਹ ਲਾਸ਼ ਦੀ ਹਵਾਲਗੀ ਸਮੇਂ ਮ੍ਰਿਤਕ ਵਿਅਕਤੀ ਦੇ ਪਰਵਾਰ ਵਾਲਿਆਂ ਨੇ ਇਸ ਦਾ ਖੁਲਾਸਾ ਕੀਤਾ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਜ਼ਹਿਰ ਖਾਣ ਪਿੱਛੋਂ ਸ਼ਹਿਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਏ ਗਏ ਕ੍ਰਿਸ਼ਨਕਾਂਤ ਪੰਚਾਲ (41) ਦੀ ਸ਼ੁੱਕਰਵਾਰ ਨੂੰ ਮੌਤ ਹੋ ਗਈ ਸੀ। ਉਹ ਗੁਆਂਢੀ ਜ਼ਿਲ੍ਹੇ ਧਾਰਦਾਵਸਨੀਕ ਸੀ। ਮ੍ਰਿਤਕ ਦੇ ਭਤੀਜੇ ਰਾਹੁਲ ਪੰਚਾਲ ਨੇ ਦੱਸਿਆ, 'ਮੇਰੇ ਚਾਚਾ ਕ੍ਰਿਸ਼ਨਕਾਂਤ ਪੰਚਾਲ ਦੀ ਲਾਸ਼ ਪੋਸਟਮਾਰਟਮ ਲਈ ਜ਼ਿਲ੍ਹਾ ਹਸਪਤਾਲ ਦੇ ਮੁਰਦਾ-ਘਰ ਭੇਜੀ ਗਈ ਸੀ, ਅਸੀਂ ਵੇਖਿਆ ਕਿ ਮੁਰਦਾ-ਘਰ ਵਿੱਚ ਲਾਸ਼ ਸੁਰੱਖਿਅਤ ਰੱਖਣ ਲਈ ਫ੍ਰੀਜਰ ਤਕ ਨਹੀਂ ਹੈ।' ਉਨ੍ਹਾਂ ਦੱਸਿਆ, 'ਮੁਰਦਾਘਰ ਦੇ ਕਰਮਚਾਰੀਆਂ ਨੇ ਸਾਨੂੰ ਭਰੋਸਾ ਦਿਵਾਇਆ ਕਿ ਰਾਤ ਨੂੰ ਲਾਸ਼ ਨੂੰ ਕੋਈ ਨੁਕਸਾਨ ਨਹੀਂ ਹੋਵੇਗਾ, ਪਰ ਪੋਸਟਮਾਰਟਮ ਤੋਂ ਬਾਅਦ ਜਦੋਂ ਅਸੀਂ ਕੱਲ੍ਹ ਲਾਸ਼ ਦੇਖੀ ਤਾਂ ਚਿਹਰੇ, ਹੱਥ, ਅੰਗੂਠੇ ਤੇ ਉਂਗਲੀਆਂ ਉੱਤੇ ਚੂਹਿਆਂ ਦੇ ਕੁਤਰਨ ਦੇ ਤਾਜ਼ਾ ਜ਼ਖਮ ਮਿਲੇ।' ਹਸਪਤਾਲ ਦੇ ਮੁਰਦਾ-ਘਰ ਵਿੱਚ ਲਾਸ਼ ਦੀ ਇਸ ਹਾਲਤ ਬਾਰੇ ਸਿਵਲ ਸਰਜਨ ਡਾਕਟਰ ਸੰਤੋਸ਼ ਵਰਮਾ ਨੇ ਕਿਹਾ, 'ਪੋਸਟਮਾਰਟਮ ਕਰਨ ਵਾਲੇ ਡਾਕਟਰ ਨਾਲ ਮੇਰੀ ਗੱਲ ਹੋਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਿਰਫ ਲਾਸ਼ ਦੀ ਗੱਲ੍ਹ ਉੱਤੇ ਚੂਹਿਆਂ ਦੇ ਕੁਤਰਨ ਦੇ ਨਿਸ਼ਾਨ ਮਿਲੇ ਸਨ।' ਵਰਮਾ ਨੇ ਕਿਹਾ ਕਿ ਜ਼ਿਲ੍ਹਾ ਹਸਪਤਾਲ ਦੇ ਮੁਰਦਾ-ਘਰ ਵਿੱਚ ਚੂਹਿਆਂ ਅਤੇ ਹੋਰ ਜੀਵ-ਜੰਤੂਆਂ ਦੀ ਰੋਕਥਾਮ ਲਈ ਇੱਕ ਨਿੱਜੀ ਏਜੰਸੀ ਰਾਹੀਂ ਦਵਾਈਆਂ ਦਾ ਨਿਯਮਤ ਛਿੜਕਾਅ ਕਰਵਾਇਆ ਜਾਂਦਾ ਹੈ। ਸਿਵਲ ਸਰਜਨ ਨੇ ਕਿਹਾ, 'ਲਾਸ਼ ਨੂੰ ਚੂਹਿਆਂ ਵੱਲੋਂ ਕੁਤਰੇ ਜਾਣ ਦੇ ਮਾਮਲੇ ਵਿੱਚ ਅਸੀਂ ਇਸ ਏਜੰਸੀ ਨੂੰ ਨੋਟਿਸ ਜਾਰੀ ਕਰ ਕੇ ਜਵਾਬ ਤਲਬੀ ਕਰਾਂਗੇ।'

# ਅਦਾਲਤ ਨੇ ਦੀਪ ਸਿੱਧੂ ਦੇ ਖਿਲਾਫ ਦੋਸ਼ ਪੱਤਰ ਉਤੇ ਨੋਟਿਸ ਲਿਆ

*** 29 ਜੂਨ ਨੂੰ ਸਾਰੇ ਦੋਸ਼ੀ ਵੀਡੀਓ ਕਾਨਫਰੰਸ ਰਾਹੀਂ ਤਲਬ ਕੀਤੇ**



ਨਵੀਂ ਦਿੱਲੀ, 20 ਜੂਨ (ਪੋਸਟ ਬਿਊਰੋ)- ਦਿੱਲੀ ਦੀ ਇੱਕ ਅਦਾਲਤ ਨੇ ਅਭਿਨੇਤਾ-ਵਰਕਰ ਦੀਪ ਸਿੱਧੂ ਅਤੇ ਹੋਰਨਾਂ ਦੇ ਖਿਲਾਫ ਗਣਤੰਤਰ ਦਿਵਸ ਹਿੰਸਾ ਦੇ ਕੇਸ ਵਿੱਚ ਸਪਲੀਮੈਂਟਰੀ ਚਲਾਣ ਦਾ ਕੱਲ੍ਹ ਨੋਟਿਸ ਲਿਆ ਹੈ।

ਜੁਡੀਸ਼ੀਅਲ ਮੈਜਿਸਟਰੇਟ ਗਜੇਂਦਰ ਸਿੰਘ ਨਾਗਰ ਨੇ ਇਸ ਕੇਸ ਵਿੱਚ 29 ਜੂਨ ਨੂੰ ਸਾਰੇ ਦੋਸ਼ੀਆਂ ਨੂੰ ਵੀਡੀਓ ਕਾਨਫਰੰਸ ਰਾਹੀਂ ਤਲਬ ਕੀਤਾ ਹੈ। ਮਨਿੰਦਰ ਸਿੰਘ ਅਤੇ ਖੇਮਪ੍ਰੀਤ ਸਿੰਘ ਦੇ ਖਿਲਾਫ ਪੇਸ਼ੀ ਵਾਰੰਟ ਜਾਰੀ ਕੀਤਾ ਗਿਆ ਹੈ, ਜੋ ਅਜੇ ਜੇਲ੍ਹ ਵਿੱਚ ਹਨ। ਇਨ੍ਹਾਂ ਦੋਵਾਂ ਤੋਂ ਬਿਨਾਂ ਬਾਕੀ ਸਾਰੇ ਦੋਸ਼ੀ ਜ਼ਮਾਨਤ ਉੱਤੇ ਬਾਹਰ ਹਨ। ਮੈਜਿਸਟਰੇਟ ਨੇ ਕਿਹਾ ਕਿ ਉਨ੍ਹਾਂ ਧਾਰਾਵਾਂ, ਜਿਨ੍ਹਾਂ ਦਾ ਕੇਸ ਚਲਾਉਣ ਲਈ ਮਨਜ਼ੂਰੀ ਹੋਣ ਦੀ ਉਡੀਕ ਹੈ,ਨੂੰ ਛੱਡ ਕੇਅਦਾਲਤ ਭਾਰਤੀ ਦੰਡਾਵਲੀ ਦੀਆਂ ਵੱਖ-ਵੱਖ ਧਾਰਾਵਾਂ ਦੇ ਚਲਾਣਦਾ ਨੋਟਿਸ ਲੈ ਰਹੀ ਹੈ। ਮਹਾਮਾਰੀ ਰੋਗ ਐਕਟ, ਸੰਕਟ ਪ੍ਰਬੰਧਕੀ ਐਕਟ ਅਤੇ ਅਸਲਾ ਐਕਟ ਹੇਠ ਅਜੇ ਸਬੰਧਤ ਅਧਿਕਾਰੀਆਂ ਤੋਂ ਮਨਜ਼ੂਰੀ ਦੀ ਉਡੀਕ ਹੈ।ਜਾਂਚ ਅਧਿਕਾਰੀ ਨੇ ਅੰਤਿਮ ਰਿਪੋਰਟ ਵਿੱਚ ਉਨ੍ਹਾਂ ਗਵਾਹਾਂ ਦੇ ਨਾਂਅ ਦੱਸੇ, ਜਿਹੜੇ ਗੰਭੀਰ ਜ਼ਖਮੀ ਹੋਏ ਸਨ ਜਾਂ ਜਿਨ੍ਹਾਂ ਤੋਂ ਹਥਿਆਰ ਖੋਹੇ ਗਏ ਸਨ।

ਦਿੱਲੀ ਪੁਲਸ ਦੇ ਅਪਰਾਧ ਸੈਲ ਨੂੰ ਜਾਂਚ ਦਾ ਕੰਮ ਦਿੱਤਾ ਗਿਆ ਸੀ। ਅਪਰਾਧ ਸੈਲ ਨੇ ਸਿੱਧੂ ਅਤੇ 15 ਹੋਰਨਾਂ ਦੇ ਖਿਲਾਫ ਹਿੰਸਾ ਦੇ ਲਗਭਗ ਚਾਰ ਮਹੀਨੇ ਬਾਅਦ 17 ਮਈ ਨੂੰ 3224 ਸਫਿਆਂ ਦਾ ਪਹਿਲਾ ਚਲਾਣ ਪੇਸ਼ ਕੀਤਾ ਸੀ। ਸਿੱਧੂ ਉੱਤੇ ਹਿੰਸਾ ਦਾ ਮੁੱਖ ਸਾਜ਼ਿਸ਼ ਕਰਤਾ ਹੋਣ ਦਾ ਦੋਸ਼ ਲਾਇਆ ਗਿਆ ਐ ਉਸ ਨੂੰ ਨੌਂ ਫਰਵਰੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਪੁਲਸ ਨੇ ਉਸ ਉੱਤੇ ਲਾਲ ਕਿਲ੍ਹੇ ਵਿੱਚ ਅਰਾਜਕਤਾ ਫੈਲਾਉਣ ਦਾ ਵੀ ਦੋਸ਼ ਲਾਇਆ ਸੀ।

## 100 ਵਾਟਸਐਪ ਗਰੁੱਪਾਂ ਉਤੇ ਔਰਤਾਂ ਨਾਲ ਜੁੜਿਆ ਜਾਅਲੀ ਆਰਮੀ ਕੈਪਟਨ ਗ੍ਰਿਫਤਾਰ




ਨਵੀਂ ਦਿੱਲੀ, 20 ਜੂਨ (ਪੋਸਟ ਬਿਊਰੋ)- ਪਾਕਿਸਤਾਨ ਦੀ ਖੁਫੀਆ ਏਜੰਸੀ ਆਈ ਐਸ ਆਈ ਭਾਰਤ ਵਿੱਚ ਚਾਲੀ ਸਾਲ ਦੇ ਇੱਕ ਵਿਅਕਤੀ ਨੂੰ ਹਨੀ ਟ੍ਰੈਪ ਵਿੱਚ ਫਸਾਉਣ ਦੀ ਕੋਸ਼ਿਸ਼ ਕਰ ਰਹੀ ਸੀ, ਜਿਸ ਨੂੰ ਇੱਕ ਫੌਜੀ ਅਧਿਕਾਰੀ ਦੇ ਰੂਪ 'ਚ ਘੁੰਮਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਗਿਆ ਹੈ। ਆਈ ਐਸ ਆਈ ਉਸ ਨੂੰ ਅਸਲੀ ਫੌਜੀ ਅਧਿਕਾਰੀ ਮੰਨ ਰਹੀ ਸੀ। ਪੁਲਸ ਨੂੰਦੋਸ਼ੀ ਕੋਲੋਂ ਫੌਜ ਦਾ ਇੱਕ ਫਰਜ਼ੀ ਆਈ ਡੀ ਕਾਰਡ ਅਤੇ ਇੱਕ ਮੋਬਾਈਲ ਮਿਲਿਆ ਹੈ।

ਦਿੱਲੀ ਪੁਲਸ ਨੇ ਦਿਲੀਪ ਕੁਮਾਰ (40) ਨੂੰ ਦਿੱਲੀ ਦੇ ਗ੍ਰੇਟਰ ਕੈਲਾਸ਼ ਇਲਾਕੇ ਤੋਂ ਸ਼ੁੱਕਰਵਾਰ ਨੂੰ ਗ੍ਰਿਫਤਾਰ ਕੀਤਾ ਹੈ। ਉਹ ਮੋਹਨ ਗਾਰਡਨ ਇਲਾਕੇ ਦਾ ਵਾਸੀ ਹੈ। ਪੁਲਸ ਸੂਤਰਾਂ ਨੇ ਦੱਸਿਆ ਕਿ ਉਹ 100 ਤੋਂ ਵੱਧ ਵਾਟਸਐਪ ਗਰੁੱਪਾਂ ਦਾ ਮੈਂਬਰ ਹੈ ਅਤੇ 100 ਤੋਂ ਵੱਧ ਔਰਤਾਂ ਦੇ ਸੰਪਰਕ ਵਿੱਚ ਹੈ। ਪੁਲਸ ਨੂੰ ਉਸ ਦੇ ਮੋਬਾਈਲ ਫੋਨ ਦੀ ਜਾਂਚ ਉੱਤੇ ਪਤਾ ਲੱਗਾ ਕਿ ਉਸ ਨੇ ਕਈ ਕੌਮਾਂਤਰੀ ਨੰਬਰਾਂ ਉੱਤੇ ਵੀਡੀਓ ਕਾਲਾਂ ਕੀਤੀਆਂ ਸਨ। ਪੁੱਛਗਿੱਛ ਦੌਰਾਨ ਉਸ ਨੇ ਦੱਸਿਆ ਕਿ ਉਹ ਸੋਸ਼ਲ ਮੀਡੀਆ ਉੱਤੇ ਔਰਤਾਂ ਨੂੰ ਪ੍ਰਭਾਵਤ ਕਰਨ ਲਈ ਖੁਦ ਨੂੰ ਭਾਰਤੀ ਫੌਜ ਦਾ ਕੈਪਟਨ ਸ਼ੇਖਰ ਦੱਸਦਾ ਹੈ। ਉਸ ਨੇ ਇਹ ਵੀ ਦੱਸਿਆ ਕਿ ਉਸ ਨੇ ਕੁਝ ਵਿਦੇਸ਼ੀ ਨਾਗਰਿਕਾਂ ਨਾਲ ਗੱਲਬਾਤ ਵੀ ਕੀਤੀ ਹੈ ਅਤੇ ਉਨ੍ਹਾਂ ਦੀਆਂ ਕੁਝ ਤਸਵੀਰਾਂ ਅਤੇ ਵੀਡੀਓ ਸ਼ੇਅਰ ਕੀਤੇ ਹਨ। ਪੁਲਸ ਇਸ ਸਾਰੇ ਮਾਮਲੇ ਦੀ ਜਾਂਚ ਕਰ ਰਹੀ ਹੈ।

# ਕੱਟੜਪੰਥੀ ਇਬਰਾਹੀਮ ਰਈਸੀ ਹੋਣਗੇ ਈਰਾਨ ਦੇ ਨਵੇਂ ਰਾਸ਼ਟਰਪਤੀ



ਤਹਿਰਾਨ, 20 ਜੂਨ (ਪੋਸਟ ਬਿਊਰੋ)- ਈਰਾਨ ਦੀਆਂ ਰਾਸ਼ਟਰਪਤੀ ਚੋਣਾਂ ਵਿੱਚ ਕੱਟੜਪੰਥੀ ਉਮੀਦਵਾਰ ਇਬਰਾਹੀਮ ਰਈਸੀ ਨੂੰ ਭਾਰੀ ਵੋਟਾਂ ਨਾਲ ਜਿੱਤ ਮਿਲੀ ਹੈ। ਉਹ ਅਗਸਤ ਵਿੱਚ ਮੌਜੂਦਾ ਰਾਸ਼ਟਰਪਤੀ ਹਸਨ ਰੂਹਾਨੀ ਦੀ ਜਗ੍ਹਾ ਲੈਣਗੇ। ਰਈਸੀ ਦੇਸ਼ ਦੇ ਸਰਬ ਉਚ ਨੇਤਾ ਆਇਤਊਲਾ ਅਲੀ ਖਾਮਨੇਈ ਦੇ ਨੇੜੂ ਅਤੇ ਚੀਫ ਜਸਟਿਸ ਹਨ।

ਵਰਨਣ ਯੋਗ ਹੈ ਕਿ ਇਬਰਾਹੀਮ ਰਈਸੀ ਦੇਵਿਰੁੱਧ ਮਨੁੱਖੀ ਅਧਿਕਾਰ ਉਲੰਘਣਾ ਦੇ ਦੋਸ਼ਾਂ ਕਾਰਨ ਅਮਰੀਕਾ ਨੇ ਉਨ੍ਹਾਂ ਉੱਤੇ ਪਾਬੰਦੀ ਲਾਈ ਹੋਈ ਹੈ। ਇਸ ਚੋਣ ਜਿੱਤ ਦੇ ਬਾਅਦ ਰਈਸੀ ਨੇ ਦੇਸ਼ ਦੇ ਲੋਕਾਂ ਅਤੇ ਖਾਮਨੇਈ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਸਾਰਿਆਂ ਦੀਆਂ ਆਸਾਂ ਉੱਤੇ ਖਰਾ ਉਤਰਨਗੇ। ਐਟਮੀ ਪ੍ਰੋਗਰਾਮ ਬਾਰੇ ਅਮਰੀਕੀ ਪਾਬੰਦੀਆਂ ਨਾਲ ਜੂਝ ਰਹੇ ਈਰਾਨ ਵਿੱਚ ਰਾਸ਼ਟਰਪਤੀ ਅਹੁਦੇ ਲਈ ਚੋਣਾਂ ਵਿੱਚ ਕਰੀਬ ਛੇ ਕਰੋੜ ਵੋਟਰਾਂ ਵਿੱਚੋਂ ਦੋ ਕਰੋੜ ਨੱਬੇ ਲੱਖ ਵੋਟਰਾਂ ਨੇ ਵੋਟਾਂ ਪਾਈਆਂ। ਚੋਣ ਅਧਿਕਾਰੀਆਂ ਦੇ ਅਨੁਸਾਰ ਸੱਠ ਸਾਲਾ ਰਈਸੀ ਨੂੰ ਇੱਕ ਕਰੋੜ 78 ਲੱਖ ਤੋਂ ਵੱਧ ਵੋਟਾਂ ਮਿਲੀਆਂ ਹਨ। ਦੇਸ਼ ਦੇ ਪ੍ਰਮੁੱਖ ਫੌਜੀ ਦਸਤੇ ਰੀਵੋਊਲਸ਼ਨਰੀ ਗਾਰਡ ਦੇ ਸਾਬਕਾ ਕਮਾਂਡਰ ਮੋਹਸਿਨ ਰੇਜ਼ਾਈ ਨੂੰ 33 ਲੱਖ ਅਤੇ ਅਬਦੁਲਨਸਰ ਹਿੰਮਤੀ ਨੂੰ ਕਰੀਬ 24 ਲੱਖ ਵੋਟ ਮਿਲੇ ਹਨ। ਚੌਥੇ ਉਮੀਦਵਾਰ ਅਮੀਰਹੋਸਿਨ ਹਾਸ਼ਮੀ ਦਸ ਲੱਖ ਵੋਟਾਂ ਮਿਲੀਆਂ ਹਨ। ਈਰਾਨ ਵਿੱਚ ਚਾਰ ਸਾਲ ਬਾਅਦ ਰਾਸ਼ਟਰਪਤੀ ਚੋਣਾਂ ਕਰਵਾਈਆਂ ਜਾਂਦੀਆਂ ਹਨ ਅਤੇ 50 ਫੀਸਦੀ ਵੋਟਾਂ ਹਾਸਲ ਕਰਨ ਵਾਲੇ ਨੂੰ ਜੇਤੂ ਐਲਾਨ ਕੀਤਾ ਜਾਂਦਾ ਹੈ।

ਇਜ਼ਰਾਈਲ ਦੇ ਇਨ੍ਹਾਂ ਮਾਮਲਿਆਂ ਦੇ ਮਾਹਰ ਰੈਜ ਜਿਮਟ ਦਾ ਕਹਿਣਾ ਹੈ ਕਿ ਰਈਸੀ ਈਰਾਨੀ ਸ਼ਾਸਨ ਤੇ ਕਾਨੂੰਨ ਵਿਵਸਥਾ ਦੇ ਅਹਿਮ ਥੰਮ੍ਹ ਹਨ। ਇਸ ਲਈ ਈਰਾਨ ਦੀ ਨੀਤੀ ਵਿੱਚ ਕਿਸੇ ਵੱਡੇ ਬਦਲਾਅ ਦੀ ਸੰਭਾਵਨਾ ਨਹੀਂ ਹੈ। ਉਨ੍ਹਾਂ ਦਾ ਈਰਾਨ ਵਿੱਚ ਔਰਤਾਂ ਪ੍ਰਤੀ ਰੁਖ਼ ਸਖਤ ਰਹੇਗਾ ਅਤੇ ਕੱਟੜਪੰਥੀਆਂ ਨੂੰ ਉਤਸ਼ਾਹ ਮਿਲੇਗਾ।

# ਅਮਰੀਕਾ ਅਤੇ ਰੂਸ ਵਿੱਚ ਹੜ੍ਹਾਂ ਨਾਲ ਜਨ-ਜੀਵਨ ਪ੍ਰਭਾਵਤ



ਨਿਊ ਆਰਲੀਨਸ, 20 ਜੂਨ (ਪੋਸਟ ਬਿਊਰੋ)- ਅਮਰੀਕਾ ਅਤੇ ਰੂਸ ਵਿੱਚ ਹੜ੍ਹ ਕਾਰਨ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਤ ਹੋਇਆ ਹੈ। ਖਾੜੀ ਤਟ ਉੱਤੇ ਕੱਲ੍ਹ ਸਵੇਰੇ ਆਏ ਟ੍ਰੋਪੀਕੋਪੋਲੀਟਿਨ ਤੂਫਾਨ 'ਕਲਾਊਡੇਟ'ਨਾਲ ਲੁਸੀਆਨਾ, ਮਿਸੀਸਿੱਪੀ ਅਤੇ ਅਲਬਾਮਾ ਸਮੇਤ ਤੱਟੀ ਸੂਬਿਆਂ ਵਿੱਚ ਭਾਰੀ ਬਾਰਸ਼ ਹੋਈ ਹੈ, ਜਿਸ ਕਾਰਨ ਹੜ੍ਹ ਆ ਗਿਆ।

ਮਿਆਮੀ ਵਿੱਚ ਕੌਮੀ ਤੂਫਾਨ ਕੇਂਦਰ ਨੇ ਇੱਕ ਐਡਵਾਈਜ਼ਰੀ ਵਿੱਚ ਦੱਸਿਆ ਹੈ ਕਿ ਨਿਊ ਆਰਲੀਨਸ ਤੋਂ 75 ਕਿਲੋਮੀਟਰ ਦੂਰ ਦੱਖਣ-ਪੱਛਮ ਵਿੱਚ ਤੂਫਾਨ ਆਉਣ ਕਾਰਨ 75 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾ ਚੱਲੀ ਅਤੇ ਇਸ ਦੇ ਬਾਅਦ ਭਾਰੀ ਬਾਰਸ਼ ਦੇ ਕਾਰਨ ਸੜਕਾਂ ਉੱਤੇ ਜਲ-ਥਲ ਅਤੇ ਵਾਹਨਾਂ ਦੇ ਫਸੇ ਹੋਣ ਦੀਆਂ ਖਬਰਾਂ ਹਨ।

ਉਧਰ ਰੂਸ ਦੇ ਕ੍ਰੀਮੀਆ ਵਿੱਚ ਭਾਰੀ ਬਾਰਸ਼ ਅਤੇ ਹੜ੍ਹ ਵਿੱਚ ਫਸੇ 1773 ਲੋਕਾਂ ਨੂੰ ਸੁਰੱਖਿਅਤ ਕੱਢ ਕੇ ਕਰੀਬ 200 ਅਸਥਾਈ ਕੈਂਪਾਂ ਵਿੱਚ ਰੱਖਿਆ ਗਿਆ ਹੈ। ਰੂਸ ਦੇ ਐਮਰਜੈਂਸੀ ਮੰਤਰਾਲੇ ਨੇ ਦੱਸਿਆ ਕਿ 321 ਬੱਚਿਆਂ ਸਣੇ ਹੜ੍ਹ ਵਾਲੇ ਖੇਤਰ ਵਿੱਚ ਫਸੇ 1773 ਲੋਕਾਂ ਨੂੰ ਬਾਹਰ ਕੱਢਿਆ ਹੈ ਅਤੇ 183 ਲੋਕ ਇਸ ਸਮੇਂ ਪੰਜ ਅਸਥਾਈ ਕੈਂਪਾਂ ਵਿੱਚ ਰਹਿ ਰਹੇ ਹਨ। ਨੇਪਾਲ ਵਿੱਚ ਵੀ ਬਾਰਸ਼ ਦਾ ਕਹਿਰ ਜਾਰੀ ਹੈ। ਇੱਕ ਹਫਤੇ ਵਿੱਚ ਹੜ੍ਹ ਅਤੇ ਜ਼ਮੀਨ ਖਿਸਕਣ ਕਾਰਨ 16 ਲੋਕਾਂ ਦੀ ਮੌਤ ਹੋ ਗਈ ਹੈ, ਜਦ ਕਿ 22 ਲਾਪਤਾ ਹਨ। ਗ੍ਰਹਿ ਮੰਤਰਾਲੇ ਨੇ ਅੱਧਾ ਦਰਜਨ ਤੋਂ ਵੱਧ ਜ਼ਿਲ੍ਹਿਆਂ ਵਿੱਚ ਮਾਨਸੂਨ ਦੀ ਬਾਰਸ਼ ਨਾਲ ਹੋਏ ਨੁਕਸਾਨ ਦੀ ਰਿਪੋਰਟ ਪ੍ਰਾਪਤ ਹੋਈ ਹੈ।




# ਪਾਕਿ ਪਾਰਲੀਮੈਂਟ ਦੇ ਬਾਅਦ ਬਲੋਚਿਸਤਾਨ ਵਿਧਾਨ ਸਭਾ ਵਿੱਚ ਭਾਰੀ ਹੰਗਾਮਾ

*** ਜੁੱਤੀਆਂ, ਚੱਪਲਾਂ ਤੇ ਬੋਤਲਾਂ ਸੁੱਟੀਆਂ ਗਈਆਂ**



ਕੋਇਟਾ, 20 ਜੂਨ (ਪੋਸਟ ਬਿਊਰੋ)- ਪਾਕਿਸਤਾਨ ਦੀ ਪਾਰਲੀਮੈਂਟ ਵਿੱਚ ਹੰਗਾਮਾ ਹੋਣ ਦੇ ਬਾਅਦ ਬਲੋਚਿਸਤਾਨ ਸੂਬੇ ਦੀ ਵਿਧਾਨ ਸਭਾ ਵਿੱਚ ਭਾਰੀ ਹੰਗਾਮਾ ਹੋਇਆ ਹੈ, ਜਿਸ ਵਿੱਚ ਜੁੱਤੀਆਂ ਸੁੱਟੀਆਂ ਗਈਆਂ ਹਨ।

ਪਤਾ ਲੱਗਾ ਹੈ ਕਿ ਬਜਟ ਸਮਾਗਮ ਵੇਲੇ ਵਿਰੋਧੀ ਧਿਰ ਦੇ ਮੈਂਬਰਾਂ ਨੇ ਪ੍ਰਦਰਸ਼ਨ ਕਰਦੇ ਹੋਏ ਪੂਰੇ ਹਾਊਸ ਨੂੰ ਘੇਰ ਲਿਆ ਅਤੇ ਸਭ ਦਰਵਾਜ਼ਿਆਂ ਨੂੰ ਬਾਹਰ ਤੋਂ ਬੰਦ ਕਰ ਦਿੱਤਾ।ਇਸ ਦੌਰਾਨ ਜਦੋਂ ਮੁੱਖ ਮੰਤਰੀ ਜਾਮ ਕਮਾਲ ਪਹੁੰਚੇ ਤਾਂ ਵਿਰੋਧੀ ਮੈਂਬਰਾਂ ਨਾਲ ਉਨ੍ਹਾਂ ਦੀ ਹੱਥੋਪਾਈ ਹੋ ਗਈ। ਵਿਰੋਧੀ ਧਿਰ ਦੇ ਮੈਂਬਰਾਂ ਨੇ ਜੁੱਤੀਆਂ, ਚੱਪਲਾਂ ਅਤੇ ਪਾਣੀ ਦੀਆਂ ਬੋਤਲਾਂ ਸੁੱਟਣੀਆਂ ਸ਼ੁਰੂ ਕਰ ਦਿੱਤੀਆਂ। ਹੰਗਾਮੇ ਕਾਰਨ ਮੁੱਖ ਮੰਤਰੀ ਨੂੰ ਹਾਊਸ ਵਿੱਚ ਜਾਣ ਲਈ ਦੂਜਾ ਰਾਹ ਲੈਣਾ ਪਿਆ ਅਤੇ ਹੰਗਾਮੇ ਕਾਰਨ ਹਾਊਸ ਦੀ ਕਾਰਵਾਈ ਦੋ ਘੰਟੇ ਪੱਛੜ ਕੇ ਸ਼ੁਰੂ ਹੋਈ। ਵਿਰੋਧੀ ਧਿਰ ਦੇ ਆਗੂਆਂ ਦੇ ਵਿਰੋਧ ਕਾਰਨ ਸੁਰੱਖਿਆ ਫੋਰਸਾਂ ਦੇ ਜਵਾਨਾਂ ਨੇ ਲਾਠੀਚਾਰਜ ਵੀ ਕੀਤਾ। ਇਸ ਕਾਰਨ ਚਾਰ ਵਿਧਾਇਕ ਜ਼ਖਮੀ ਹੋ ਗਏ। ਘਟਨਾ ਪਿੱਛੋਂ ਪਾਕਿ-ਸਤਾਨ ਦੀ ਫੌਜ ਨੇ ਮੌਕੇ ਉੱਤੇ ਮੋਰਚਾ ਸੰਭਾਲ ਲਿਆ।

ਬਲੋਚਿਸਤਾਨ ਵਿਧਾਨ ਸਭਾ ਦੇ ਬਜਟ ਸਮਾਗਮ ਦੌਰਾਨ ਵਿਰੋਧੀ ਧਿਰ ਵੱਲੋਂ ਵਿਖਾਵੇ ਚੱਲ ਰਹੇ ਹਨ। ਬਜਟ ਵਿੱਚ ਗੈਰ ਜ਼ਰੂਰੀ ਕੰਮਾਂ ਉੱਤੇ ਜ਼ੋਰ ਦੇਣ ਦਾ ਵਿਰੋਧੀ ਨੇਤਾਵਾਂ ਨੇ ਵਿਰੋਧ ਕੀਤਾ ਹੈ। ਵਿਖਾਵਾਕਾਰੀਆਂ ਨੇ ਸੂਬਾਈ ਸਰਕਾਰ ਉੱਤੇ ਦੋਸ਼ ਲਾਇਆ ਕਿ ਗੈਰ ਚੁਣੇ ਸਿਆਸਤਦਾਨਾਂ ਨੂੰ ਪੈਸਾ ਦਿੱਤਾ ਜਾ ਰਿਹਾ ਹੈ ਅਤੇ ਵਿਧਾਨ ਸਭਾ ਦੇ ਵਿਰੋਧੀ ਮੈਂਬਰਾਂ ਨੂੰ ਸਿਰਫ ਇਸ ਲਈ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ ਕਿ ਉਹ ਸੱਤਾਧਾਰੀ ਪਾਰਟੀ ਨਾਲ ਸਬੰਧਤ ਨਹੀਂ ਹਨ।

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates

ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ
ਅਸੀਂ ਪੇਂਟ ਵੀ ਕਰਦੇ ਹਾਂ
24 ਘੰਟੇ ਤੁਹਾਡੀ ਸੇਵਾ ਵਿੱਚ
SINGH (TOCHI)
416-454-3031
647-784-8240
Email: tochisangha1@hotmail.com
CANADIAN GLASS AND WINDOW

ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ
ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ।
ਸੰਪਰਕ: ਅਜੈਬ ਸਹੋਤਾ
4165618882, 4164544587

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇਂਸਟ੍ਰਕਟਰ
647-998-7500 ਬਲਵਿੰਦਰ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

WWW.KULWINDERCHHINA.COM

MULTI AWARD WINNER REALTOR
KULWINDERCHHINA BROKER
647.293.2327

Call for Free Estimates
A-1 RENOVATION GTA INC
416-456-1462
OVER 15 YEARS OF SERVICE
Professionals in Completing Basements within 3 Weeks
info@a1renovationgta.com
www.a1renovationgta.com
$1,000
Services: • Complete Basement • Tiles • Bathrooms • Plumbing • Laminate • Hardwood Floor • Painting
A-1 RENOVATION GTA INC.
22 Listcreek Road, Brampton L6p 2n6

STARLANE PAINTING
Residential • Commercial • Industrial
• Hotel • Motel • Exterior • Interior • Spray Painting • Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਪੀਜ਼ਾ ਡਿਲੀਵਰੀ ਡਰਾਇਵਰਾਂ ਦੀ ਲੋੜ

MAPLE ਵਿਚ ਇਕ ਬਿਜ਼ੀ ਪੀਜ਼ਾ ਸਟੋਰ ਲਈ ਡਿਲੀਵਰੀ ਡਰਾਇਵਰਾਂ ਦੀ ਤੁਰੰਤ ਲੋੜ ਹੈ। ਇਹ ਫੁਲ ਟਾਈਮ ਜੌਬ ਹੈ। ਕੰਮ ਤੁਰੰਤ ਸ਼ੁਰੂ ਕਰ ਸਕਦੇ ਹੋ। ਸਟੋਰ ਅੰਦਰ ਕੰਮ ਕਰਨ ਵਾਸਤੇ ਲੇਡੀ ਵਰਕਰਾਂ ਦੀ ਵੀ ਲੋੜ ਹੈ। ਹੋਰ ਜਾਣਕਾਰੀ ਲਈ 11 ਵਜੇ ਤੋਂ ਲੈ ਕੇ ਸ਼ਾਮ 8 ਵਜੇ ਤੱਕ ਫੋਨ ਕਰ ਸਕਦੇ ਹੋ।

ਸੰਪਰਕ: 6477043799, 6477059736

ਫੋਨਾਂ ਦੇ ਸਸਤੇ ਪਲਾਨ ਗਾਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)


Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਗਰੇਵਾਲ ਲੜਕਾ, 1994, ਕੱਦ 6'2'', ਜੋ ਕਿ ਆਸਟ੍ਰੇਲੀਆ 'ਚ ਸਟੱਡੀ ਵੀਜ਼ੇ 'ਤੇ ਰਹਿ ਰਿਹਾ ਹੈ, ਲਈ ਕੈਨੇਡਾ ਤੋਂ ਲੜਕੀ ਦੀ ਲੋੜ ਹੈ। ਲੜਕੇ ਦੀ ਇਕ ਭੈਣ ਕੈਨੇਡਾ (ਟੋਰਾਂਟੋ) ਤੇ ਦੂਸਰੀ ਭੈਣ ਆਸਟ੍ਰੇਲੀਆ 'ਚ ਸੈਟਲਡ ਹੈ। ਲੜਕੇ ਦੇ ਮਾਤਾ ਜੀ ਸੁਪਰ ਵੀਜ਼ੇ 'ਤੇ ਕੈਨੇਡਾ ਆਏ ਹੋਏ ਹਨ। ਸੰਪਰਕ:-647-772-6650, ਵਟਸ ਐਪ ਨੰਬਰ:- 99156-62207

Match for Handsome Jat Sikh boy 40/5'10"(Issueless divorce), B.Tech, M.S (USA) Working in MNC as Senior Software Engineer in the USA. Family of Doctors and Engineers. Please respond with recent pics. Email match52020@gmail.com, Whats-app: +91-9815787350

ਕੈਨੇਡਾ ਵਿੱਚ ਵੈੱਲ ਸੈਟਲਡ, ਵਿੰਨੀਪੈਗ ਰਹਿ ਰਹੇ ਕੈਨੇਡਾ ਤੋਂ ਐਮਬੀਏ ਦੀ ਡਿਗਰੀ ਪ੍ਰਾਪਤ ਗੁਲਾਟੀ ਪਰਿਵਾਰ ਦੇ 29 ਸਾਲਾ ਲੜਕੇ, ਕੱਦ 6 ਫੁੱਟ 3 ਇੰਚ ਲਈ ਲੰਮੀਂ ਉੱਚੀ ਤੇ ਪੜ੍ਹੀ ਲਿਖੀ ਯੋਗ ਕੰਨਿਆ ਦੀ ਜ਼ਰੂਰਤ ਹੈ। ਤਰਨਤਾਰਨ ਵਿੱਚ ਪਰਿਵਾਰ ਦਾ ਜਿਊਲਰੀ ਦਾ ਕਾਰੋਬਾਰ ਹੈ। ਸੰਪਰਕ: 9815908662, 9815032106,416-817-4684.

ਜੱਟ ਸਿੱਖ ਧਨੋਆ ਲੜਕਾ, ਉਮਰ 27 ਸਾਲ ਕੱਦ 5'11'' ਮਿਕੈਨੀਕਲ ਇੰਜਨੀਅਰ ਅੰਮ੍ਰਿਤਧਾਰੀ ਵਿਜ਼ਿਟਰ ਵੀਜ਼ੇ ਉਤੇ ਆਏ, ਲਈ PR/Citizen/Studentਲੜਕੀ ਦੀ ਲੋੜ ਹੈ। ਲੜਕਾ ਆਪਣੇ ਮਾਮਾ-ਮਾਮੀ ਕੋਲ ਰਹਿ ਰਿਹਾ ਹੈ। ਤਲਾਕਸੁਦਾ ਉਤੇ ਵੀ ਗੌਰ ਕੀਤੀ ਜਾ ਸਕਦੀ ਹੈ। (Studentਦਾ ਖਰਚਾ ਵੀ ਕਰ ਸਕਦੇ ਹਾਂ) ਲੜਕੇ ਦਾ ਭਰਾ ਆਸਟ੍ਰੇਲੀਆ ਰਹਿ ਰਿਹਾ ਹੈ। ਸੰਪਰਕ: 416-708-4100

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5'10'', Dentist, MBAਆਸਟਰੇਲੀਆ ਵਿੱਚ ਵੱਰਕ ਪਰਮਿਟ ਤੇ ਰਹਿੰਦੇ ਲੜਕੇ ਲਈ ਵਧੀਆ ਪੜ੍ਹੀ-ਲਿਖੀ ਲੜਕੀ ਦੀ ਲੋੜ ਹੈ। ਵਧੇਰੀ ਜਾਣਕਾਰੀ ਲਈ ਸੰਪਰਕ ਕਰੋ :647-280-6503 । +91-98142-02918 (Whatsapp)

Seeking a suitable match for their son, never married, 43 years, 6' tall, fair, Ramdasia Gursikh, Amritdhari, Canadian citizen. Father class 1 retied officer and well settled family. Serious queries please respond on email sukhi_cancer@yahoo.com or call 416-721-5191 or 647-308-4411(contact after 5 pm)

Check our Free E-paper at: www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੇਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

* ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 4 ਇੰਚ ਲਈ ਪਰਿਵਾਰਕ ਲੜਕੀ ਦੀ ਲੋੜ ਹੈ। ਲੜਕਾ ਪਿਛਲੇ 6 ਸਾਲਾਂ ਤੋਂ ਕੁਕਿੰਗ ਦਾ ਕੰਮ ਕਰਦਾ ਹੈ ਤੇ ਕੈਨੇਡਾ ਵਿਚ ਵਿਜ਼ਿਟਰ ਵੀਜ਼ੇ ਉਤੇ ਕੈਂਬਰਿਜ ਗੁਰਦੁਆਰਾ ਸਾਹਿਬ ਵਿਖੇ ਕੁੱਕ ਦੀ ਸੇਵਾ ਕਰਦਾ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:- 647-852-7532 ਅਤੇ 647-637-4035

* ਹਿੰਦੂ ਖਤਰੀ ਲੜਕਾ, ਕੱਦ 5'8'', ਉੱਮਰ 28 ਸਾਲ, ਰੰਗ ਸਾਫ, ਯੋਗਤਾ ਬੈਚਲਰ ਇਨ ਹੋਸਪੀਟੇਲਟੀ ਮਨੇਜਮੈਂਟ। ਓਬਰਾਏ, ਤਾਜ ਵਰਗੇ ਚੰਗੀ ਕੰਪਨੀਆਂ ਵਿਚ 8 ਸਾਲ ਕੰਮ ਦਾ ਤਜ਼ਰਬਾ ਅਤੇ ਇੰਡੀਆ ਵਿੱਚ ਚੰਗੀ ਜੋਬ ਕਰਦੇ ਲੜਕੇ ਲਈ ਕੈਨੇਡੀਅਨ ਪੀ ਆਰ ਜਾਂ ਵਰਕ ਪਰਮਟ ਹੋਲਡਰ ਲੜਕੀ ਦੀ ਲੋੜ ਹੈ। ਪੰਜਾਬ ਭਾਖੜਾ ਨੰਗਲ ਨਾਲ ਸੰਬੰਧ ਰੱਖਦੇ ਹਨ। ਵਧੇਰੀ ਜਾਣਕਾਰੀ ਲਈ ਕਾਲ ਜਾਂ ਵਟਸਐਪ ਕਰੋ:+91-94173-58712

* ਸੁੰਨਿਆਰਾ ਲੜਕਾ, ਉੱਮਰ 25 ਸਾਲ, ਕੱਦ 5'8'', ਕੈਨੇਡੀਅਨ ਸਿਟੀਜ਼ਨ, ਵੈਲ ਸੇਟਲਡ, ਆਪਣਾ ਕਾਰੋਬਾਰ ਲਈ ਕੈਨੇਡੀਅਨ/ਅਮਰੀਕਨ ਸਿਟੀਜਨ ਜਾਂ ਪੀ ਆਰ ਲੜਕੀ ਦੀ ਲੋੜ ਹੈ। ਸਟੂਡੈਂਟ ਜਾਂ ਵਰਕ ਪਰਮਟ ਹੋਲਡਰ ਵੀ ਸੰਪਰਕ ਕਰ ਸਕਦੇ ਹਨ। ਕਿਰਪਾ ਕਰਕੇ ਆਪਣੇ ਬਰਾਦਰੀ ਵਾਲੇ ਹੀ ਸੰਪਰਕ ਕਰਨ। ਕਾਲ : 647-739-3600 ।

* ਅਰੋੜਾ ਸਿੱਖ ਲੜਕਾ, ਉੱਮਰ 36 ਸਾਲ, ਕੱਦ 5'11',ਕੇਨੈਡਾ ਵਿੱਚ ਵਰਕ ਪਰਮਿਟ ਤੇ ਰਹਿ ਰਿਹਾ ਅਤੇ ਚੰਗੀ ਜੋਬ ਕਰ ਰਹੇ ਲੜਕੇ ਲਈ ਘਰੇਲੂ ਅਤੇ ਪੀ ਆਰ/ ਵਰਕ ਪਰਮਿਟ ਲੜਕੀ ਦੀ ਲੋੜ ਹੈ। ਕਿਰਪਾ 30 ਤੇ ਵੱਧ ਉਮਰ ਦੀਆਂ ਲੜਕੀਆਂ ਹੀ ਸੰਪਰਕ ਕਰਨ। ਸਟੂਡੈਂਟ ਵੀ ਸੰਪਰਕ ਕਰ ਸਕਦੇ ਹਨ। ਵਧੇਰੀ ਜਾਣਕਾਰੀ ਲਈ ਸੰਪਰਕ ਕਰੋ: 431-998-8022

* ਜੱਟ ਸਿੱਖ ਲੜਕਾ, ਉੱਮਰ 27 ਸਾਲ, ਕੱਦ 5'11'', ਕੈਨੇਡਾ ਵਿੱਚ ਪੀ ਆਰ ਹੈ ਅਤੇ ਚੰਗੀ ਜੋਬ ਕਰਦੇ ਲੜਕੇ ਲਈ ਪੜੀ ਲਿਖੀ ਅਤੇ ਘਰੇਲੂ ਲੜਕੀ ਦੀ ਲੋੜ ਹੈ। ਸਟੂਡੈਂਟ ਵੀ ਸੰਪਰਕ ਕਰ ਸਕਦੇ ਹਨ। ਓਹੀ ਸੰਪਰਕ ਕਰਨ ਜੋ ਲੜਕੇ ਦੇ ਦੁਬਈ ਰਹਿੰਦੇ ਭਰਾ ਦਾ ਕੈਨੇਡਾ ਰਿਸ਼ਤਾ ਕਰਵਾ ਸਕਣ। ਕਾਲ ਕਰੋ ਲੋਕਲ: (587)-936-0127 ਜਾਂ ਇੰਡੀਆ: +91-94179-16049

* ਜੱਟ ਸਿੱਖ ਲੜਕਾ, ਉੱਮਰ 28 ਸਾਲ, ਕੱਦ 5'7'', ਕੈਨੇਡਾ ਵਿੱਚ ਵਰਕ ਪਰਮਿਟ ਤੇ ਰਹਿ ਰਿਹਾ ਅਤੇ ਚੰਗੀ ਜੋਬ ਕਰਦੇ ਲੜਕੇ ਲਈ ਪੀ ਆਰ ਜਾਂ ਸਿਟੀਜਨ , ਪੜੀ ਲਿਖੀ ਅਤੇ ਘਰੇਲੂ ਲੜਕੀ ਦੀ ਲੋੜ ਹੈ। ਲੜਕੇ ਦਾ ਸਾਰਾ ਪਰਿਵਾਰ ਕੇਨੈਡਾ ਵਿੱਚ ਪੀ ਆਰ ਅਤੇ ਵਧੀਆ ਸੈਟਲਡ ਹੈ। ਪੰਜਾਬ ਤੋਂ ਮਾਝੇ ਜਿਲ੍ਹੇਂ ਨੂੰ ਪਹਿਲ ਦਿੱਤੀ ਜਾਵੇਗੀ। ਕਾਲ ਕਰੋ: 716-536-1939 ਜਾਂ ਵਟਸਐਪ ਕਰੋ: +91-98144-90449

ਇਕਲੌਤਾ ਲੜਕਾ ਅਰੋੜਾ ਖੱਤਰੀ ਸਿੰਘ, ਵੈਸ਼ਨੂੰ ਪਰਿਵਾਰ, ਪੂਰਨ ਗੁਰ ਸਿੱਖ, ਉਮਰ 24 ਸਾਲ, ਕੱਦ 5 ਫੁਟ 7 ਇੰਚ, ਇੰਗਲੈਂਡ ਦਾ ਚਾਰ ਸਾਲ ਦਾ ਸਟੱਡੀ ਵੀਜ਼ਾ ਮਿਲਿਆ ਹੋਇਆ ਹੈ, ਲਈ ਲੜਕੀ ਦੀ ਲੋੜ ਹੈ। ਮਾਤਾ ਆਸਟ੍ਰੇਲੀਆ ਵਿਚ ਨੈਨੀ ਬੇਸ 'ਤੇ ਗਈ ਹੈ, 2 ਸਾਲ ਦਾ ਵਰਕ ਪਰਮਿਟ। ਪਿਤਾ ਕਰੰਸੀ ਬਦਲੀ ਦਾ ਕੰਮ ਕਰਦਾ ਹੈ, ਪੰਜ ਦੁਕਾਨਾਂ ਕਿਰਾਏ ਉਤੇ ਹਨ, ਰੋਜ਼ ਦੀ 5000 ਆਮਦਨ। ਮੋਗਾ ਇਲਾਕੇ ਨੂੰ ਪਹਿਲ। ਸੰਪਰਕ : ਕੈਪਟਨ ਇਕਬਾਲ ਸਿੰਘ 647-631-9445

Check our Free E-paper at: www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

## ਲੜਕੇ ਦੀ ਲੋੜ

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

ਜੱਟ ਸਿੱਖ ਗਿਲ ਲੜਕੀ, ਜਨਮ 1991, ਕੱਦ 5'-4'', Btech Electrical, ਕੈਨੇਡੀਅਨ ਪੀ ਆਰ ਲਈ ਗੁਰਸਿੱਖ, ਪੜੇ ਲਿੱਖੇ ਅਤੇ ਸੈਟਲਡ ਲੜਕੇ ਦੀ ਲੋੜ ਹੈ। ਲੜਕੀ ਦਾ ਸਾਰਾ ਪਰਿਵਾਰ ਇੰਡੀਆ ਵਿੱਚ ਰਹਿੰਦਾ ਹੈ। ਇੰਡੀਆ ਰਹਿੰਦੇ ਲੜਕੇ ਵੀ ਸੰਪਰਕ ਕਰ ਸਕਦੇ ਹਨ। ਸੰਪਰਕ ਕਰੋ: +91-94640-34653

Seeking a suitable match for Canadian born punjabi tonk kshatriya girl, 35 yrs old, 5'3", educated in accounting. Boy should be vegetarian and educated. No caste bar. Please send complete biodata and pictures at: canadian.alliance@yahoo.ca

ਸਿੱਖ ਲੜਕੀ, ਉਮਰ 24 ਸਾਲ, ਕੱਦ 5 ਫੁਟ 3 ਇੰਚ, ਇੰਡੀਆ ਵਿਚ ਰਹਿੰਦੀ, ਯੋਗਤਾ ਐਮ.ਕਾਮ. ਤੇ ਕਾਲਜ ਵਿਚ ਲੈਕਚਰਾਰ ਦੀ ਨੌਕਰੀ ਕਰ ਰਹੀ ਹੈ। ਨੈਨੀ ਦਾ ਕੋਰਸ ਕੀਤਾ ਹੋਇਆ ਹੈ। ਰੰਗ ਸਾਫ਼, ਸੋਹਣੀ ਸੁਨੱਖੀ ਲੜਕੀ ਲਈ ਕੈਨੇਡੀਅਨ ਪੀ.ਆਰ. ਸਿੱਖ ਲੜਕੇ ਦੀ ਲੋੜ ਹੈ। ਜਾਤੀ ਬੰਧਨ ਨਹੀਂ। ਲੜਕੀ ਦੇ ਭੂਆ ਜੀ ਕੈਨੇਡਾ ਵਿਚ ਸੈਟਲਡ ਹਨ। ਸੰਪਰਕ: 905-749-1654

Beautiful,well educated, 28 years old Punjabi Lubana girl, BSc software engineering from London England,project management from Canada,currently working with Suncor Company,PR IN CANADA. Looking for Sikh Sardar well educated Boy,cast no Bar,from Canada. Contact number 3238 470 404

**"Jat Sikh family seeking suitable match for their daughter 37 year 6 ft. tall, well versed with both cultures. Born & raised in Canada, did her medicine degree & residency (double in Emergency & Internal Medicine) in USA. A green card holder and willing to come to Canada as the opportune prevail. Please contact (519) 351-8043 or B200348@gmail.com"**

Seeking a suitable match for Canadian born punjabi tonk kshatriya girl, 36 yrs old, 5'3", educated in accounting. Boy should be vegetarian and educated. No caste bar. Please send complete biodata and pictures at: canadian.alliance@yahoo.ca

ਜੱਟ ਸਿੱਖ ਲੜਕੀ, 35 ਸਾਲ, ਕੱਦ 5'3'', ਵਿਜੀਟਰ ਵੀਜ਼ੇ ਤੇ ਆਈ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਪੀ ਆਰ ਲੜਕੇ ਦੀ ਲੋੜ ਹੈ। ਕਾਲ 647-456-1772


Check our Free E-paper at: www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202
ਕੈਨੇਡੀਅਨ ਪੰਜਾਬੀ ਪੋਸਟ

## WANTED

Panjabi Nannies, Caregivers, Cleaning ladies and Cooks for GTA. Please contact at the earliest at: 416-275-7010

A/Z CITY DRIVER WANTED
INNOVATION Transportation
◦A/Z City Drivers Needed
◦Good Pay and good Mileage
◦Day, Afternoon & Weekend Shifts
◦Weekly Pay
$22 /Hour
◦7 Days Work ◦All Shifts Available
Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ
Call : 416- 268-9952
70 Delta Park Blvd, Unit # 4, Brampton

UPPAL LAW

AVTAR UPPAL Manager
IMMIGRATION SERVICES
* Visitor Visa
* Super Visa
* Study,Work,Visitor Extension Visa
* Spousal Applications
* Family Sponsorship
* Permanent Residence Card Renewal
* Citizenship Application
* All Invitation Letters
OTHER PRACTICES
* Criminal Law
* Family Law
* Power of Attorney
* Change of Name
* Notarization
* Travel Consent
* Affidavit
* Landlord and Tenant Matters

AMAN UPPAL Barrister,Solicitor
FREE Consultation
Tel: 905-500-1507
351 Parkhurst Square, # 16, Brampton,ON L6T 0C2, Fax: 905-672-7848
* PRIOR APPOINTMENT NECESSARY

